@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Monday, 9 March 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸੋਮਵਾਰ 9 ਮਾਰਚ 2026, 24 ਫੱਗਣ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 123, qpatrika@gmail.com ਫੋਨ : 9971359517 www.qaumipatrika.org

# ਭਾਰਤੀ ਕ੍ਰਿਕਟ ਟੀਮ ਨੇ 3 ਵਾਰ ਆਪਣੇ ਨਾਂ ਕੀਤਾ ਟੀ20 ਵਿਸ਼ਵ ਕੱਪ
# ਪ੍ਰਧਾਨ ਮੰਤਰੀ ਮੋਦੀ ਨੇ ਟੀਮ ਨੂੰ ਦੱਸਿਆ 'ਚੈਂਪੀਅਨਜ਼'

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤੀ ਕ੍ਰਿਕਟ ਟੀਮ ਨੂੰ ਆਈਸੀਸੀ ਪੁਰਸ਼ ਟੀ-20 ਵਿਸ਼ਵ ਕੱਪ ਜਿੱਤਣ 'ਤੇ ਸ਼ਾਨਦਾਰ ਵਧਾਈ ਦਿੱਤੀ ਹੈ। ਉਨ੍ਹਾਂ ਨੇ ਟੀਮ ਦੀ ਇਸ ਪ੍ਰਾਪਤੀ ਨੂੰ ਇਤਿਹਾਸਕ ਦੱਸਦਿਆਂ ਖਿਡਾਰੀਆਂ ਦੇ ਜਜ਼ਬੇ ਦੀ ਸ਼ਲਾਘਾ ਕੀਤੀ ਹੈ। ਪ੍ਰਧਾਨ ਮੰਤਰੀ ਨੇ ਸੋਸ਼ਲ ਮੀਡੀਆ ਰਾਹੀਂ ਆਪਣੀ ਖੁਸ਼ੀ ਸਾਂਝੀ ਕਰਦਿਆਂ ਲਿਖਿਆ, ÷ਚੈਂਪੀਅਨਜ਼! ਭਾਰਤੀ ਟੀਮ ਨੂੰ ਆਈਸੀਸੀ ਪੁਰਸ਼ ਟੀ-20 ਵਿਸ਼ਵ ਕੱਪ ਜਿੱਤਣ 'ਤੇ ਬਹੁਤ-ਬਹੁਤ ਮੁਬਾਰਕਾਂ।÷ ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਜਿੱਤ ਖਿਡਾਰੀਆਂ ਦੇ ਬੇਮਿਸਾਲ ਹੁਨਰ, ਦ੍ਰਿੜ ਇਰਾਦੇ ਅਤੇ ਮਜ਼ਬੂਤ ਟੀਮ ਵਰਕ ਦਾ ਪ੍ਰਤੀਕ ਹੈ। ਪੀਐਮ ਮੋਦੀ ਨੇ ਅੱਗੇ ਕਿਹਾ ਕਿ ਪੂਰੇ ਟੂਰਨਾਮੈਂਟ ਦੌਰਾਨ ਭਾਰਤੀ ਟੀਮ ਨੇ ਸ਼ਾਨਦਾਰ ਹਿੰਮਤ ਅਤੇ ਜਜ਼ਬਾ ਦਿਖਾਇਆ ਹੈ। ਉਨ੍ਹਾਂ ਅਨੁਸਾਰ ਇਸ ਜਿੱਤ ਨੇ ਹਰ ਭਾਰਤੀ ਦੇ ਦਿਲ ਨੂੰ ਮਾਣ ਅਤੇ ਖੁਸ਼ੀ ਨਾਲ ਭਰ ਦਿੱਤਾ ਹੈ। ਉਨ੍ਹਾਂ ਨੇ ਆਪਣੇ ਸੰਦੇਸ਼ ਦੇ ਅਖੀਰ ਵਿੱਚ ਟੀਮ ਇੰਡੀਆ ਨੂੰ ਸ਼ਾਬਾਸ਼ੀ ਦਿੰਦਿਆਂ 'ਵੈੱਲ ਡਨ' ਵੀ ਕਿਹਾ। ਅਮਿਤ ਸ਼ਾਹ ਨੇ ਵਿਸ਼ਵ ਚੈਂਪੀਅਨ ਬਣੀ ਟੀਮ ਇੰਡੀਆ ਨੂੰ ਸ਼ਾਨਦਾਰ ਜਿੱਤ ਲਈ ਵਧਾਈ ਦਿੱਤੀ ਹੈ। ਆਪਣੇ ਸੋਸ਼ਲ ਮੀਡੀਆ ਸੁਨੇਹੇ ਵਿੱਚ ਉਨ੍ਹਾਂ ਕਿਹਾ ਕਿ ਟੂਰਨਾਮੈਂਟ ਦੌਰਾਨ ਟੀਮ ਦਾ ਬੇਹਤਰੀਨ ਪ੍ਰਦਰਸ਼ਨ ਅਤੇ ਦਿਲੇਰੀ ਭਰੀ ਖੇਡ ਦੇਸ਼ ਲਈ ਮਾਣ ਅਤੇ ਸ਼ਾਨ ਲੈ ਕੇ ਆਈ ਹੈ। ਉਨ੍ਹਾਂ ਟਵੀਟ ਕਰਦੇ ਹੋਏ ਲਿਖਿਆ ਕਿ ਟੀਮ ਦੀ ਇਹ ਜਿੱਤ ਹਰ ਭਾਰਤੀ ਲਈ ਮਾਣ ਵਾਲਾ ਪਲ ਹੈ। ਉਨ੍ਹਾਂ ਨੇ ਪੂਰੀ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਖਿਡਾਰੀਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ ਅਤੇ ਹਰ ਭਾਰਤੀ ਨੂੰ ਮਾਣ ਮਹਿਸੂਸ ਕਰਵਾਇਆ ਹੈ। ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਭਾਰਤ ਅਤੇ ਨਿਊਜ਼ੀਲੈਂਡ ਵਿਚਾਲੇ ਆਈਸੀਸੀ ਪੁਰਸ਼ ਟੀ-20 ਵਿਸ਼ਵ ਕੱਪ 2026 ਦਾ ਫਾਈਨਲ ਮੈਚ ਖੇਡਿਆ ਗਿਆ। ਭਾਰਤ ਨੇ ਟਾਸ ਹਾਰ ਕੇ ਪਹਿਲਾਂ ਬੱਲੇਬਾਜ਼ੀ ਕਰਦਿਆਂ 255 ਦੌੜਾਂ ਬਣਾ ਕੇ ਕੀਵੀ ਖਿਡਾਰੀਆਂ ਨੂੰ 256 ਦੌੜਾਂ ਦਾ ਟੀਚਾ ਦਿੱਤਾ ਪਰ ਭਾਰਤੀ ਕ੍ਰਿਕਟ ਟੀਮ ਦੀ ਤੂਫਾਨੀ ਗੇਂਦਬਾਜ਼ੀ ਮੋਹਰੇ ਕੀਵੀ ਖਿਡਾਰੀ ਤਾਸ਼ ਦੇ ਪੱਤਿਆਂ ਵਾਂਗ ਬਿਖਰ ਗਏ। ਕੀਵੀ ਖਿਡਾਰੀ ਵਿਸ਼ਾਲ ਭਾਰਤੀ ਟੀਚੇ ਮੋਹਰੇ ਸਿਰਫ 159 ਦੌੜਾਂ ਹੀ ਬਣਾ ਸਕੀ। ਇਸ ਦੇ ਨਾਲ ਹੀ ਭਾਰਤੀ ਕ੍ਰਿਕਟ ਟੀਮ ਨੇ ਆਈਸੀਸੀ ਟੀ20 ਵਿਸ਼ਵ ਕੱਪ ਦਾ ਤੀਸਰਾ ਅਤੇ ਲਗਾਤਾਰ ਦੂਜਾ ਵਿਸ਼ਵ ਕੱਪ ਆਪਣੇ ਨਾਂ ਕਰ ਲਿਆ। ਇਸ ਤੋਂ ਪਹਿਲਾਂ ਭਾਰਤ ਨੇ ਆਈਸੀਸੀ ਪੁਰਸ਼ ਟੀ-20 ਵਿਸ਼ਵ ਕੱਪ ਦੋ ਵਾਰ, 2007 ਅਤੇ 2024 ਵਿੱਚ ਜਿੱਤਿਆ ਹੈ। 2007 ਦੀ ਜਿੱਤ: ਭਾਰਤ ਨੇ ਐਮ.ਐਸ. ਧੋਨੀ ਦੀ ਕਪਤਾਨੀ ਹੇਠ ਪਹਿਲਾ ਟੀ-20 ਵਿਸ਼ਵ ਕੱਪ ਜਿੱਤਿਆ ਸੀ। ਜੋਹਾਨਸਬਰਗ ਵਿੱਚ ਹੋਏ ਫਾਈਨਲ ਮੁਕਾਬਲੇ ਵਿੱਚ ਭਾਰਤ ਨੇ ਪਾਕਿਸਤਾਨ ਨੂੰ 5 ਦੌੜਾਂ ਨਾਲ ਹਰਾਇਆ ਸੀ। 2024 ਦੀ ਜਿੱਤ: ਭਾਰਤ ਨੇ ਆਪਣਾ ਦੂਜਾ ਖਿਤਾਬ ਰੋਹਿਤ ਸ਼ਰਮਾ ਦੀ ਅਗਵਾਈ ਵਿੱਚ ਜਿੱਤਿਆ। ਬਾਰਬਾਡੋਸ ਵਿੱਚ ਹੋਏ ਫਾਈਨਲ ਵਿੱਚ ਭਾਰਤ ਨੇ ਦੱਖਣੀ ਅਫਰੀਕਾ ਨੂੰ 7 ਦੌੜਾਂ ਨਾਲ ਮਾਤ ਦਿੱਤੀ। ਇਸ ਜਿੱਤ ਦੇ ਨਾਲ, ਭਾਰਤ ਇੱਕ ਵੀ ਮੈਚ ਹਾਰੇ ਬਿਨਾਂ ਟੂਰਨਾਮੈਂਟ ਜਿੱਤਣ ਵਾਲੀ ਪਹਿਲੀ ਟੀਮ ਬਣ ਗਈ। ਆਈਸੀਸੀ ਪੁਰਸ਼ ਟੀ-20 ਵਿਸ਼ਵ ਕੱਪ 2026 ਦੇ ਖ਼?ਤਾਬੀ ਮੁਕਾਬਲੇ ਤੋਂ ਪਹਿਲਾਂ ਭਾਰਤੀ ਟੀਮ ਦੇ ਸਾਬਕਾ ਦਿੱਗਜ ਸਲਾਮੀ ਬੱਲੇਬਾਜ਼ ਵਰਿੰਦਰ ਸਹਿਵਾਗ ਨੇ ਟੀਮ ਇੰਡੀਆ ਦੇ ਬੱਲੇਬਾਜ਼ੀ ਕ੍ਰਮ ਵਿੱਚ ਇੱਕ ਵੱਡੇ ਬਦਲਾਅ ਦੀ ਸਲਾਹ ਦਿੱਤੀ ਹੈ। ਸਹਿਵਾਗ ਦਾ ਮੰਨਣਾ ਹੈ ਕਿ ਲਗਾਤਾਰ ਖ਼ਰਾਬ ਫਾਰਮ ਨਾਲ ਜੂਝ ਰਹੇ ਅਭਿਸ਼ੇਕ ਸ਼ਰਮਾ ਨੂੰ ਟੀਮ ਤੋਂ ਬਾਹਰ ਕਰਨ ਦੀ ਬਜਾਏ ਉਨ੍ਹਾਂ ਦੀ ਭੂਮਿਕਾ ਬਦਲਣੀ ਚਾਹੀਦੀ ਹੈ। ਸਹਿਵਾਗ ਨੇ ਸੁਝਾਅ ਦਿੱਤਾ ਹੈ ਕਿ ਨਿਊਜ਼ੀਲੈਂਡ ਵਿਰੁੱਧ ਫਾਈਨਲ ਵਿੱਚ ਈਸ਼ਾਨ ਕਿਸ਼ਨ ਅਤੇ ਸੰਜੂ ਸੈਮਸਨ ਨੂੰ ਪਾਰੀ ਦੀ ਸ਼ੁਰੂਆਤ ਕਰਨੀ ਚਾਹੀਦੀ ਹੈ, ਜਦਕਿ ਅਭਿਸ਼ੇਕ ਸ਼ਰਮਾ ਨੂੰ ਨੰਬਰ-3 'ਤੇ ਬੱਲੇਬਾਜ਼ੀ ਲਈ ਭੇਜਿਆ ਜਾਣਾ ਚਾਹੀਦਾ ਹੈ।






# ਨਿਤੀਸ਼ ਕੁਮਾਰ ਦੇ ਰਾਜ ਸਭਾ ਜਾਣ ਨਾਲ ਜੇਡੀਯੂ 'ਚ ਬੇਚੈਨੀ, ਵਰਕਰਾਂ ਨੇ ਪ੍ਰਗਟਾਈ ਨਾਰਾਜ਼ਗੀ

ਪਟਨਾ 8 ਮਾਰਚ। ਬਿਹਾਰ ਦੇ ਮੁੱਖ ਮੰਤਰੀ ਅਤੇ ਜਨਤਾ ਦਲ ਯੂਨਾਈਟਿਡ (ਜੇਡੀਯੂ) ਦੇ ਮੁਖੀ ਨਿਤੀਸ਼ ਕੁਮਾਰ ਦੇ ਰਾਜ ਸਭਾ ਸੀਟ ਮੰਗਣ ਦੇ ਫੈਸਲੇ ਤੋਂ ਬਾਅਦ ਪਾਰਟੀ ਦੇ ਅੰਦਰ ਬੇਚੈਨੀ ਅਤੇ ਅਸੰਤੁਸ਼ਟੀ ਦੀਆਂ ਆਵਾਜ਼ਾਂ ਉੱਠੀਆਂ ਹਨ। ਕਈ ਵਰਕਰਾਂ ਨੇ ਉਨ੍ਹਾਂ ਨੂੰ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਹੈ। ਵਰਕਰ ਤਖ਼ਤੀਆਂ ਫੜੇ ਹੋਏ ਹਨ ਅਤੇ ਨਿਤੀਸ਼ ਕੁਮਾਰ ਨੂੰ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕਰ ਰਹੇ ਹਨ। ਇੱਕ ਵਰਕਰ ਨੇ ਕਿਹਾ, ਮੈਨੂੰ ਕਿਸੇ ਸਾਜ਼ਿਸ਼ ਬਾਰੇ ਪਤਾ ਨਹੀਂ, ਜਿਸ ਕਾਰਨ ਇੰਨਾ ਸਖ਼ਤ ਫੈਸਲਾ ਲਿਆ ਗਿਆ। ਪਰ ਮੈਂ ਇੱਥੇ ਆਪਣੇ ਨੇਤਾ ਦੇ ਬਿਹਾਰ ਛੱਡਣ ਦੇ ਫੈਸਲੇ 'ਤੇ ਆਪਣੀ ਪੀੜਾ ਪ੍ਰਗਟ ਕਰਨ ਆਇਆ ਹਾਂ। ਅਸੀਂ ਅਨਾਥ ਮਹਿਸੂਸ ਕਰਦੇ ਹਾਂ। ਸੂਬਾ ਉਨ੍ਹਾਂ ਦਾ ਕਰਜ਼ਦਾਰ ਹੈ ਅਤੇ ਉਨ੍ਹਾਂ ਨੂੰ ਸਾਨੂੰ ਇਸ ਤਰ੍ਹਾਂ ਮੁਸੀਬਤ ਵਿੱਚ ਨਹੀਂ ਛੱਡਣਾ ਚਾਹੀਦਾ। ਜੇਡੀਯੂ ਦੇ ਬੁਲਾਰੇ ਅਤੇ ਵਿਧਾਨ ਪ੍ਰੀਸ਼ਦ ਮੈਂਬਰ ਨੀਰਜ ਕੁਮਾਰ ਨੇ ਪਾਰਟੀ ਅੰਦਰ ਚੱਲ ਰਹੇ ਹੰਗਾਮੇ ਬਾਰੇ ਬੋਲਦਿਆਂ ਕਿਹਾ ਕਿ ਪਾਰਟੀ ਵਰਕਰਾਂ ਦਾ ਪਰੇਸ਼ਾਨ ਹੋਣਾ ਸੁਭਾਵਿਕ ਹੈ। ਉਨ੍ਹਾਂ ਕਿਹਾ, ਆਪਣੀ ਪੀੜ ਵਿੱਚੋਂ ਉਹ ਹਰ ਤਰ੍ਹਾਂ ਦੀਆਂ ਗੱਲਾਂ ਕਹਿ ਰਹੇ ਹਨ। ਮੈਨੂੰ ਨਹੀਂ ਲੱਗਦਾ ਕਿ ਨਿਤੀਸ਼ ਕੁਮਾਰ ਅਜਿਹੇ ਨੇਤਾ ਹਨ ਜਿਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੇ ਦਬਾਅ ਹੇਠ ਫੈਸਲੇ ਲੈਣ ਲਈ ਮਜਬੂਰ ਕੀਤਾ ਜਾ ਸਕਦਾ ਹੈ। ਹਾਲਾਂਕਿ, ਪਾਰਟੀ ਦੀ ਸਿਖਰਲੀ ਲੀਡਰਸ਼ਿਪ ਨੂੰ ਵਰਕਰਾਂ ਦੇ ਗੁੱਸੇ ਨੂੰ ਸ਼ਾਂਤ ਕਰਨਾ ਚਾਹੀਦਾ ਹੈ। ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਮੌਜੂਦਾ ਮੰਤਰੀ ਡਾ. ਦਿਲੀਪ ਜੈਸਵਾਲ ਨੇ ਜੇਡੀਯੂ ਵਰਕਰਾਂ ਦੇ ਇੱਕ ਹਿੱਸੇ ਵੱਲੋਂ ਲਗਾਏ ਗਏ ਦੋਸ਼ਾਂ 'ਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਉਨ੍ਹਾਂ ਕਿਹਾ, ਅਸੀਂ ਨਿਤੀਸ਼ ਕੁਮਾਰ ਦੇ ਫੈਸਲੇ ਦਾ ਸਤਿਕਾਰ ਕਰਦੇ ਹਾਂ। ਰਾਜ ਸਭਾ ਲਈ ਉਨ੍ਹਾਂ ਦੀ ਚੋਣ ਤੋਂ ਬਾਅਦ ਬਣਨ ਵਾਲੀ ਨਵੀਂ ਸਰਕਾਰ ਦੀ ਪ੍ਰਕਿਰਤੀ ਦਾ ਫੈਸਲਾ ਸਿਖਰਲੀ ਲੀਡਰਸ਼ਿਪ ਕਰੇਗੀ। ਉਨ੍ਹਾਂ ਇਹ ਵੀ ਕਿਹਾ ਕਿ ਉਹ ਮੁੱਖ ਮੰਤਰੀ ਅਹੁਦੇ ਦੀ ਦੌੜ ਵਿੱਚ ਨਹੀਂ ਹਨ। ਇਸ ਦੌਰਾਨ ਜੇਡੀਯੂ ਦੇ ਇੱਕ ਸੀਨੀਅਰ ਆਗੂ ਨੇ ਕਿਹਾ ਕਿ ਦੇਰ ਸ਼ਾਮ ਮੁੱਖ ਮੰਤਰੀ ਦੇ ਨਿਵਾਸ ਸਥਾਨ 'ਤੇ ਵਿਧਾਇਕ ਦਲ ਦੀ ਇੱਕ ਮੀਟਿੰਗ ਬੁਲਾਈ ਗਈ ਹੈ, ਜਿੱਥੇ ਹਾਲ ਹੀ ਦੇ ਘਟਨਾਕ੍ਰਮ 'ਤੇ ਚਰਚਾ ਕੀਤੀ ਜਾਵੇਗੀ ਅਤੇ ਨਿਤੀਸ਼ ਕੁਮਾਰ ਦੇ ਪੁੱਤਰ ਨਿਸ਼ਾਂਤ ਨੂੰ ਪਾਰਟੀ ਵਿੱਚ ਦਿੱਤੀ ਜਾਣ ਵਾਲੀ ਭੂਮਿਕਾ ਬਾਰੇ ਫੈਸਲਾ ਲਿਆ ਜਾ ਸਕਦਾ ਹੈ। ਹਾਲ ਹੀ ਵਿੱਚ ਪਾਰਟੀ ਨੇ ਐਲਾਨ ਕੀਤਾ ਸੀ ਕਿ ਨਿਤੀਸ਼ ਕੁਮਾਰ ਆਪਣੇ ਇਕਲੌਤੇ ਪੁੱਤਰ ਨਿਸ਼ਾਂਤ ਨੂੰ ਰਾਜਨੀਤੀ ਵਿੱਚ ਉਤਾਰਨ ਲਈ ਸਹਿਮਤ ਹੋ ਗਏ ਹਨ।

## ਹੈਦਰਾਬਾਦ ਦੇ ਮੌਸਮ ਵਿਭਾਗ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ

ਹੈਦਰਾਬਾਦ 8 ਮਾਰਚ। ਹੈਦਰਾਬਾਦ ਸਥਿਤ ਭਾਰਤੀ ਮੌਸਮ ਵਿਭਾਗ ਦੇ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਵਾਲੀ ਇਕ ਈਮੇਲ ਮਿਲਣ ਤੋਂ ਬਾਅਦ ਇਲਾਕੇ ਵਿੱਚ ਹੜਕੰਪ ਮਚ ਗਿਆ। ਇਸ ਧਮਕੀ ਤੋਂ ਬਾਅਦ ਦਫ਼ਤਰ ਵਿੱਚ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ, ਪਰ ਬਾਅਦ ਵਿੱਚ ਜਾਂਚ ਦੌਰਾਨ ਇਹ ਸਿਰਫ਼ ਇਕ ਅਫਵਾਹ ਸਾਬਤ ਹੋਈ। ਪੁਲਸ ਅਨੁਸਾਰ, ਇਹ ਧਮਕੀ ਭਰੀ ਈਮੇਲ ਸ਼ੁੱਕਰਵਾਰ ਸਵੇਰੇ ਲਗਭਗ 6:30 ਵਜੇ ਦਫ਼ਤਰ ਦੀ ਅਧਿਕਾਰਤ ਈਮੇਲ ਆਈਡੀ 'ਤੇ ਭੇਜੀ ਗਈ ਸੀ। ਦਫ਼ਤਰ ਦੇ ਕਰਮਚਾਰੀਆਂ ਨੇ ਇਸ ਨੂੰ ਸਵੇਰੇ 9:30 ਵਜੇ ਦੇਖਿਆ ਅਤੇ ਤੁਰੰਤ ਉੱਚ ਅਧਿਕਾਰੀਆਂ ਅਤੇ ਪੁਲਿਸ ਨੂੰ ਸੂਚਿਤ ਕੀਤਾ। ਈਮੇਲ 'ਚ ਦਾਅਵਾ ਕੀਤਾ ਗਿਆ ਸੀ ਕਿ ਆਈਐੱਮਡੀ (9$4) ਦਫ਼ਤਰ ਵਿੱਚ ਛੇ ਵੱਖ-ਵੱਖ ਥਾਵਾਂ 'ਤੇ ਬੰਬ ਰੱਖੇ ਗਏ ਹਨ, ਜੋ ਜਲਦੀ ਹੀ ਫਟ ਜਾਣਗੇ। ਸੂਚਨਾ ਮਿਲਦੇ ਹੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਡੂੰਘਾਈ ਨਾਲ ਤਲਾਸ਼ੀ ਲਈ, ਪਰ ਕੋਈ ਵੀ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ, ਜਿਸ ਤੋਂ ਬਾਅਦ ਇਸ ਧਮਕੀ ਨੂੰ ਫਰਜ਼ੀ ਐਲਾਨ ਦਿੱਤਾ ਗਿਆ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਈਮੇਲ ਭੇਜਣ ਵਾਲੇ ਵਿਅਕਤੀ ਦਾ ਪਤਾ ਲਗਾਉਣ ਲਈ ਜਾਂਚ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਪਿਛਲੇ ਮਹੀਨੇ ਹੈਦਰਾਬਾਦ 'ਚ ਹੀ ਸੀਬੀਆਈ (329) ਅਦਾਲਤ ਅਤੇ ਤੇਲੰਗਾਨਾ ਹਾਈ ਕੋਰਟ ਨੂੰ ਵੀ ਅਜਿਹੀਆਂ ਹੀ ਬੰਬ ਨਾਲ ਉਡਾਉਣ ਦੀਆਂ ਝੂਠੀਆਂ ਧਮਕੀਆਂ ਮਿਲ ਚੁੱਕੀਆਂ ਹਨ।

## ਸੁਖਬੀਰ ਬਾਦਲ ਨੇ ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦੇ ਉਪ-ਰਾਜਪਾਲ ਨਿਯੁਕਤ ਹੋਣ 'ਤੇ ਦਿੱਤੀਆਂ ਵਧਾਈਆਂ

ਚੰਡੀਗੜ੍ਹ 8 ਮਾਰਚ। ਸ਼ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦੇ ਉਪ-ਰਾਜਪਾਲ ਨਿਯੁਕਤ ਹੋਣ 'ਤੇ ਵਧਾਈ ਦਿੱਤੀ ਹੈ। ਉਨ੍ਹਾਂ ਨੇ ਸੰਧੂ ਨੂੰ ਆਪਣਾ ਅਜੀਜ਼ ਦੋਸਤ ਦੱਸਦਿਆਂ ਭਰੋਸਾ ਜਤਾਇਆ ਕਿ ਉਹ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਸੁਖਬੀਰ ਨੇ ਆਖਿਆ ਕਿ ਉਨ੍ਹਾਂ ਨੇ ਹਮੇਸ਼ਾ ਇਕ ਪ੍ਰਤਿਭਾਸ਼ਾਲੀ ਡਿਪਲੋਮੈਟ ਵਜੋਂ ਦੇਸ਼ ਦੀ ਸੇਵਾ ਕੀਤੀ ਤੇ ਪੰਜਾਬੀਆਂ ਦਾ ਸਿਰ ਉੱਚਾ ਕੀਤਾ। ਉਨ੍ਹਾਂ ਨੇ ਤਰਨਜੀਤ ਸੰਧੂ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ। ਸੁਖਬੀਰ ਸਿੰਘ ਬਾਦਲ ਨੇ ਸੋਸ਼ਲ ਮੀਡੀਆ 'ਤੇ ਲਿਖਿਆ, ਅਜੀਜ਼ ਦੋਸਤ ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦੇ ਉਪ ਰਾਜਪਾਲ ਵਜੋਂ ਨਿਯੁਕਤ ਹੋਣ 'ਤੇ ਵਧਾਈ ਦਿੰਦਾ ਹਾਂ। ਇਕ ਪ੍ਰਤਿਭਾਸ਼ਾਲੀ ਡਿਪਲੋਮੈਟ ਵਜੋਂ ਤਰਨਜੀਤ ਜੀ ਨੇ ਹਮੇਸ਼ਾ ਸੱਚੀ ਨਿਸ਼ਠਾ ਨਾਲ ਦੇਸ਼ ਦੀ ਸੇਵਾ ਕੀਤੀ ਤੇ ਪੰਜਾਬੀਆਂ ਦਾ ਸਿਰ ਉੱਚਾ ਕੀਤਾ। ਮੈਨੂੰ ਯਕੀਨ ਹੈ ਕਿ ਉਹ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਭਵਿੱਖ ਲਈ ਸ਼ੁਭਕਾਮਨਾਵਾਂ !! ਇੱਥੇ ਦੱਸ ਦਈਏ ਕਿ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਵੀਰਵਾਰ ਨੂੰ 7 ਸੂਬਿਆਂ ਅਤੇ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਨਵੇਂ ਰਾਜਪਾਲ ਅਤੇ ਉਪ ਰਾਜਪਾਲ ਨਿਯੁਕਤ ਕੀਤੇ ਗਏ। ਇਸ ਦੌਰਾਨ ਅੰਮ੍ਰਿਤਸਰ ਦੇ ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦਾ ਨਵਾਂ ਉਪ ਰਾਜਪਾਲ ਨਿਯੁਕਤ ਕੀਤਾ ਗਿਆ। ਉਹ ਐੱਲ.ਜੀ. ਵਿਨੈ ਕੁਮਾਰ ਸਕਸੈਨਾ ਦੀ ਜਗ?ਹਾ ਲੈਣਗੇ। ਸੰਧੂ ਇਕ ਸੀਨੀਅਰ ਭਾਰਤੀ ਡਿਪਲੋਮੈਟ ਰਹਿ ਚੁੱਕੇ ਹਨ ਤੇ ਭਾਰਤੀ ਜਨਤਾ ਪਾਰਟੀ ਵੱਲੋਂ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਚੋਣ ਵੀ ਲੜ ਚੁੱਕੇ ਹਨ।



## ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੂੰ ਉਸ ਦੇ ਅਲਮਾ ਮੈਟਰ IIT (ISM) ਧਨਬਾਦ ਦੁਆਰਾ 'ਸਮਾਜ ਲਈ ਸੇਵਾ ਲਈ ਨਿਰਦੇਸ਼ਕ ਪੁਰਸਕਾਰ' ਨਾਲ ਸਨਮਾਨਿਤ ਕੀਤਾ ਗਿਆ

ਚੰਡੀਗੜ੍ਹ, 8 ਮਾਰਚ: ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ.ਸਿਨਹਾ ਦੇ ਸਨਮਾਨ ਵਿੱਚ ਇੱਕ ਹੋਰ ਪ੍ਰਾਪਤੀ ਜੁੜ ਗਈ ਹੈ। ਉਸ ਨੂੰ ਸਮਾਜ ਦੀ ਸੇਵਾ ਲਈ ਵੱਕਾਰੀ ÷ਸੇਵਾ ਲਈ ਸਮਾਜ ਲਈ ਡਾਇਰੈਕਟਰ ਅਵਾਰਡ÷ ਨਾਲ ਸਨਮਾਨਿਤ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਸਨਮਾਨ ਮੁੱਖ ਸਕੱਤਰ ਨੂੰ ਉਨ੍ਹਾਂ ਦੇ ਅਲਮਾ ਮੈਟਰ ਆਈਆਈਟੀ (ਆਈਐਸਐਮ), ਧਨਬਾਦ ਵੱਲੋਂ ਪ੍ਰਦਾਨ ਕੀਤਾ ਗਿਆ ਹੈ, ਜਿੱਥੋਂ ਉਨ੍ਹਾਂ ਨੇ ਸਾਲ 1989 ਬੈਚ ਵਿੱਚ ਮਾਈਨਿੰਗ ਇੰਜਨੀਅਰਿੰਗ ਵਿੱਚ ਬੀ.ਟੈਕ ਦੀ ਡਿਗਰੀ ਹਾਸਲ ਕੀਤੀ ਸੀ। ਇਹ ਪੁਰਸਕਾਰ ਸ਼੍ਰੀ ਕੇ.ਏ.ਪੀ. ਸਿਨਹਾ ਨੂੰ ਲੋਕ ਸੇਵਾ ਅਤੇ ਸਮਾਜ ਦੇ ਵਿਕਾਸ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਦਿੱਤਾ ਗਿਆ ਹੈ। ਉਨ੍ਹਾਂ ਨੇ ਆਪਣੇ ਪ੍ਰਸ਼ਾਸਨਿਕ ਕਾਰਜਕਾਲ ਦੌਰਾਨ ਲੋਕਾਂ ਦੀ ਸੇਵਾ ਦੇ ਨਾਲ-ਨਾਲ ਸਮਾਜਿਕ ਵਿਕਾਸ ਦੇ ਖੇਤਰ 'ਚ ਵੀ ਅਹਿਮ ਭੂਮਿਕਾ ਨਿਭਾਈ ਹੈ, ਜਿਸ ਕਾਰਨ ਉਨ੍ਹਾਂ ਦੇ ਲੀਡਰਸ਼ਿਪ ਦੇ ਗੁਣ ਸਾਫ਼ ਤੌਰ 'ਤੇ ਸਾਹਮਣੇ ਆਉਂਦੇ ਹਨ ਅਤੇ ਉਹ ਹੋਰਨਾਂ ਲਈ ਪ੍ਰੇਰਨਾ ਸਰੋਤ ਬਣੇ।



## ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੱਤਰਕਾਰ ਰੀਨਾ ਸਲਾਥੀਆ ਨੂੰ ਜਿਊਡੀਸ਼ੀਅਲ ਕੌਂਸਲ ਵੱਲੋਂ ਸਨਮਾਨਿਤ

ਕੌਮੀ ਪਤ੍ਰਿਕਾ

ਨਵੀਂ ਦਿੱਲੀ (ਨਿਊਜ਼ ਵਾਰਤਾ), 8 ਮਾਰਚ: ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਜੰਮੂ ਦੀ ਪੱਤਰਕਾਰ ਰੀਨਾ ਸਲਾਥੀਆ ਨੂੰ ਮਹਿਲਾਵਾਂ ਦੇ ਉਤਥਾਨ ਅਤੇ ਸਮਾਜ ਦੀ ਲਗਾਤਾਰ ਸੇਵਾ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਜਿਊਡੀਸ਼ੀਅਲ ਕੌਂਸਲ ਵੱਲੋਂ ਪ੍ਰਸ਼ੰਸਾ ਪ੍ਰਮਾਣ-ਪੱਤਰ ਪ੍ਰਦਾਨ ਕੀਤਾ ਗਿਆ। ਇਹ ਪ੍ਰਸ਼ੰਸਾ ਪ੍ਰਮਾਣ-ਪੱਤਰ ਰੀਨਾ ਦੇ ਸਮਰਪਿਤ ਕੰਮ ਦੀ ਸਨਮਾਨ ਅਤੇ ਸਰਾਹਨਾ ਦੇ ਤੌਰ 'ਤੇ ਦਿੱਤਾ ਗਿਆ, ਜਿਸ ਰਾਹੀਂ ਉਨ੍ਹਾਂ ਨੇ ਸਮਾਜਿਕ ਮੁੱਦਿਆਂ, ਖ਼ਾਸ ਕਰਕੇ ਮਹਿਲਾ ਸਸ਼ਕਤੀਕਰਨ ਅਤੇ ਜਨ-ਕਲਿਆਣ ਨਾਲ ਜੁੜੇ ਵਿਸ਼ਿਆਂ ਨੂੰ ਪ੍ਰਮੁੱਖਤਾ ਨਾਲ ਉਠਾਇਆ ਹੈ। ਆਪਣੀ ਪੇਸ਼ੇਵਰ ਨਿਸ਼ਠਾ ਅਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਉਨ੍ਹਾਂ ਨੇ ਲਗਾਤਾਰ ਮਹਿਲਾਵਾਂ ਅਤੇ ਸਮਾਜ ਨਾਲ ਸੰਬੰਧਤ ਮਹੱਤਵਪੂਰਨ ਮੁੱਦਿਆਂ ਨੂੰ ਸਾਹਮਣੇ ਲਿਆ ਹੈ। ਜਿਊਡੀਸ਼ੀਅਲ ਕੌਂਸਲ ਨੇ ਮੰਨਿਆ ਕਿ ਪੱਤਰਕਾਰ ਸਮਾਜ ਵਿੱਚ ਜਨ-ਜਾਗਰੂਕਤਾ ਵਧਾਉਣ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਰੀਨਾ ਦੇ ਕੰਮ ਦੀ ਖ਼ਾਸ ਤੌਰ 'ਤੇ ਪ੍ਰਸ਼ੰਸਾ ਕੀਤੀ ਗਈ ਕਿਉਂਕਿ ਉਨ੍ਹਾਂ ਨੇ ਮਹਿਲਾਵਾਂ ਦੀ ਆਵਾਜ਼ ਨੂੰ ਸਾਹਮਣੇ ਲਿਆਉਣ ਅਤੇ ਉਹਨਾਂ ਮੁੱਦਿਆਂ ਨੂੰ ਉਠਾਉਣ ਦੀ ਕੋਸ਼ਿਸ਼ ਕੀਤੀ ਹੈ ਜਿਨ੍ਹਾਂ ਨੂੰ ਅਕਸਰ ਸਮਾਜ ਵਿੱਚ ਅਣਡਿੱਠਾ ਕਰ ਦਿੱਤਾ ਜਾਂਦਾ ਹੈ। ਮਹਿਲਾਵਾਂ ਦੇ ਅਧਿਕਾਰ, ਸਮਾਨਤਾ ਅਤੇ ਸਮਾਜਿਕ ਨਿਆਂ ਨਾਲ ਜੁੜੇ ਵਿਸ਼ਿਆਂ ਨੂੰ ਕਵਰ ਕਰਕੇ ਉਨ੍ਹਾਂ ਨੇ ਜਾਗਰੂਕਤਾ ਫੈਲਾਉਣ ਅਤੇ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ ਹੈ। ਜਿਊਡੀਸ਼ੀਅਲ ਕੌਂਸਲ ਦੇ ਚੇਅਰਮੈਨ ਸ਼੍ਰੀ ਰਾਜੀਵ ਅਗਨਿਹੋਤਰੀ ਨੇ ਰੀਨਾ ਨੂੰ ਪ੍ਰਸ਼ੰਸਾ ਪ੍ਰਮਾਣ-ਪੱਤਰ ਪ੍ਰਾਪਤ ਕਰਨ 'ਤੇ ਵਧਾਈ ਦਿੱਤੀ ਅਤੇ ਪੱਤਰਕਾਰਤਾ ਅਤੇ ਸਮਾਜ ਸੇਵਾ ਪ੍ਰਤੀ ਉਨ੍ਹਾਂ ਦੇ ਸਮਰਪਣ ਦੀ ਸਰਾਹਨਾ ਕੀਤੀ। ਉਨ੍ਹਾਂ ਨੇ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਵਰਗੇ ਮਹੱਤਵਪੂਰਨ ਮੌਕੇ 'ਤੇ ਰੀਨਾ ਵਰਗੀਆਂ ਮਹਿਲਾਵਾਂ ਨੂੰ ਸਨਮਾਨਿਤ ਕਰਨਾ ਉਹਨਾਂ ਵਿਅਕਤੀਆਂ ਦੇ ਯੋਗਦਾਨ ਨੂੰ ਮੰਨਤਾ ਦੇਣ ਦਾ ਇੱਕ ਅਰਥਪੂਰਨ ਤਰੀਕਾ ਹੈ, ਜੋ ਸਮਾਜ ਵਿੱਚ ਮਹਿਲਾਵਾਂ ਦੀ ਤਰੱਕੀ ਅਤੇ ਸਸ਼ਕਤੀਕਰਨ ਲਈ ਸਰਗਰਮ ਤੌਰ 'ਤੇ ਕੰਮ ਕਰ ਰਹੇ ਹਨ।

ਰਾਜੀਵ ਅਗਨਿਹੋਤਰੀ ਨੇ ਕਿਹਾ, "ਪੱਤਰਕਾਰ ਜਨਤਾ ਅਤੇ ਸ਼ਾਸਨ ਸੰਸਥਾਵਾਂ ਦੇ ਵਿਚਕਾਰ ਇੱਕ ਮਹੱਤਵਪੂਰਨ ਪੁਲ ਦਾ ਕੰਮ ਕਰਦੇ ਹਨ। ਸੱਚਾਈ ਅਤੇ ਤੱਥਾਂ ਨੂੰ ਸਾਹਮਣੇ ਲਿਆਉਣ ਵਿੱਚ ਉਨ੍ਹਾਂ ਦੀ ਭੂਮਿਕਾ ਲੋਕਤੰਤਰਕ ਮੁੱਲਾਂ ਨੂੰ ਮਜ਼ਬੂਤ ਕਰਦੀ ਹੈ ਅਤੇ ਸਮਾਜ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਂਦੀ ਹੈ। ਜ਼ਿੰਮੇਵਾਰ ਪੱਤਰਕਾਰਤਾ ਸਮਾਜ ਨੂੰ ਨਿਆਂ, ਸਮਾਨਤਾ ਅਤੇ ਜਾਗਰੂਕਤਾ ਵੱਲ ਅੱਗੇ ਵਧਾਉਣ ਵਿੱਚ ਮਦਦਗਾਰ ਹੁੰਦੀ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਮਹਿਲਾਵਾਂ ਦੇ ਉਤਥਾਨ ਨਾਲ ਸੰਬੰਧਿਤ ਮੁੱਦਿਆਂ ਨੂੰ ਉਠਾਉਣ ਪ੍ਰਤੀ ਰੀਨਾ ਦੀ ਵਚਨਬੱਧਤਾ ਉਨ੍ਹਾਂ ਦੇ ਸਮਾਜਿਕ ਭਲਾਈ ਅਤੇ ਨਿਆਂ ਪ੍ਰਤੀ ਡੂੰਘੇ ਸਮਰਪਣ ਨੂੰ ਦਰਸਾਉਂਦੀ ਹੈ। ਉਨ੍ਹਾਂ ਦੇ ਅਨੁਸਾਰ, ਰੀਨਾ ਦੇ ਕੰਮ ਨੇ ਮਹਿਲਾਵਾਂ ਸਾਹਮਣੇ ਆਉਣ ਵਾਲੀਆਂ ਚੁਣੌਤੀਆਂ ਵੱਲ ਧਿਆਨ ਖਿੱਚਿਆ ਹੈ ਅਤੇ ਉਨ੍ਹਾਂ ਦੇ ਅਧਿਕਾਰਾਂ, ਸੁਰੱਖਿਆ ਅਤੇ ਮੌਕਿਆਂ ਨੂੰ ਬਿਹਤਰ ਬਣਾਉਣ ਲਈ ਚਰਚਾ ਨੂੰ ਉਤਸ਼ਾਹਿਤ ਕੀਤਾ ਹੈ। ਚੇਅਰਮੈਨ ਨੇ ਇਹ ਵੀ ਕਿਹਾ ਕਿ ਜਿਊਡੀਸ਼ੀਅਲ ਕੌਂਸਲ ਉਹਨਾਂ ਵਿਅਕਤੀਆਂ ਨੂੰ ਪਛਾਣ ਦੇਣ ਅਤੇ ਉਨ੍ਹਾਂ ਨੂੰ ਪ੍ਰੋਤਸਾਹਿਤ ਕਰਨ 'ਤੇ ਵਿਸ਼ਵਾਸ ਕਰਦੀ ਹੈ ਜੋ ਸਮਾਜ ਲਈ ਸਕਾਰਾਤਮਕ ਯੋਗਦਾਨ ਪਾਉਂਦੇ ਹਨ। ਪੱਤਰਕਾਰਾਂ, ਸਮਾਜ ਸੇਵਕਾਂ ਅਤੇ ਹੋਰ ਵਿਅਕਤੀਆਂ ਨੂੰ ਸਨਮਾਨਿਤ ਕਰਕੇ ਕੌਂਸਲ ਸਮਾਜ ਵਿੱਚ ਜ਼ਿੰਮੇਵਾਰੀ, ਜਾਗਰੂਕਤਾ ਅਤੇ ਸੇਵਾ ਦੀ ਸੰਸਕ੍ਰਿਤੀ ਨੂੰ ਉਤਸ਼ਾਹਿਤ ਕਰਨਾ ਚਾਹੁੰਦੀ ਹੈ। ਰਾਜੀਵ ਅਗਨਿਹੋਤਰੀ ਨੇ ਭਰੋਸਾ ਜਤਾਇਆ ਕਿ ਰੀਨਾ ਭਵਿੱਖ ਵਿੱਚ ਵੀ ਇਸੇ ਇਮਾਨਦਾਰੀ ਅਤੇ ਸਮਰਪਣ ਨਾਲ ਸਮਾਜ ਦੀ ਸੇਵਾ ਕਰਦੀਆਂ ਰਹਿਣਗੀਆਂ। ਉਨ੍ਹਾਂ ਨੇ ਕਿਹਾ ਕਿ ਪੱਤਰਕਾਰਤਾ ਦੇ ਖੇਤਰ ਵਿੱਚ ਉਨ੍ਹਾਂ ਦਾ ਕੰਮ ਖ਼ਾਸ ਕਰਕੇ ਨੌਜਵਾਨ ਪੱਤਰਕਾਰਾਂ ਲਈ ਪ੍ਰੇਰਨਾ ਬਣੇਗਾ, ਜੋ ਮੀਡੀਆ ਨੂੰ ਸਮਾਜਿਕ ਬਦਲਾਅ ਦਾ ਸਾਧਨ ਬਣਾਉਣਾ ਚਾਹੁੰਦੇ ਹਨ। ਪ੍ਰਸ਼ੰਸਾ ਪ੍ਰਮਾਣ-ਪੱਤਰ ਪ੍ਰਾਪਤ ਕਰਨ ਤੋਂ ਬਾਅਦ ਰੀਨਾ ਨੇ ਜਿਊਡੀਸ਼ੀਅਲ ਕੌਂਸਲ ਅਤੇ ਇਸ ਦੇ ਚੇਅਰਮੈਨ ਰਾਜੀਵ ਅਗਨਿਹੋਤਰੀ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ, "ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਇਹ ਸਨਮਾਨ ਪ੍ਰਾਪਤ ਕਰਨਾ ਮੇਰੇ ਲਈ ਹੋਰ ਵੀ ਵਧੇਰੇ ਖਾਸ ਅਤੇ ਅਰਥਪੂਰਨ ਹੈ।




# 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਔਰਤਾਂ ਨੂੰ ਮਿਲਣਗੇ 1,000 ਰੁਪਏ ਪ੍ਰਤੀ ਮਹੀਨਾ: ਮੁੱਖ ਮੰਤਰੀ ਮਾਨ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ, 8 ਮਾਰਚ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਆਪਣਾ ਸਭ ਤੋਂ ਵੱਡਾ ਚੋਣ ਵਾਅਦਾ ਪੂਰਾ ਕਰ ਦਿੱਤਾ ਹੈ, ਜਿਸ ਤਹਿਤ ਪੰਜਾਬ ਭਰ ਦੀਆਂ ਮਹਿਲਾਵਾਂ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਤਹਿਤ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,000 ਰੁਪਏ, ਜਦਕਿ ਅਨੁਸੂਚਿਤ ਜਾਤੀ ਭਾਈਚਾਰਿਆਂ ਨਾਲ ਸਬੰਧਤ ਔਰਤਾਂ ਨੂੰ 1,500 ਪ੍ਰਾਪਤ ਮਿਲਣਗੇ, ਜਿਸ ਲਈ ਬਜਟ ਵਿੱਚ 9,300 ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਹੈ। ਇਸਨੂੰ ਮਹਿਲਾਵਾਂ ਦੀ ਵਿੱਤੀ ਸੁਤੰਤਰਤਾ ਦੀ ਮਜ਼ਬੂਤੀ ਵੱਲ ਮਹੱਤਵਪੂਰਨ ਕਦਮ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਸਰਕਾਰ ਦਾ ÷ਸਾਰੀਆਂ ਗਰੰਟੀਆਂ ਪੂਰੀਆਂ÷ ਬਜਟ ਚੋਣ ਵਾਅਦਿਆਂ ਨੂੰ ਪੂਰਾ ਕਰਨ ਸਬੰਧੀ ਆਮ ਆਦਮੀ ਪਾਰਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸਦੇ ਨਾਲ ਹੀ ਬਜਟ ਵਿੱਚ ਸੂਬੇ ਭਰ ਦੀਆਂ ਔਰਤਾਂ ਨੂੰ ਸ਼ਸ਼ਕਤ ਬਣਾਉਣ ਅਤੇ ਹਰ ਇੱਕ ਪੰਜਾਬੀ ਪਰਿਵਾਰ ਨੂੰ ਸਮਰਥਨ ਦੇਣ ਲਈ ਮੁਫਤ ਬੱਸ ਯਾਤਰਾ, ਮੁਫਤ ਬਿਜਲੀ ਅਤੇ ਨਕਦੀ ਰਹਿਤ ਸਿਹਤ ਸੰਭਾਲ ਵਰਗੀਆਂ ਸਹੂਲਤਾਂ ਨੂੰ ਵਿਸ਼ੇਸ਼ ਤਵੱਜੋ ਦਿੱਤੀ ਗਈ ਹੈ। ਮੀਡੀਆ ਨਾਲ ਗੱਲਬਾਤ ਕਰਦਿਆ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੀਆਂ ਮਾਵਾਂ, ਧੀਆਂ ਅਤੇ ਭੈਣਾਂ ਨੂੰ ਵਧਾਈ ਦਿੰਦਿਆਂ ਅਰਦਾਸ ਕੀਤੀ ਕਿ ਉਹ ਸਦਾ ਹਰ ਖੇਤਰ ਵਿੱਚ ਸਫਲਤਾ ਦੀਆਂ ਨਵੀਆਂ ਕਹਾਣੀਆਂ ਲਿਖਦੀਆਂ ਰਹਿਣ। ਉਨ੍ਹਾਂ ਕਿਹਾ ਕਿ ਅੱਜ ਅੰਤਰਾਸ਼ਟਰੀ ਮਹਿਲਾ ਦਿਵਸ ਮੌਕੇ ਮਹਿਲਾਵਾਂ ਦੀ ਭਲਾਈ ਨੂੰ ਮੁੱਖ ਰੱਖਦਿਆਂ ਇਹ ਬਜਟ ਪੇਸ਼ ਕੀਤਾ ਗਿਆ ਹੈ, ਜੋ 'ਆਪ' ਸਰਕਾਰ ਵੱਲੋਂ ਉਨ੍ਹਾਂ ਨੂੰ ਸਮਾਜਿਕ ਅਤੇ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਸਬੰਧੀ ਕੀਤੇ ਗਏ ਮੁੱਖ ਵਾਅਦੇ ਨੂੰ ਪੂਰਾ ਕਰਦਾ ਹੈ। ਬਜਟ ਨੂੰ ਲੋਕ-ਪੱਖੀ ਦੱਸਦਿਆਂ ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਉਂਦਾ ਹੈ ਕਿ ਔਰਤਾਂ ਅਤੇ ਸਮਾਜ ਦੇ ਹੋਰ ਵਰਗਾਂ ਨੂੰ ਭਲਾਈ ਉਪਾਵਾਂ ਅਤੇ ਜਨਤਕ ਸੇਵਾਵਾਂ ਰਾਹੀਂ ਨਿਰੰਤਰ ਸਹਾਇਤਾ ਮਿਲਦੀ ਰਹੇ। ਉਨ੍ਹਾਂ ਕਿਹਾ ਕਿ ਆਪ' ਸਰਕਾਰ ਨੇ ਲੋਕਾਂ ਨਾਲ ਕੀਤਾ ਸਭ ਤੋਂ ਵੱਡਾ ਚੋਣ ਵਾਅਦਾ ਪੂਰਾ ਕੀਤਾ ਹੈ ਅਤੇ ਸੂਬੇ ਦੀਆਂ ਮਹਿਲਾਵਾਂ ਨੂੰ ਹੁਣ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ 1,000 ਪ੍ਰਤੀ ਮਹੀਨਾ ਮਿਲੇਣਗੇ, ਜਦੋਂ ਕਿ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਮਿਲੇਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਿਲਾਵਾਂ ਨੂੰ ਇਸ ਯੋਜਨਾ ਅਧੀਨ ਸੁਖਾਲੇ ਢੰਗ ਨਾਲ ਰਜਿਸਟ?ਰੇਸ਼ਨ ਦੀ ਸੁਵਿਧਾ ਪ੍ਰਦਾਨ ਕਰਨ ਲਈ ਸੂਬੇ ਭਰ ਵਿੱਚ ਵਿਸ਼ੇਸ਼ ਕੈਂਪ ਲਾਏ ਜਾਣਗੇ। ਪੰਜਾਬ ਦੇ ਮੁੱਖ ਮੰਤਰੀ ਨੇ ਸਾਂਝਾ ਕੀਤਾ ਕਿ ਇਸ ਯੋਜਨਾ ਲਈ ਰਜਿਸਟ?ਰੇਸ਼ਨ ਪ੍ਰਕਿਰਿਆ ਇਸ ਵਿਸਾਖੀ ਤੋਂ ਸ਼ੁਰੂ ਹੋਵੇਗੀ ਅਤੇ ਇਸਨੂੰ ਜੰਗੀ ਪੱਧਰ 'ਤੇ ਨੇਪਰੇ ਚਾੜ੍ਹਿ ਆ ਜਾਵੇਗਾ ਤਾਂ ਜੋ ਸਾਰੇ ਯੋਗ ਲਾਭਪਾਤਰੀਆਂ ਨੂੰ ਜਲਦ ਤੋਂ ਜਲਦ ਕਵਰ ਕੀਤਾ ਜਾ ਸਕੇ। 18 ਸਾਲ ਤੋਂ ਵੱਧ ਉਮਰ ਦੀ ਹਰ ਲੜਕੀ ਅਤੇ ਮਹਿਲਾ ਇਸ ਯੋਜਨਾ ਤਹਿਤ ਲਾਭ ਪ੍ਰਾਪਤ ਕਰਨ ਦੀ ਹੱਕਦਾਰ ਹੋਵੇਗੀ, ਜਿਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸੂਬੇ ਦੀਆਂ ਜ਼ਿਆਦਾਤਰ ਮਹਿਲਾਵਾਂ ਇਸ ਯੋਜਨਾ ਦੇ ਘੇਰੇ ਵਿੱਚ ਆਉਣ। ਬਜਟ ਨੂੰ ਇੱਕ ਮੀਲ ਪੱਥਰ ਕਰਾਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲੋਕਾਂ ਦੀ ਭਲਾਈ ਅਤੇ ਰਾਜ ਦੀ ਤਰੱਕੀ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਮਾਜ ਦੇ ਹਰ ਵਰਗ ਦਾ ਧਿਆਨ ਰੱਖਣ ਵਾਲਾ ਬਜਟ ਪੇਸ਼ ਕਰਨ ਲਈ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਬਜਟ ਨਹੀਂ ਹੈ ਸਗੋਂ ਰਾਜ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖ਼ੁਸ਼ਹਾਲੀ ਦਾ ਹਲਫ਼ਨਾਮਾ ਹੈ। ਪਿਛਲੀਆਂ ਸਰਕਾਰਾਂ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਅੱਗੇ ਕਿਹਾ ਕਿ ਪਹਿਲਾਂ ਦੇ ਬਜਟ ਅਕਸਰ ਕਾਗਜ਼ੀ ਐਲਾਨਾਂ ਤੱਕ ਸੀਮਤ ਰਹਿੰਦੇ ਸਨ, ਜਦਕਿ ਲੋਕਾਂ ਨੂੰ ਅਸਲ ਮਾਇਨੇ ਵਿੱਚ ਇਨ੍ਹਾਂ ਦੀ ਕੋਈ ਬਹੁਤਾ ਲਾਭ ਨਹੀਂ ਸੀ ਹੁੰਦਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਪੇਸ਼ ਹੋਏ ਬਜਟ ਨਾਗਰਿਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਠੋਸ ਨੀਤੀਆਂ ਲਿਆਉਣ ਦੀ ਬਜਾਏ ਸਦਾ ਬਿਆਨਬਾਜ਼ੀ ਅਤੇ ਕਾਵਿਕ ਹਵਾਲਿਆਂ ਤੱਕ ਸੀਮਤ ਰਹੇ। 'ਆਪ' ਸਰਕਾਰ ਦੀਆਂ ਵਿਆਪਕ ਭਲਾਈ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਔਰਤਾਂ ਨੂੰ ਸਸ਼ਕਤ ਬਣਾਉਣ ਲਈ ਵੱਖ-ਵੱਖ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਮੁਫਤ ਬੱਸ ਯਾਤਰਾ, ਮੁਫਤ ਬਿਜਲੀ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਨਕਦੀ ਰਹਿਤ ਇਲਾਜ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਨਕਦੀ ਰਹਿਤ ਇਲਾਜ, ਮੁਫਤ ਬੱਸ ਯਾਤਰਾ, ਮੁਫਤ ਬਿਜਲੀ, 1,000 ਰੁਪਏ ਪ੍ਰਤੀ ਮਹੀਨਾ ਅਤੇ ਅਜਿਹੀਆਂ ਕਈ ਹੋਰ ਪਹਿਲਕਦਮੀਆਂ ਔਰਤਾਂ ਨੂੰ ਸਸ਼ਕਤ ਬਣਾਉਂਦਿਆਂ ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਨਗੀਆਂ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਕੋਲ ਆਪਣੇ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਢੁਕਵੇਂ ਵਿੱਤੀ ਸਰੋਤ ਹਨ। ਉਨ੍ਹਾਂ ਕਿਹਾ ਕਿ ਸਾਡੇ ਕੋਲ ਪੈਸੇ ਦੀ ਕੋਈ ਕਮੀ ਨਹੀਂ ਹੈ ਕਿਉਂਕਿ ਸਾਡੇ ਇਰਾਦੇ ਸਪੱਸ਼ਟ ਅਤੇ ਇਮਾਨਦਾਰ ਹਨ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨੇ ਵਿੱਤੀ ਪ੍ਰਬੰਧਨ ਵਿੱਚ ਸੁਧਾਰ ਕਰਦਿਆਂ ਇਹ ਯਕੀਨੀ ਬਣਾਇਆ ਹੈ ਕਿ ਜਨਤਕ ਫੰਡਾਂ ਦੀ ਵਰਤੋਂ ਲੋਕ ਭਲਾਈ ਅਤੇ ਵਿਕਾਸ ਲਈ ਹੋਵੇ। ਪੰਜਾਬ ਦੇ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ, ਜਿਸ ਸਦਕਾ ਸਿੱਖਿਆ, ਸਿਹਤ ਸੰਭਾਲ ਅਤੇ ਬੁਨਿਆਦੀ ਢਾਂਚੇ ਵਰਗੇ ਖੇਤਰਾਂ ਵਿੱਚ ਵੱਡੇ ਸੁਧਾਰ ਦੇਖਣ ਨੂੰ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਅਸੀਂ ਇਮਾਨਦਾਰੀ ਨਾਲ ਕੰਮ ਕਰ ਰਹੇ ਹਾਂ ਜਿਸ ਦੇ ਚਲਦਿਆਂ ਸੂਬੇ ਭਰ ਵਿੱਚ ਸਕੂਲ, ਹਸਪਤਾਲ, ਸੜਕਾਂ ਅਤੇ ਆਮ ਆਦਮੀ ਕਲੀਨਿਕ ਬਣ ਰਹੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਸਰਕਾਰ ਨੇ ਬਿਜਲੀ ਸਪਲਾਈ ਵਿੱਚ ਸੁਧਾਰ, ਸਿੰਚਾਈ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਅਤੇ ਕਿਸਾਨਾਂ ਨੂੰ ਨਿਰਵਿਘਨ ਅਤੇ ਲੋੜੀਂਦੀ ਬਿਜਲੀ ਬਿਜਲੀ ਦੇਣ ਲਈ ਮਹੱਤਵਪੂਰਨ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਉਦੇਸ਼ਾਂ ਲਈ ਥਰਮਲ ਪਾਵਰ ਪਲਾਂਟ ਖਰੀਦੇ ਜਾ ਰਹੇ ਹਨ

Contd.................page-3



# ਪਤਨੀ 'ਤੇ ਚੜ੍ਹਿਆ ਆਸ਼ਕੀ ਦਾ ਭੂਤ, ਪਤੀ ਨੂੰ ਮਰਵਾਉਣ ਲਈ ਦੇ ਦਿੱਤੀ 5 ਲੱਖ ਦੀ ਸੁਪਾਰੀ

ਪਟਿਆਲਾ 8 ਮਾਰਚ। ਕੁਝ ਦਿਨ ਪਹਿਲਾਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਟਿਆਲਾ ਦੇ ਪਿੰਡ ਮਜਾਲ ਦੇ ਇਕ ਸਰਾਬ ਦੇ ਠੇਕੇ 'ਤੇ ਸਰਾਬ ਪੀਣ ਲਈ ਜਾ ਰਹੇ 3 ਵਿਆਕਤੀਆਂ 'ਤੇ ਗੋਲੀਆਂ ਚੱਲੀਆਂ ਸਨ। ਇਸ ਘਟਨਾ ਵਿਚ 2 ਵਿਆਕਤੀ ਬੁਰੀ ਤਰ੍ਹਾਂ ਜਖਮੀ ਹੋਏ ਸਨ। ਜਖਮੀਆਂ ਦੀ ਪਛਾਣ ਪਾਲਾ ਰਾਮ ਅਤੇ ਬਲਜਿੰਦਰ ਸਿੰਘ ਵੱਜੋਂ ਹੋਈ ਸੀ, ਜੋਕਿ ਪਿੰਡ ਤੇਜਾ ਦੇ ਰਹਿਣ ਵਾਲੇ ਸਨ। ਹੁਣ ਇਸ ਮਾਮਲੇ ਵਿਚ ਪੁਲਸ ਨੇ 2 ਵਿਅਕਤੀ ਅਤੇ 1 ਔਰਤ ਨੂੰ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ਪਾਸੋਂ ਪਿਸਤੌਲ ਵਾਰਦਾਤ ਵਿੱਚ ਵਰਤੇ ਹੋਏ ਬਰਾਮਦ ਕੀਤੇ ਗਏ ਹਨ। ਇਸ ਸਾਰੇ ਮਾਮਲੇ ਦਾ ਖੁਲਾਸਾ ਕਰਦੇ ਹੋਏ ਐੱਸ. ਐੱਸ. ਪੀ. ਪਟਿਆਲਾ ਡਾਕਟਰ ਨਾਨਕ ਸਿੰਘ ਨੇ ਦੱਸਿਆ ਕਿ ਜਿਸ ਵਿਅਕਤੀ ਦੀ ਅੱਖ 'ਤੇ ਗੋਲੀ ਲੱਗ ਕੇ ਦੂਜੇ ਬੰਦਾ ਬਲਜਿੰਦਰ ਸਿੰਘ ਦੀ ਗਰਦਨ ਵਿਚ ਜਾ ਵੱਜੀ ਸੀ। ਵੱਡਾ ਖੁਲਾਸਾ ਇਹ ਹੋਇਆ ਹੈ ਕਿ ਬਲਜਿੰਦਰ ਸਿੰਘ ਦੀ ਪਤਨੀ ਮਨਪ੍ਰੀਤ ਸਿੰਘ ਨੇ ਇਹ ਸਾਰੀ ਸਾਜਿਸ ਆਪਣੇ ਨਾਲ ਦੇ ਗੁਆਂਢੀ ਆਸ਼ਿਕ ਹਰਸਿਮਰਨਜੀਤ ਸਿੰਘ ਉਰਫ ਗੋਰਾ ਨਾਲ ਮਿਲ ਕੇ ਰਚੀ ਸੀ ਕਿਉਂਕਿ ਅਕਸਰ ਬਲਜਿੰਦਰ ਸਿੰਘ ਆਪਣੀ ਪਤਨੀ ਮਨਪ੍ਰੀਤ ਕੌਰ ਦੀ ਕੁੱਟਮਾਰ ਕਰਦਾ ਸੀ ਅਤੇ ਉਹ ਕੰਬਾਈਨ ਦਾ ਕੰਮ ਕਰਦਾ ਸੀ, ਜਿਸ ਕਰਕੇ ਦੋਸੀ ਪਤਨੀ ਮਨਪ੍ਰੀਤ ਕੌਰ ਨੇ ਆਪਣੇ ਆਸ਼ਿਕ ਦੇ ਨਾਲ ਮਿਲ ਆਪਣੇ ਪਤੀ ਨੂੰ ਮਰਵਾਉਣ ਦੀ 5 ਲੱਖ ਰੁਪਏ ਦੇ ਕੇ ਸਾਜਿਸ਼ ਰਚੀ। ਦੋਵਾਂ ਨੇ ਮਿਲ ਕੇ ਕਰਨ ਸਿੰਘ ਉਰਫ ਨਿਖਿਲ ਨੂੰ 5 ਲੱਖ



ਰੁਪਏ ਦੇ ਬਲਜਿੰਦਰ ਸਿੰਘ ਦੀ ਸੁਪਾਰੀ ਦਿੱਤੀ ਸੀ। ਜਿਸ ਵਿੱਚੋਂ ਕਤਲ ਕਰਨ ਵਾਲੇ ਕਰਨ ਨੂੰ ਹੁਣ ਤੱਕ 1 ਲੱਖ 55 ਹਜਾਰ ਦੇ ਚੁੱਕੇ ਸਨ ਅਤੇ 2 ਜਨਵਰੀ ਨੂੰ ਬਲਜਿੰਦਰ ਸਿੰਘ ਆਪਣੀ ਪਤਨੀ ਨੂੰ ਦੱਸ ਕੇ ਘਰ ਤੋਂ ਸਰਾਬ ਪੀਣ ਲਈ ਆਪਣੇ ਪਿੰਡ ਦੇ ਕੁਝ ਸਾਥੀਆਂ ਨਾਲ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਮਜਾਲ ਦੇ ਠੇਕੇ 'ਤੇ ਗਿਆ ਸੀ। ਜਿਸ ਦੀ ਜਾਣਕਾਰੀ ਦੋਸੀ ਪਤਨੀ ਮਨਪ੍ਰੀਤ ਕੌਰ ਨੇ ਆਪਣੇ ਆਸ਼ਿਕ ਹਰਸਿਮਰਨਜੀਤ ਨੂੰ ਦਿੱਤੀ ਅਤੇ ਫਿਰ ਹਰਸਿਮਰਨ ਨੇ ਅੱਗੇ ਜਿਸ ਵਿਅਕਤੀ ਨੂੰ ਕਤਲ ਕਰਨ ਲਈ ਪੈਸੇ ਦਿੱਤੇ ਸੀ, ਪਿਸਤੌਲ ਵਾਰਦਾਤ ਵਿੱਚ ਵਰਤੇ ਹੋਏ ਬਰਾਮਦ ਕੀਤੇ ਗਏ ਹਨ। ਇਸ ਸਾਰੇ ਮਾਮਲੇ ਦਾ ਖੁਲਾਸਾ ਕਰਦੇ ਹੋਏ ਐੱਸ. ਐੱਸ. ਪੀ. ਪਟਿਆਲਾ ਡਾਕਟਰ ਨਾਨਕ ਸਿੰਘ ਨੇ ਦੱਸਿਆ ਕਿ ਜਿਸ ਵਿਅਕਤੀ ਦੀ ਅੱਖ 'ਤੇ ਗੋਲੀ ਲੱਗ ਕੇ ਦੂਜੇ ਬੰਦਾ ਬਲਜਿੰਦਰ ਸਿੰਘ ਦੀ ਗਰਦਨ ਵਿਚ ਜਾ ਵੱਜੀ ਸੀ। ਵੱਡਾ ਖੁਲਾਸਾ ਇਹ ਹੋਇਆ ਹੈ ਕਿ ਬਲਜਿੰਦਰ ਸਿੰਘ ਦੀ ਪਤਨੀ ਮਨਪ੍ਰੀਤ ਸਿੰਘ ਨੇ ਇਹ ਸਾਰੀ ਸਾਜਿਸ ਆਪਣੇ ਨਾਲ ਦੇ ਗੁਆਂਢੀ ਆਸ਼ਿਕ ਹਰਸਿਮਰਨਜੀਤ ਸਿੰਘ ਉਰਫ ਗੋਰਾ ਨਾਲ ਮਿਲ ਕੇ ਕਰਨ ਨੂੰ ਉਸ ਨੂੰ ਇਹ ਸਾਰੀ ਜਾਣਕਾਰੀ ਦਿੱਤੀ ਅਤੇ ਆਖਿਆ ਕਿ ਇਸ ਤੋਂ ਵਧੀਆ ਮੌਕਾ ਹੋਰ ਕੋਈ ਨਹੀਂ ਹੋਵੇਗਾ। ਜਿਵੇਂ ਹੀ ਬਲਜਿੰਦਰ ਸਿੰਘ ਅਤੇ ਉਸ ਦੇ ਸਾਥੀ ਸਰਾਬ ਦੇ ਠੇਕੇ 'ਤੇ ਪਹੁੰਚਦੇ ਹਨ ਤਾਂ ਕਰਨ ਉਰਫ ਨਿਖਿਲ ਉਨ੍ਹਾਂ 'ਤੇ ਗੋਲੀਆਂ ਚਲਾ ਦਿੰਦਾ ਹੈ। ਪੁਲਸ ਨੇ ਹੁਣ ਤਿੰਨੋਂ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਹੈ, ਜਿਨ੍ਹਾਂ 'ਤੇ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਨ੍ਹਾਂ ਕੋਲੋਂ ਪੁਲਸ ਨੂੰ ਹੁਣ ਤੱਕ ਵਾਰਦਾਤ ਦੇ ਵਿੱਚ ਵਰਤਿਆ ਹੋਇਆ ਮੋਟਰਸਾਈਕਲ ਅਤੇ ਇਕ ਪਿਸਤੌਲ 32 ਬੋਰ ਸਮੇਤ ਜ਼ਿੰਦਾ ਕਾਰਤੂਸ 6 ਅਤੇ ਇਕ ਪਿਸਤੌਲ 315 ਬੋਰ ਸਮੇਤ 4 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ।

## ਬਠਿੰਡਾ 'ਚ ਵਾਪਰੇ ਦੋਹਰੇ ਕਤਲ ਕਾਂਡ ਵਿਚ ਸਨਸਨੀਖੇਜ ਖੁਲਾਸਾ, ਸਾਹਮਣੇ ਆਇਆ ਹੈਰਾਨ ਕਰਨ ਵਾਲਾ ਸੱਚ

ਬਠਿੰਡਾ 8 ਮਾਰਚ। ਲਗਭਗ 24 ਘੰਟੇ ਪਹਿਲਾਂ ਜ਼ਿਲ੍ਹੇ ਦੇ ਪਿੰਡ ਬਦਿਆਲਾ ਵਿਚ ਦੇਰ ਰਾਤ ਇਕ ਬਜੁਰਗ ਜੋੜੇ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ। ਪੁਲਸ ਨੇ ਕੁਝ ਹੀ ਘੰਟਿਆਂ ਵਿਚ ਹੀ ਇਸ ਕੇਸ ਨੂੰ ਸੁਲਝਾਉਣ ਦਾ ਦਾਅਵਾ ਕੀਤਾ ਹੈ, ਜਿਸ ਵਿਚ ਕਾਤਲ ਕੋਈ ਹੋਰ ਨਹੀਂ ਸਗੋਂ ਮ੍ਰਿਤਕ ਕਿਆਸ ਸਿੰਘ (66) ਦਾ ਭਰਾ ਵਿਕਰਮ ਸਿੰਘ ਨਿਕਲਿਆ, ਜਿਸ ਨੇ ਆਪਣੇ ਭਰਾ ਅਤੇ ਭਰਜਾਈ ਦਾ ਕਤਲ ਕੀਤਾ। ਜਮੀਨੀ ਵਿਵਾਦ ਦੇ ਚੱਲਦੇ ਉਸ ਨੇ ਇਸ ਘਟਨਾ ਨੂੰ ਅੰਜਾਮ ਦਿੱਤਾ। ਘਟਨਾ ਸਮੇਂ



ਕਾਤਲ ਵਿਕਰਮ ਸਿੰਘ ਆਪਣੇ ਵੱਡੇ ਭਰਾ ਕਿਆਸ ਸਿੰਘ ਦੇ ਘਰ ਗਿਆ, ਜਦੋਂ ਉਸਦਾ ਭਰਾ ਦੁੱਧ ਲੈਣ ਗਿਆ ਹੋਇਆ ਸੀ। ਉਸਨੇ ਇਸ ਦੌਰਾਨ ਆਪਣੀ ਭਾਬੀ ਅਮਰਜੀਤ ਕੌਰ (62) ਦਾ ਕਤਲ ਕਰ ਦਿੱਤਾ। ਇਸ ਘਟਨਾ ਤੋਂ ਬਾਅਦ ਉਹ ਲੁਕ ਕੇ ਬੈਠ ਗਿਆ। ਜਿਵੇਂ ਹੀ ਉਸਦਾ ਭਰਾ ਦੁੱਧ ਲੈ ਕੇ ਵਾਪਸ ਆਇਆ, ਵਿਕਰਮ ਸਿੰਘ ਨੇ ਤੇਜਧਾਰ ਹਥਿਆਰ ਨਾਲ ਉਸਦਾ ਵੀ ਕਤਲ ਕਰ ਦਿੱਤਾ। ਸੱਚਾਈ ਨੂੰ ਲੁਕਾਉਣ ਲਈ ਉਸਨੇ ਆਪਣੇ ਹੱਥਿਆਰ ਸੀਵਰੇਜ ਵਿਚ ਸੁੱਟ ਦਿੱਤੇ ਅਤੇ ਆਪਣੇ ਕੱਪੜੇ ਬਦਲ ਲਏ ਤਾਂ ਜੋ ਕਿਸੇ ਨੂੰ ਸ਼ੱਕ ਨਾ ਹੋਵੇ। ਮ੍ਰਿਤਕ ਕਿਆਸ ਸਿੰਘ ਦੇ ਪੁੱਤਰ ਅਤੇ ਨੂੰਹ ਜੋ ਕੇਂਦਰੀ ਸੁਰੱਖਿਆ ਬਲ ਵਿਚ ਦੇਸ ਦੀ ਰੱਖਿਆ ਕਰ ਰਹੇ ਹਨ, ਨੇ ਆਪਣੇ ਮਾਤਾ-ਪਿਤਾ ਨੂੰ ਫੋਨ ਕੀਤਾ ਪਰ ਫੋਨ ਨਹੀਂ ਚੁਕਿਆ। ਫਿਰ ਉਨ੍ਹਾਂ ਨੇ ਗੁਆਂਢੀਆਂ ਨੂੰ ਫੋਨ ਕੀਤਾ, ਜਿੱਥੋਂ ਪਤਾ ਲੱਗਾ ਕਿ ਉਨ੍ਹਾਂ ਦੇ ਮਾਤਾ-ਪਿਤਾ ਦਾ ਕਤਲ ਹੋ ਗਿਆ ਹੈ।

## ਪੰਜਾਬ ਦੇ ਸਰਕਾਰੀ ਮੁਲਾਜਮਾਂ ਲਈ ਵੱਡੀ ਖੁਸ਼ਖਬਰੀ

ਮੋਹਾਲੀ 8 ਮਾਰਚ। ਪੰਜਾਬ ਦੇ ਸਰਕਾਰੀ ਮੁਲਾਜਮਾਂ ਲਈ ਵੱਡੀ ਖੁਸ਼ਖਬਰੀ ਹੈ। ਦਰਅਸਲ ਮੁੱਖ ਮੰਤਰੀ ਭਗਵੰਤ ਮਾਨ ਨੇ ਮੋਹਾਲੀ 'ਚ ਅਧਿਕਾਰੀਆਂ ਨੂੰ ਸਰਕਾਰੀ ਰਿਹਾਇਸ਼ ਦੇਣ ਲਈ ਗਮਾਡਾ ਤੋਂ 167 ਫਲੈਟ ਖਰੀਦੇ ਹਨ। ਜਾਣਕਾਰੀ ਮੁਤਾਬਕ ਬੀਤੇ ਦਿਨ ਡਿਪਟੀ ਕਮਿਸਨਰ ਆਸ਼ਿਕਾ ਜੈਨ ਨੇ ਮੋਹਾਲੀ ਵਿਖੇ ਪੂਰਬ ਪ੍ਰੀਮੀਅਮ ਅਪਾਰਟਮੈਂਟਸ ਦਾ ਦੌਰਾ ਕਰਕੇ ਭਗਵੰਤ ਮਾਨ ਸਰਕਾਰ ਵਲੋਂ ਖਰੀਦੇ ਗਏ ਫਲੈਟਾਂ ਦਾ ਜਾਇਜਾ ਲਿਆ। ਇਨ੍ਹਾਂ ਫਲੈਟਾਂ ਦਾ ਜਾਇਜਾ ਲੈਣ ਉਪਰੰਤ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਲ ਹੀ 'ਚ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਤੋਂ ਕਰੀਬ 167 ਟਾਈਪ 3 ਅਤੇ ਟਾਈਪ 2 ਫਲੈਟ ਖਰੀਦੇ ਗਏ ਹਨ, ਜੋ ਜਲਦੀ ਹੀ ਸੂਬਾ ਸਰਕਾਰ ਅਤੇ ਜ਼ਿਲ੍ਹਾ ਪ੍ਰਸਾਸਨ ਨੂੰ ਸੌਂਪੇ ਜਾਣਗੇ। ਉਨ੍ਹਾਂ ਦੱਸਿਆ ਕਿ ਪ੍ਰਸਾਸਨਿਕ ਅਤੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਦੀ ਟੀਮ ਨਾਲ ਇਨ੍ਹਾਂ ਫਲੈਟਾਂ ਦੀ ਸਥਿਤੀ ਦਾ ਜਾਇਜਾ ਲੈਣ ਲਈ ਦੌਰਾ ਕੀਤਾ ਗਿਆ ਅਤੇ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਸਰਕਾਰੀ ਮਕਾਨਾਂ ਦੀ ਮੰਗ ਅਨੁਸਾਰ ਸਾਰੀਆਂ



ਲੋੜੀਂਦੀਆਂ ਲੋੜਾਂ ਦੀ ਜਾਂਚ ਕਰਨ ਲਈ ਕਿਹਾ ਗਿਆ। ਲੋਕ ਨਿਰਮਾਣ ਵਿਭਾਗ ਦੀ ਟੀਮ 'ਚ ਸਿਵਲ ਅਤੇ ਇਲੈਕਟ੍ਰੀਕਲ ਵਿੰਗ ਦੇ ਅਧਿਕਾਰੀਆਂ ਤੋਂ ਇਲਾਵਾ ਜਲ ਸਪਲਾਈ ਅਤੇ ਸੈਨੀਟੇਸਨ ਵਿਭਾਗ ਦੇ ਅਧਿਕਾਰੀ ਵੀ ਸਾਮਲ ਸਨ। ਡਿਪਟੀ ਕਮਿਸਨਰ ਨੇ ਕਿਹਾ ਕਿ ਮੋਹਾਲੀ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਸਰਕਾਰੀ ਰਿਹਾਇਸ ਦੀ ਮੰਗ ਨੂੰ ਪੰਜਾਬ ਸਰਕਾਰ ਦੀ ਪਹਿਲ ਕਦਮੀ ਨਾਲ ਜਲਦੀ ਹੀ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਅਧਿਕਾਰੀਆਂ ਅਤੇ ਕਰਮਚਾਰੀਆਂ ਤੋਂ ਅਰਜੀਆਂ ਦੀ ਮੰਗ ਕੀਤੀ ਗਈ ਹੈ ਤਾਂ ਜੋ ਉਨ੍ਹਾਂ ਦੀਆਂ ਅਰਜੀਆਂ ਨੂੰ ਸੂਬਾ ਸਰਕਾਰ ਦੇ ਮਕਾਨ ਅਲਾਟਮੈਂਟ ਨਿਯਮਾਂ ਅਨੁਸਾਰ ਵਿਚਾਰਿਆ ਜਾ ਸਕੇ। ਜ਼ਿਲ੍ਹਾ ਅਧਿਕਾਰੀਆਂ ਤੋਂ ਇਲਾਵਾ ਪੰਜਾਬ ਸਰਕਾਰ ਦੇ ਆਮ ਪ੍ਰਸਾਸਨ ਵਿਭਾਗ ਵੱਲੋਂ ਸੂਬਾਈ ਅਧਿਕਾਰੀਆਂ ਨੂੰ ਵੀ ਕੁੱਝ ਫਲੈਟ ਅਲਾਟ ਕੀਤੇ ਜਾਣਗੇ। ਇਸ ਮੌਕੇ ਉਨ੍ਹਾਂ ਨਾਲ ਏ. ਡੀ. ਸੀ. ਵਿਰਾਜ ਐੱਸ ਤਿੜਕੇ, ਐੱਸ. ਡੀ. ਐੱਮ. ਦਮਨਦੀਪ ਕੌਰ, ਸਹਾਇਕ ਕਮਿਸਨਰ ਡਾ. ਅੰਕਿਤਾ ਕਾਂਸਲ ਵੀ ਮੌਜੂਦ ਸਨ।

## ਫਾਜਿਲਕਾ ਪੁਲਸ ਨੂੰ ਵੱਡੀ ਸਫਲਤਾ, ਨਸ਼ੀਲੀਆਂ ਗੋਲੀਆਂ ਤੇ ਡਰੱਗ ਮਨੀ ਸਣੇ 4 ਗ੍ਰਿਫਤਾਰ

ਫਾਜਲਿਕਾ 8 ਮਾਰਚ। ਨਸਾ ਤਸਕਰਾਂ ਖ਼ਿਲਾਫ ਚਲਾਈ ਵਿਸੇਸ ਮੁਹਿੰਮ ਤਹਿਤ ਫਾਜ਼ਿਲਕਾ ਪੁਲਸ ਨੂੰ ਵੱਡੀ ਸਫਲਤਾ ਹਾਸਲ ਕਰਦੇ ਹੋਏ 4 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਤਹਿਤ ਇਕ ਟਰੱਕ 'ਚੋਂ ਵੱਡੀ ਮਾਤਰਾ 'ਚ ਨਸ਼ੀਲੀਆਂ ਗੋਲੀਆਂ ਅਤੇ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਜਾਣਕਾਰੀ ਮੁਤਾਬਕ ਥਾਣਾ ਸਦਰ ਜਲਾਲਾਬਾਦ ਦੀ ਟੀਮ ਜਦੋਂ ਬੱਸ ਅੱਡਾ ਪਿੰਡ ਸੁਖੇਰਾ ਬੋਦਲਾ ਵਿਖੇ ਗਸ਼ਤ 'ਤੇ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਰਾਜੂ ਰਾਮ ਪੁੱਤਰ ਸੁੱਖ ਰਾਮ ਵਾਸੀ ਅਤੇ 10 ਹੋਰ ਸਾਥੀਆਂ ਨਾਲ ਨਸ਼ੀਲੀਆਂ ਗੋਲੀਆਂ ਵੇਚਦਾ ਹੈ। ਉਹ ਸਾਰੇ ਟਰੱਕ ਰਾਹੀਂ ਬਾਹਰਲੇ ਸੂਬਿਆਂ ਤੋਂ ਨਸੀਲੀਆਂ ਗੋਲੀਆਂ ਲਿਆ ਕੇ ਫਾਜ਼ਿਲਕਾ-ਫਿਰੋਜਪੁਰ ਰੋਡ ਪਿੰਡ ਲਮੋਚੜ ਕਲਾਂ ਲੰਘ ਕੇ ਪਿੰਡ ਮੌਜੇ ਵਾਲਾ ਨੂੰ ਜਾਂਦੀ ਨਹਿਰ ਦੇ ਨਾਲ ਜਾਂਦੀ ਲਿੰਕ ਸੜਕ ਪਰ ਖੜ੍ਹ ਕੇ ਨਸੀਲੀਆਂ ਗੋਲੀਆਂ ਦੇ ਡੱਬੇ ਵੰਡ ਰਹੇ ਹਨ। ਇਹ ਨਸ਼ੀਲੀਆਂ ਗੋਲੀਆਂ ਉਨ੍ਹਾਂ ਨੇ ਬੋਲੈਰੋ ਗੱਡੀ 'ਤੇ ਲੋਡ ਕਰਕੇ ਅੱਗੇ ਲਿਜਾਣੀਆਂ ਹਨ। ਉਸ ਦਾ ਡਰਾਈਵਰ ਵਰਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਜਲਾਲਾਬਾਦ ਹੈ। ਮੁਖਬਰ ਖਾਸ ਦੀ ਦੱਸੀ ਗਈ ਜਗ੍ਹਾ 'ਤੇ ਪੁਲਸ ਪਾਰਟੀ ਨੇ ਪੁੱਜ ਕੇ ਕੁੱਲ 2,10,000 ਨਸ਼ੀਲੀਆਂ ਗੋਲੀਆਂ ਅਤੇ 1 ਲੱਖ, 70 ਹਜਾਰ ਰੁਪਏ ਡਰੱਗ ਮਨੀ ਬਰਾਮਦ ਕੀਤੀ। ਮੌਕੇ 'ਤੇ ਉਕਤ ਟਰੱਕ, ਬਲੈਰੋ ਗੱਡੀ ਅਤੇ ਮੋਟਰਸਾਈਕਲ ਵੀ ਬਰਾਮਦ ਕੀਤਾ ਗਿਆ। 10 ਦੋਸ਼ੀਆਂ 'ਚੋਂ ਕੁੱਲ 4 ਦੋਸ਼ੀਆਂ ਦੀ ਗ੍ਰਿਫਤਾਰੀ ਹੋ ਚੁੱਕੀ ਹੈ ਅਤੇ ਬਾਕੀਆਂ ਦੀ ਭਾਲ ਜਾਰੀ ਹੈ।

## ਚੋਰਾਂ ਨੇ ਬੰਦ ਪਏ ਘਰ 'ਚੋਂ 15 ਤੋਲੇ ਸੋਨੇ ਦੇ ਗਹਿਣੇ, 2 ਕਿਲੋ ਚਾਂਦੀ ਅਤੇ 35 ਹਜਾਰ ਰੁਪਏ ਕੀਤੇ ਚੋਰੀ

ਦੀਨਾਨਗਰ 8 ਮਾਰਚ। ਵਿਧਾਨ ਸਭਾ ਹਲਕਾ ਦੀਨਾਨਗਰ ਅਧੀਨ ਆਉਂਦੇ ਪੁਲਸ ਸਟੇਸਨ ਬਹਿਰਾਮਪੁਰ ਦੇ ਇਲਾਕੇ ਅੰਦਰ ਨਿੱਤ ਦਿਨ ਚੋਰੀ ਦੀਆਂ ਘਟਨਾ ਵੱਧਣ ਕਾਰਨ ਲੋਕਾਂ ਵਿੱਚ ਚੋਰਾਂ ਦੀ ਦਹਿਸ਼ਤ ਵਾਲਾ ਮਾਹੌਲ ਪਾਇਆ ਜਾ ਰਿਹਾ ਹੈ। ਤਾਜਾ ਮਾਮਲਾ ਥਾਣਾ ਬਹਿਰਾਮਪੁਰ ਦੇ ਪਿੰਡ ਮਰਾੜਾ ਤੋਂ ਸਾਹਮਣੇ ਆਇਆ ਹੈ, ਜਿਥੇ ਚੋਰਾਂ ਨੇ ਇੱਕ ਬੰਦ ਘਰ ਵਿੱਚੋਂ 15 ਤੋਲੇ ਸੋਨਾ, 2 ਕਿਲੋ ਚਾਂਦੀ ਅਤੇ 35 ਹਜਾਰ ਰੁਪਏ ਦੀ ਨਕਦੀ ਚੋਰੀ ਕਰ ਲਈ ਹੈ। ਪਰਿਵਾਰਕ ਮੈਂਬਰਾ ਨੇ ਦੱਸਿਆ ਕਿ ਉਹ ਆਪਣੇ ਲੜਕੇ ਦੀਪਕ ਕੋਲ ਚੰਡੀਗੜ੍ਹ ਗਏ ਸੀ ਅਤੇ ਜਦੋਂ ਸਾਮ 7 ਵਜੇ ਦੇ ਕਰੀਬ ਘਰ ਪਹੁੰਚੇ ਤਾਂ ਗੇਟ ਦਾ ਤਾਲਾ ਖੁੱਲ੍ਹਿਆ ਹੋਇਆ ਸੀ। ਸਾਡੇ ਕਮਰਿਆਂ ਦੇ



ਦਰਵਾਜੇ ਟੁੱਟੇ ਹੋਏ ਸਨ, ਘਰ ਵਿੱਚ ਰੱਖੀ ਅਲਮਾਰੀ ਦੇ ਤਾਲੇ ਵੀ ਟੁੱਟੇ ਹੋਏ ਸਨ ਅਤੇ ਬੈੱਡ ਵਿੱਚ ਰੱਖਿਆ ਸਾਮਾਨ ਵੀ ਖਿੱਲਰਿਆ ਪਿਆ ਸੀ ਤਾਂ ਚੋਰਾਂ ਨੇ ਅੰਦਰ ਰੱਖਿਆ 15 ਤੋਲੇ ਸੋਨਾ, 2 ਕਿਲੋ ਚਾਂਦੀ ਅਤੇ 35 ਹਜਾਰ ਰੁਪਏ ਚੋਰੀ ਕਰ ਲਿਆ ਹੈ। ਇਸ ਸਬੰਧੀ ਥਾਣਾ ਬਹਿਰਾਮਪੁਰ ਵਿਖੇ ਲਿਖਤੀ ਸ਼ਿਕਾਇਤ ਦਰਜ ਕਰਵਾਈ ਗਈ ਹੈ। ਉਧਰ ਇਸ ਸੰਬੰਧੀ ਜਦੋਂ ਥਾਣਾ ਮੁਖੀ ਬਹਿਰਾਮਪੁਰ ਓਕਾਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਮੌਕੇ ਤੇ ਪਹੁੰਚ ਕੇ ਸਾਰੀ ਘਟਨਾ ਦਾ ਜਾਇਜਾ ਲਿਆ ਗਿਆ ਹੈ ਅਤੇ ਇਸ ਸਬੰਧੀ ਜਾਂਚ ਪੜਤਾਲ ਕੀਤੀ ਜਾ ਰਹੀ ਹੈ

## ਚੋਰਾਂ ਦਾ ਹੈਰਾਨੀਜਨਕ ਕਾਰਨਾਮਾ: ਚੋਰਾਂ ਵਲੋਂ ਟਰਾਂਸਫਾਰਮਰ ਚੋਰੀ, 25 ਦਿਨਾਂ ਤੋਂ ਨਹੀਂ ਆਈ ਬਿਜਲੀ

ਨੈਸਨਲ ਡੈਸਕ 7 ਮਾਰਚ। ਉੱਤਰ ਪ੍ਰਦੇਸ ਦੇ ਬਦੌਂਣ ਜ਼ਿਲ੍ਹੇ ਦੇ ਉਘੈਤੀ ਇਲਾਕੇ ਦੇ ਸੋਰਾਹਾ ਪਿੰਡ ਦੇ ਲੋਕ 14 ਦਸੰਬਰ ਤੋਂ 250 ਕੇਵੀਏ ਟ੍ਰਾਂਸਫਾਰਮਰ ਦੀ ਚੋਰੀ ਹੋਣ ਤੋਂ ਬਾਅਦ ਬਿਜਲੀ ਦੇ ਬਿਨਾਂ ਰਹਿ ਰਹੇ ਹਨ। ਸਥਾਨਕ ਲੋਕਾਂ ਅਤੇ ਅਧਿਕਾਰੀਆਂ ਦੇ ਅਨੁਸਾਰ ਚੋਰਾਂ ਨੇ ਨੇੜਲੇ ਖੇਤਾਂ ਵਿੱਚੋਂ ਟ੍ਰਾਂਸਫਾਰਮਰ ਨੂੰ ਪੁੱਟ ਦਿੱਤਾ, ਜਿਸ ਤੋਂ ਬਾਅਦ ਉਹ ਉਸ ਦੇ ਪੁਰਜੇ ਅਤੇ ਹੋਰ ਕੀਮਤੀ ਸਮਾਨ ਚੋਰੀ ਕਰ ਲਿਆ ਅਤੇ ਮੌਕੇ ਤੋਂ ਫਰਾਰ ਹੋ ਗਏ। ਬਿਜਲੀ ਵਿਭਾਗ ਨੇ ਇਸ ਮਾਮਲੇ ਦੀ ਜਾਂਚ ਕਰਨੀ ਸੁਰੂ ਕਰ ਦਿੱਤੀ ਹੈ। ਚੋਰੀ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਅਤੇ ਬਿਜਲੀ ਵਿਭਾਗ ਨੇ ਜਾਂਚ ਕਰਨੀ ਸੁਰੂ ਕਰ ਦਿੱਤੀ ਪਰ 25 ਦਿਨ ਬੀਤ ਜਾਣ ਤੋਂ ਬਾਅਦ ਵੀ ਪਿੰਡ ਵਿੱਚ ਕੋਈ ਨਵਾਂ ਟ੍ਰਾਂਸਫਾਰਮਰ ਨਹੀਂ



ਲਗਾਇਆ ਗਿਆ। ਇਸ ਨਾਲ ਪਿੰਡ ਵਾਸੀਆਂ ਵਿੱਚ ਨਿਰਾਸਾ ਵਧ ਰਹੀ ਹੈ, ਜਿਨ੍ਹਾਂ ਨੂੰ ਹੁਣ ਬਿਜਲੀ ਦੀ ਘਾਟ ਕਾਰਨ ਕਈ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲਗਭਗ ਪੰਜ ਹਜਾਰ ਦੀ ਆਬਾਦੀ ਵਾਲਾ ਇਹ ਪਿੰਡ ਹਨੇਰੇ ਵਿੱਚ ਡੁੱਬਿਆ ਹੋਇਆ ਹੈ। ਫਰਵਰੀ ਵਿੱਚ ਸੁਰੂ ਹੋਣ ਵਾਲੀਆਂ ਉੱਤਰ ਪ੍ਰਦੇਸ ਬੋਰਡ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਵਿਦਿਆਰਥੀਆਂ ਨੂੰ ਸਭ ਤੋਂ ਵੱਧ ਨੁਕਸਾਨ ਹੋਇਆ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਬਿਜਲੀ ਤੋਂ ਬਿਨਾਂ, ਵਿਦਿਆਰਥੀ ਰਾਤ ਨੂੰ ਪੜ੍ਹਾਈ ਨਹੀਂ ਕਰ ਸਕਦੇ, ਜਿਸ ਨਾਲ ਉਨ੍ਹਾਂ ਦਾ ਭਵਿੱਖ ਖਤਰੇ ਵਿੱਚ ਪੈ ਰਿਹਾ ਹੈ। ਪਿੰਡ ਦੇ ਮੁਖੀ ਸਤਪਾਲ ਸਿੰਘ ਨੇ ਕਿਹਾ, "ਬਿਜਲੀ ਦੀ ਘਾਟ ਕਾਰਨ ਬੱਚਿਆਂ ਦੀ ਪੜ੍ਹਾਈ ਅਤੇ ਪਿੰਡ ਵਾਸੀਆਂ ਦਾ ਰੋਜਾਨਾ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ।

## 2 ਦਿਨਾਂ 'ਚ 37 ਲੋਕਾਂ ਨੂੰ ਕੁੱਤਿਆਂ ਨੇ ਵੱਢਿਆ, ਜਿਆਦਤਰ ਨਾਬਾਲਗ ਬੱਚੇ ਹੋਏ ਸ਼ਿਕਾਰ

ਅਬੋਹਰ 8 ਮਾਰਚ। ਸ਼ਹਿਰਾਂ ਅਤੇ ਪਿੰਡਾਂ 'ਚ ਅਵਾਰਾ ਕੁੱਤਿਆਂ ਵਲੋਂ ਲੋਕਾਂ 'ਤੇ ਹਮਲਾ ਕਰਨ ਦੀਆਂ ਘਟਨਾਵਾਂ 'ਚ ਲਗਾਤਾਰ ਵਾਧਾ ਹੋ ਰਿਹਾ ਹੈ। ਪਿਛਲੇ 2 ਦਿਨਾਂ ਦੌਰਾਨ ਕੁੱਤਿਆਂ ਦੇ ਵੱਢਣ ਦੇ 37 ਨਵੇਂ ਮਾਮਲੇ ਸਾਹਮਣੇ ਆਏ ਹਨ। ਇਨ੍ਹਾਂ ਸਾਰੇ ਜ਼ਖ਼ਮੀਆਂ ਦਾ ਸਰਕਾਰੀ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ। ਜਾਣਕਾਰੀ ਦਿੰਦਿਆਂ ਟੀਕਾਕਰਨ ਇੰਚਾਰਜ ਗੀਤੂ ਬਾਲਾ ਨੇ ਦੱਸਿਆ ਕਿ ਪਿਛਲੇ 2 ਦਿਨਾਂ ਦੌਰਾਨ ਕੁੱਤਿਆਂ ਦੇ ਵੱਢਣ ਦੇ 37 ਮਾਮਲੇ ਸਾਹਮਣੇ ਆਏ ਹਨ, ਜਿਨ੍ਹਾਂ 'ਚ ਜ਼ਿਆਦਾਤਰ ਸ਼ਿਕਾਰ ਨਾਬਾਲਗ ਬੱਚੇ ਹੋਏ ਹਨ। 1 ਤੋਂ 8 ਜਨਵਰੀ ਤੱਕ ਕੁੱਲ 66 ਕੇਸ ਹਸਪਤਾਲ ਵਿੱਚ ਆਏ ਹਨ। ਇਨ੍ਹਾਂ ਵਿੱਚੋਂ 90 ਫੀਸਦੀ ਦੇ ਕਰੀਬ ਅਵਾਰਾ ਕੁੱਤਿਆਂ ਅਤੇ 10 ਫੀਸਦੀ ਪਾਲਤੂ ਕੁੱਤਿਆਂ ਦੇ ਹਮਲੇ ਦਾ ਸ਼ਿਕਾਰ ਹੋਏ ਹਨ, ਜਦੋਂ ਕਿ ਸਾਲ 2024 ਵਿੱਚ ਕਰੀਬ 2865 ਮਾਮਲੇ ਸਾਹਮਣੇ ਆਏ ਸਨ। ਉਨ੍ਹਾਂ ਦੱਸਿਆ ਕਿ ਇਨ੍ਹੀਂ ਦਿਨੀਂ ਜੋ ਮਾਮਲੇ ਸਾਹਮਣੇ ਆਏ ਹਨ, ਉਨ੍ਹਾਂ 'ਚ ਕਈ ਮਾਮਲੇ ਇੰਨੇ ਭਿਆਨਕ ਹੁੰਦੇ ਹਨ ਅਤੇ ਕੁੱਤਿਆਂ ਨੇ ਇੰਨੀ ਬੁਰੀ ਤਰ੍ਹਾਂ ਵੱਢਿਆ ਹੁੰਦਾ ਹੈ ਕਿ ਉਨ੍ਹਾਂ ਨੂੰ ਦੇਖ ਕੇ ਇਨਸਾਨ ਦੀ



ਰੂਹ ਵੀ ਕੰਬ ਜਾਂਦੀ ਹੈ। ਇਸ ਸਬੰਧੀ ਨਗਰ ਨਿਗਮ ਦੇ ਚੀਫ ਸੈਨੇਟਰੀ ਇੰਸਪੈਕਟਰ ਜਸਵਿੰਦਰ ਸਿੰਘ ਅਤੇ ਸੈਨੇਟਰੀ ਇੰਸਪੈਕਟਰ ਕਰਤਾਰ ਸਿੰਘ ਨਾਲ ਗੱਲ ਕਰਨ 'ਤੇ ਉਨ੍ਹਾਂ ਦੱਸਿਆ ਕਿ ਹੁਣ ਤੱਕ 1500 ਦੇ ਕਰੀਬ ਕੁੱਤਿਆਂ ਦਾ ਟੀਕਾਕਰਨ ਕੀਤਾ ਜਾ ਚੁੱਕਾ ਹੈ, ਜਦੋਂ ਕਿ ਹੁਣ ਇਹ ਮੁਹਿੰਮ ਪਿਛਲੇ ਤਿੰਨ ਮਹੀਨਿਆਂ ਤੋਂ ਬੰਦ ਪਈ ਹੈ ਕਿਉਂਕਿ ਇਸ ਟੀਕਾਕਰਨ ਲਈ ਨਾ ਤਾਂ ਉਨ੍ਹਾਂ ਨੂੰ ਟੀਮ ਵਰਕ ਮਿਲ ਰਿਹਾ ਹੈ ਅਤੇ ਨਾ ਹੀ ਫੰਡ ਜਾਰੀ ਹੋ ਰਹੇ ਹਨ। ਇਸ ਸਬੰਧੀ ਨਿਗਮ ਦੇ ਮੇਅਰ ਵਿਮਲ ਠੱਠਈ ਨਾਲ ਗੱਲ ਕਰਨ 'ਤੇ ਉਨ੍ਹਾਂ ਕਿਹਾ ਕਿ ਸ਼ਹਿਰ 'ਚ ਕੁੱਤਿਆਂ ਲਈ ਸ਼ੈਲਟਰ ਹੋਮ ਬਣਾਉਣ ਲਈ ਮਤਾ ਪਾ ਕੇ ਇਸ ਸਬੰਧੀ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਪੱਤਰ ਵੀ ਲਿਖਿਆ ਗਿਆ ਹੈ। ਉਨ੍ਹਾਂ ਕੋਲ ਸ਼ੈਲਟਰ ਹੋਮ ਲਈ ਜਗ੍ਹਾ ਹੈ ਪਰ ਸਰਕਾਰਾਂ ਇਸ ਲਈ ਫੰਡ ਜਾਰੀ ਨਹੀਂ ਕਰ ਰਹੀਆਂ ਹਨ, ਜਿਵੇਂ ਹੀ ਸ਼ੈਲਟਰ ਹੋਮ ਲਈ ਫੰਡ ਜਾਰੀ ਹੋਵੇਗਾ, ਇਸ 'ਤੇ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।

## ਸਕੂਲ ਖੁੱਲ੍ਹਣ ਦੇ ਪਹਿਲੇ ਦਿਨ ਪੰਜਾਬ 'ਚ ਬੱਚਿਆਂ ਦੀ ਸਕੂਲ ਵੈਨ ਨਾਲ ਵੱਡਾ ਹਾਦਸਾ

ਭਵਾਨੀਗੜ੍ਹ 8 ਮਾਰਚ। ਸਰਦੀਆਂ ਦੀਆਂ ਛੁੱਟੀਆਂ ਤੋਂ ਬਾਅਦ ਅੱਜ ਪਹਿਲੇ ਦਿਨ ਖੁੱਲ੍ਹੇ ਭਵਾਨੀਗੜ੍ਹ ਵਿਖੇ ਇਕ ਪ੍ਰਾਈਵੇਟ ਸਕੂਲ ਦੀ ਵੈਨ ਨਾਲ ਭਿਆਨਕ ਹਾਦਸਾ ਵਾਪਰ ਗਿਆ। ਇਹ ਹਾਦਸਾ ਕਾਰ ਚਾਲਕ ਦੀ ਗਲਤੀ ਕਾਰਣ ਵਾਪਰਿਆ ਦੱਸਿਆ ਜਾ ਰਿਹਾ ਹੈ। ਜਿਸ ਨੇ ਸਕੂਲ ਵੈਨ ਨੂੰ ਜੋਰਦਾਰ ਟੱਕਰ ਮਾਰ ਦਿੱਤੀ। ਟੱਕਰ ਤੋਂ ਬਾਅਦ ਸਕੂਲ ਵੈਨ ਪਲਟ ਗਈ। ਜਿਸ ਸਮੇਂ ਇਹ ਹਾਦਸਾ ਹੋਇਆ ਉਸ ਸਮੇਂ ਵੈਨ ਵਿਚ ਦਰਜਨ ਦੇ ਕਰੀਬ ਬੱਚੇ ਸਵਾਰ ਸਨ। ਮਿਲੀ ਜਾਣਕਾਰੀ ਮੁਤਾਬਕ ਇਹ ਹਾਦਸਾ ਅੱਜ ਸਵੇਰੇ ਉਸ ਸਮੇਂ ਵਾਪਰਿਆ ਜਦੋਂ ਭਵਾਨੀਗੜ੍ਹ ਦੇ ਨਿੱਜੀ ਸਕੂਲ ਸੰਸਕਾਰ ਵੈਲੀ ਸਮਾਰਟ ਸਕੂਲ ਦੀ ਵੈਨ ਬੱਚਿਆਂ ਨੂੰ ਸਕੂਲ ਲੈ ਕੇ ਆ ਰਹੀ ਸੀ, ਇਸ ਦੌਰਾਨ ਭਵਾਨੀਗੜ੍ਹ ਨਾਭਾ ਕੈਂਚੀਆਂ ਵਿਖੇ ਇਕ ਆਈ ਟਵੰਟੀ ਕਾਰ ਨੇ ਇਸ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ ਵਿਚ 11 ਬੱਚੇ ਜਖਮੀ ਹੋਏ ਦੱਸੇ ਜਾ ਰਹੇ ਹਨ, ਜਿਨ੍ਹਾਂ ਨੂੰ ਭਵਾਨੀਗੜ੍ਹ ਦੇ ਪ੍ਰਾਈਵੇਟ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ। ਹਾਦਸੇ ਵਿਚ ਜਖਮੀ ਹੋਏ ਬੱਚਿਆਂ ਨੂੰ ਤੁਰੰਤ ਪਹਿਲਾਂ ਫਸਟ ਏਡ ਦਿੱਤੀ ਗਈ।

## ਦੁਕਾਨ 'ਚੋਂ ਲੱਖਾਂ ਰੁਪਏ ਦੇ ਮੋਬਾਇਲ ਚੋਰੀ

ਜਲਾਲਾਬਾਦ 8 ਮਾਰਚ। ਬੀਤੀ ਰਾਤ ਸਥਾਨਕ ਸ਼ਹਿਰ ਦੇ ਰੇਲਵੇ ਰੋਡ 'ਤੇ ਸਥਿਤ ਇਕ ਮੋਬਾਇਲ ਦੁਕਾਨ ਦੀ ਕੰਧ 'ਚ ਚੋਰਾਂ ਵੱਲੋਂ ਪਾੜ ਪਾ ਕੇ ਲੱਖਾਂ ਰੁਪਏ ਦੇ ਮੋਬਾਇਲ ਚੋਰੀ ਕਰਨ ਦੀ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ। ਚੋਰੀ ਦੀ ਇਹ ਘਟਨਾ ਸੀ. ਸੀ. ਟੀ. ਵੀ. ਕੈਮਰਿਆ 'ਚ ਕੈਦ ਹੋ ਗਈ ਹੈ। ਥਾਣਾ ਸਿਟੀ ਪੁਲਸ ਵੱਲੋਂ ਸੂਚਨਾ ਮਿਲਣ ਤੋਂ ਬਾਅਦ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਇਸ ਚੋਰੀ ਦੀ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅਮਨ ਟੈਲੀਕਾਮ ਦੇ ਸੰਚਾਲਕ ਰਿੰਕੂ ਖਾਲਸਾ ਨੇ ਦੱਸਿਆ ਕਿ ਉਹ ਹਰ ਰੋਜ਼ ਦੀ ਤਰ੍ਹਾਂ ਦੇਰ ਸ਼ਾਮ ਆਪਣੀ ਦੁਕਾਨ ਬੰਦ ਕਰ ਕੇ ਘਰ ਚਲਾ ਗਿਆ ਅਤੇ ਉਸ ਦੀ ਦੁਕਾਨ ਦੇ ਅੰਦਰ ਅਕਸਰ ਹੀ ਵੱਡੀ ਗਿਣਤੀ 'ਚ ਮੋਬਾਇਲ ਫੋਨ ਪਏ ਰਹਿੰਦੇ ਹਨ। ਦੇਰ ਰਾਤ ਚੋਰਾਂ ਨੇ ਉਸਦੀ ਦੁਕਾਨ ਦੇ ਪਿੱਛੇ ਦੀ ਕੰਧ ਤੋੜ ਕੇ ਦੁਕਾਨ ਅੰਦਰ ਦਾਖਲ ਹੋ ਕੇ 50-60 ਮੋਬਾਇਲ ਚੋਰੀ ਕਰ ਲਏ। ਦੁਕਾਨ ਸੰਚਾਲਕ ਦਾ ਕਹਿਣਾ ਹੈ ਕਿ ਇਸ ਚੋਰੀ ਦੀ ਘਟਨਾ 'ਚ ਚੋਰਾਂ ਨੇ ਕਰੀਬ 7 ਲੱਖ ਰੁਪਏ ਦਾ ਨੁਕਸਾਨ




ਕੀਤਾ ਹੈ। ਇਹ ਘਟਨਾ ਸੀ. ਸੀ. ਟੀ. ਵੀ. ਕੈਮਰਿਆ 'ਚ ਕੈਦ ਹੋ ਗਈ ਹੈ। ਜਿਸ 'ਚ ਮੁਲਜ਼ਮ ਮੋਬਾਇਲ ਚੋਰੀ ਕਰਦਾ ਨਜ਼ਰ ਆ ਰਿਹਾ ਹੈ। ਦੂਜੇ ਪਾਸੇ ਇਸ ਚੋਰੀ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਸੀ. ਸੀ. ਟੀ. ਵੀ. ਫੁਟੇਜ ਨੂੰ ਆਪਣੇ ਕਬਜ਼ੇ 'ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਂਚ ਕਰ ਰਹੇ ਤਫਤੀਸ਼ੀ ਅਫਸਰ ਨੇ ਦੱਸਿਆ ਕਿ ਪੁਲਸ ਵੱਲੋਂ ਸੀ. ਸੀ. ਟੀ. ਵੀ. ਕੈਮਰਿਆ ਦੀ ਫੁਟੇਜ ਦੀ ਜਾਂਚ ਕਰ ਰਹੀ ਹੈ ਅਤੇ ਵਾਪਰੀ ਇਸ ਚੋਰੀ ਦੀ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦੀ ਹੀ ਚੋਰਾਂ ਨੂੰ ਫੜ੍ਹ ਲਿਆ ਜਾਵੇਗਾ। ਦੂਜੇ ਪਾਸੇ ਲੋਕਾਂ ਨੇ ਇਸ ਮਾਮਲੇ 'ਚ ਪੁਲਸ ਤੋਂ ਸਖਤ ਕਾਰਵਾਈ ਕਰਨ ਦੀ ਮੰਗ ਕਰਦਿਆਂ ਚਿਤਾਵਨੀ ਦਿੱਤੀ ਹੈ

## ਪਰਫਿਊਮ ਦੀਆਂ ਬੋਤਲਾਂ ਦੀ ਬਦਲੀ ਜਾ ਰਹੀ ਸੀ 'ਐਕਸਪਾਇਰੀ ਡੇਟ', ਹੋ ਗਿਆ ਧਮਾਕਾ

ਪਾਲਘਰ 8 ਮਾਰਚ। ਪਰਫਿਊਮ ਦੀਆਂ ਬੋਤਲਾਂ ਦੀ ਐਕਸਪਾਇਰੀ ਡੇਟ ਬਦਲਣ ਦੀ ਕੋਸ਼ਿਸ਼ ਦੌਰਾਨ ਧਮਾਕਾ ਹੋ ਗਿਆ। ਇਸ ਹਾਦਸੇ 'ਚ ਚਾਰ ਲੋਕ ਜਖਮੀ ਹੋ ਗਏ। ਇਕ ਅਧਿਕਾਰੀ ਨੇ ਸੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਇਹ ਭਿਆਨਕ ਹਾਦਸਾ ਮਹਾਰਾਸ਼ਟਰ ਦੇ ਪਾਲਘਰ ਜਿਲ੍ਹੇ 'ਚ ਵਾਪਰਿਆ। ਉਨ੍ਹਾਂ ਕਿਹਾ ਕਿ ਇਹ ਹਾਦਸਾ ਵੀਰਵਾਰ ਅਤੇ



ਸੁੱਕਰਵਾਰ ਦੀ ਦਰਮਿਆਨੀ ਰਾਤ ਨੂੰ ਮੁੰਬਈ ਦੇ ਬਾਹਰੀ ਇਲਾਕੇ ਨਾਲਾ ਸੋਪਾਰਾ 'ਚ ਰੋਸਨੀ ਅਪਾਰਟਮੈਂਟਸ ਦੇ ਕਮਰਾ ਨੰਬਰ 112 'ਚ ਵਾਪਰਿਆ। ਪੁਲਸ ਨੇ ਪੀੜਤਾਂ ਦੀ ਪਛਾਣ ਮਹਾਵੀਰ ਵਾਡਰ (41), ਸੁਨੀਤਾ ਵਾਡਰ (38), ਕੁਮਾਰ ਹਰਸਵਰਧਨ ਵਾਡਰ (9) ਅਤੇ ਕੁਮਾਰੀ ਹਰਸਦਾ ਵਾਡਰ (14) ਵਜੋਂ ਕੀਤੀ ਹੈ। ਸੁਰੂਆਤੀ ਖਬਰਾਂ ਦਾ ਹਵਾਲਾ ਦਿੰਦੇ ਹੋਏ, ਅਧਿਕਾਰੀ ਨੇ ਕਿਹਾ ਕਿ ਧਮਾਕਾ ਪਰਫਿਊਮ ਦੀਆਂ ਬੋਤਲਾਂ 'ਤੇ ਐਕਸਪਾਇਰੀ ਡੇਟ ਨੂੰ ਬਦਲਣ ਦੀ ਕੋਸ਼ਿਸ਼ ਦੌਰਾਨ ਹੋਇਆ। ਪਰਫਿਊਮ ਬਣਾਉਣ 'ਚ ਜਲਣਸੀਲ ਪਦਾਰਥ ਦਾ ਇਸਤੇਮਾਲ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਕੁਮਾਰ ਹਰਸਵਰਧਨ ਦਾ ਇਲਾਜ ਨਾਲਾ ਸੋਪਾਰਾ ਦੇ ਲਾਈਫ ਕੇਅਰ ਹਸਪਤਾਲ 'ਚ ਕੀਤਾ ਜਾ ਰਿਹਾ ਹੈ

## ਪਤੀ ਹੀ ਨਿਕਲਿਆ ਪਤਨੀ ਦਾ ਕਾਤਲ, ਪੁਲਸ ਨੇ 12 ਘੰਟੇ 'ਚ ਸੁਲਝਾਈ ਕਤਲ ਦੀ ਗੁੱਥੀ

ਖੰਨਾ 8 ਮਾਰਚ। ਖੰਨਾ 'ਚ ਨੈਸਨਲ ਹਾਈਵੇ 'ਤੇ ਔਰਤ ਦੇ ਭੇਦਭਰੇ ਹਾਲਾਤਾਂ 'ਚ ਹੋਏ ਕਤਲ ਮਾਮਲੇ 'ਚ ਉਸਦਾ ਪਤੀ ਹੀ ਕਾਤਲ ਨਿਕਲਿਆ। ਪੁਲਸ ਨੇ 12 ਘੰਟਿਆਂ 'ਚ ਅੰਨ੍ਹੇ ਕਤਲ ਦੀ ਗੁੱਥੀ ਸੁਲਝਾਉਣ 'ਚ ਸਫਲਤਾ ਹਾਸਲ ਕੀਤੀ ਹੈ। ਮੁਲਜਮ ਪਤੀ ਗੌਰਵ ਕੁਮਾਰ ਵਾਸੀ ਸ਼ਿਮਲਾਪੁਰੀ (ਲੁਧਿਆਣਾ) ਨੂੰ ਗ੍ਰਿਫਤਾਰ ਕਰ ਲਿਆ ਗਿਆ। ਦੱਸ ਦਈਏ ਕਿ ਗੌਰਵ ਕੁਮਾਰ ਨੇ ਆਪਣੇ ਸਹੁਰੇ ਘਰ ਜਾਂਦੇ ਸਮੇਂ ਕਾਰ ਰੋਕ ਕੇ ਆਪਣੀ ਪਤਨੀ ਦਾ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ ਅਤੇ ਫਿਰ ਡੈਸਬੋਰਡ ਨਾਲ ਦੋ ਵਾਰ ਸਿਰ ਮਾਰ ਕਰਕੇ ਉਸ ਦਾ ਕਤਲ ਕਰ ਦਿੱਤਾ। ਬਾਅਦ 'ਚ ਕਤਲ ਨੂੰ ਹਾਦਸਾ ਅਤੇ ਲੁੱਟ ਦੀ ਵਾਰਦਾਤ ਦਿਖਾਉਣ ਦੀ ਕੋਸ਼ਿਸ ਕੀਤੀ ਗਈ। ਪਰ ਉਹ ਪੁਲਸ ਦੇ ਸਾਹਮਣੇ ਆਪਣੀ ਝੂਠੀ ਕਹਾਣੀ ਨੂੰ ਸੱਚ ਸਾਬਤ ਨਹੀਂ ਕਰ ਸਕਿਆ ਤੇ ਪੁਲਸ ਨੇ ਉਸ ਨੂੰ ਕਾਬੂ ਕਰ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀਐੱਸਪੀ ਖੰਨਾ ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਗੌਰਵ ਕੁਮਾਰ ਵੱਲੋਂ ਦੱਸੀ ਕਹਾਣੀ ਮੁਤਾਬਕ ਉਹ ਆਪਣੀ ਪਤਨੀ ਤੇ ਬੱਚਿਆਂ ਨਾਲ ਸਹਾਰਨਪੁਰ ਜਾ ਰਿਹਾ ਸੀ। ਇਸ ਦੌਰਾਨ ਉਸਦੀ ਗੱਡੀ ਦੇ ਟਾਇਰ ਵਿਚ ਹਵਾ ਘੱਟ ਹੋਣ ਕਰਕੇ ਉਸ ਨੇ ਸਰਵਿਸ ਲਾਈਨ ਉੱਤੇ ਕਾਰ ਲਾ ਕੇ ਸੜਕ ਪਾਰ ਪੰਪ ਦਾ ਪਤਾ ਕਰਨ ਗਿਆ। ਜਦੋਂ ਉਹ ਵਾਪਸ ਮੁੜਿਆ ਤਾਂ ਉਸ ਦੀ ਪਤਨੀ ਬੇਹੋਸ਼ ਪਈ ਹੋਈ ਸੀ। ਉਸ ਦੇ ਸੱਟਾਂ ਲੱਗੀਆਂ ਹੋਈਆਂ ਸਨ। ਇਸ ਤੋਂ ਬਾਅਦ ਉਹ ਪਤਨੀ ਨੂੰ ਹਸਪਤਾਲ ਲੈ ਗਿਆ। ਹਸਪਤਾਲ ਦੇ ਡਾਕਟਰਾਂ ਨੇ ਉਸ ਨੂੰ ਮ੍ਰਿਤ ਐਲਾਨ ਦਿੱਤਾ। ਅਧਿਕਾਰੀ ਨੇ ਦੱਸਿਆ ਕਿ ਜਦੋਂ ਇਸ ਮਾਮਲੇ ਦੀ ਜਾਂਚ ਸ਼ੁਰੂ ਕੀਤੀ ਗਈ ਤਾਂ ਪਤਾ ਲੱਗਿਆ



ਕਿ ਸਾਰੀ ਸਵੇਰੇ 7 ਵਜੇ ਦੇ ਕਰੀਬ ਵਾਪਰੀ ਸੀ ਤੇ ਪੁਲਸ ਨੂੰ ਕਾਲ 12 ਵਜੇ ਦੇ ਕਰੀਬ ਕੀਤੀ ਗਈ। ਜਾਂਚ ਤੋਂ ਬਾਅਦ ਗੌਰਵ ਦੀ ਘੜੀ ਸਾਰੀ ਕਹਾਣੀ ਝੂਠੀ ਨਿਕਲੀ। ਅਧਿਕਾਰੀ ਨੇ ਦੱਸਿਆ ਕਿ ਮ੍ਰਿਤਰਾ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਗੌਰਵ ਦਾ ਉਸ ਦੀ ਪਤਨੀ ਨਾਲ ਅਕਸਰ ਝਗੜਾ ਰਹਿੰਦਾ ਸੀ। ਗੌਰਵ ਆਪਣੀ ਪਤਨੀ ਤੋਂ ਤਲਾਕ ਲੈਣਾ ਚਾਹੁੰਦਾ ਸੀ। ਇਸ ਲਈ ਉਸ ਨੇ ਕਈ ਵਾਰ ਆਪਣੀ ਪਤਨੀ ਨੂੰ ਪੇਕੇ ਵੀ ਭੇਜਿਆ ਸੀ। ਜਦੋਂ ਪੁਲਸ ਨੇ ਇਸ ਸਬੰਧੀ ਗੌਰਵ ਤੋਂ ਸਖਤੀ ਨਾਲ ਪੁੱਛਗਿੱਛ ਕੀਤੀ ਤਾਂ ਉਸ ਨੇ ਕਬੂਲ ਕੀਤਾ ਕਿ ਉਸ ਨੇ ਇਸ ਸਾਰੀ ਵਾਰਦਾਤ ਨੂੰ ਅੰਜਾਮ ਦਿੱਤਾ ਹੈ।

## ਫ਼ਰੀਦਕੋਟ 'ਚ ਵਾਪਰਿਆ ਸੜਕ ਹਾਦਸਾ !

ਫ਼ਰੀਦਕੋਟ 8 ਮਾਰਚ। ਫ਼ਰੀਦਕੋਟ ਤੋਂ ਕੋਟਕਪੂਰਾ ਰੋਡ ਉੱਪਰ ਅੱਜ ਇਕ ਸੜਕੀ ਹਾਦਸਾ ਵਾਪਰ ਗਿਆ, ਜਿਸ ਵਿਚ ਤਿੰਨ ਗੱਡੀਆਂ ਟਕਰਾਅ ਗਈਆਂ। ਜਾਣਕਾਰੀ ਮੁਤਾਬਕ ਫਰੀਦਕੋਟ ਤੋਂ ਇਕ ਗੱਡੀ ਜਾ ਰਹੀ ਸੀ ਤੇ ਇਕ ਕੋਟਕਪੂਰਾ ਵਾਲੇ ਪਾਸੇ ਤੋਂ ਆ ਰਹੀ ਸੀ। ਇਸ ਦੌਰਾਨ ਓਵਰਟੇਕ ਦੀ ਕੋਸ਼ਿਸ਼ ਵਿਚ ਗੱਡੀਆਂ ਆਪਸ ਵਿਚ ਟਕਰਾਅ ਗਈਆਂ। ਇਸ ਦੌਰਾਨ ਇਕ ਕਾਰ ਚਾਲਕ ਜ਼ਖ਼ਮੀ ਹੋ ਗਿਆ, ਜਿਸ ਨੂੰ ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ 'ਚ ਦਾਖ਼ਲ ਕਰਾਇਆ ਗਿਆ ਅਤੇ ਮੌਕੇ 'ਤੇ ਪੁਲਸ ਵੱਲੋਂ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ। ਹਾਲਾਂਕਿ ਇਸ ਹਾਦਸੇ ਬਾਰੇਕਾਰ ਚਾਲਕਾਂ ਵੱਲੋਂ ਕੋਈ ਵੀ ਜਾਣਕਾਰੀ ਸਾਂਝੀ ਨਹੀਂ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਾਂਚ ਅਧਿਕਾਰੀ ਐੱਸ.ਆਈ. ਗੁਰਪਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਥਾਣੇ ਦੇ ਵਿਚ ਅਤਲਾਹ ਮਿਲੀ ਸੀ ਕਿ ਫਰੀਦਕੋਟ ਤੋਂ ਘੁੜਪੂਰਾ ਰੋਡ ਨਜ਼ਦੀਕ ਸ਼ਾਹੀ ਬੇਲੀ ਦੇ ਇਕ ਕਾਰ ਐਕਸੀਡੈਂਟ ਹੋਇਆ ਹੈ। ਉਨ੍ਹਾਂ ਨੇ ਮੌਕੇ 'ਤੇ ਜਾ ਕੇ ਵੇਖਿਆ ਤਾਂ ਗੱਡੀਆਂ ਦਾ ਕਾਫੀ ਨੁਕਸਾਨ ਹੋਇਆ ਸੀ

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma



# ਕਬਜ਼ ਨੂੰ ਨਾ ਕਰੋ ਨਜ਼ਰਅੰਦਾਜ਼

**ਕਬਜ਼ ਇਨ੍ਹਾਂ ਬਿਮਾਰੀਆਂ ਦੀ ਜੜ੍ਹ ਹੈ ਜਿਵੇਂ ਤੇਜ਼ਾਬ, ਐਸਿਡੀਟੀ, ਬਦਹਜ਼ਮੀ, ਪੇਟ, ਗੈਸ, ਖੱਟੇ ਡਕਾਰ, ਪੇਟ 'ਚ ਸੋਜ ਬਵਾਸੀਰ, ਸਿਰ ਦਰਦ, ਚਿੜਚਿੜਾਪਨ, ਬੇਚੈਨੀ,ਘਬਰਾਹਟ ,ਚੱਕਰ ਆਉਣੇ ਆਦਿ...**

ਇਨਸਾਨ ਆਪਣੀ ਸਿਹਤ ਦਾ ਪੂਰੀ ਤਰ੍ਹਾਂ ਖ਼ਿਆਲ ਨਹੀਂ ਰੱਖਦਾ ਜਿਸ ਕਾਰਨ ਛੋਟੀਆਂ-ਛੋਟੀਆਂ ਬਿਮਾਰੀਆਂ ਗੰਭੀਰ ਹੋ ਜਾਂਦੀਆਂ ਹਨ। ਜੇ ਉਨ੍ਹਾਂ ਦਾ ਸਮੇਂ ਸਿਰ ਇਲਾਜ ਕੀਤਾ ਜਾਵੇ ਤਾਂ ਬਿਮਾਰੀਆਂ ਨੂੰ ਅਸਾਨੀ ਨਾਲ ਰੋਕਿਆ ਜਾ ਸਕਦਾ ਹੈ। ਮਨੁੱਖੀ ਸਰੀਰ 'ਚ ਆਮ ਬਿਮਾਰੀਆਂ ਦੇ ਨਾਲ-ਨਾਲ ਕਬਜ਼ ਦੀ ਬਿਮਾਰੀ ਵੱਡੀ ਗਿਣਤੀ 'ਚ ਪਾਈ ਜਾਂਦੀ ਹੈ। ਕਬਜ਼ ਹੋਰ ਵੀ ਅਨੇਕਾਂ ਬਿਮਾਰੀਆਂ ਨੂੰ ਜਨਮ ਦਿੰਦੀ ਹੈ ਜਿਵੇਂ ਤੇਜ਼ਾਬ, ਐਸਿਡੀਟੀ, ਬਦਹਜ਼ਮੀ, ਪੇਟ, ਗੈਸ, ਖੱਟੇ ਡਕਾਰ, ਪੇਟ 'ਚ ਸੋਜ ਬਵਾਸੀਰ, ਸਿਰ ਦਰਦ, ਚਿੜਚਿੜਾਪਨ, ਬੇਚੈਨੀ ਆਦਿ ਬਿਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।

### ਕਾਰਨ

ਇਸ ਦਾ ਮੁੱਖ ਕਾਰਨ ਫਾਸਟ ਫੂਡ, ਤਲੀਆਂ ਹੋਈਆਂ ਚੀਜ਼ਾਂ, ਮੈਦੇ ਤੋਂ ਬਣੀਆਂ ਚੀਜ਼ਾਂ, ਤੰਬਾਕੂ, ਸਿਗਰਟ, ਬੀੜੀ, ਪਾਣੀ ਦਾ ਬਦਲਣਾ, ਸਰੀਰਕ ਕਸਰਤ ਨਾ ਕਰਨਾ, ਇਕ ਸੀਟ 'ਤੇ ਬੈਠ ਕੇ ਕੰਮ ਕਰਨਾ ਆਦਿ ਨਾਲ ਕਬਜ਼ ਹੋ ਸਕਦੀ ਹੈ।

### ਇਲਾਜ

ਸਵੇਰੇ ਉੱਠ ਕੇ ਕੋਸੇ ਪਾਣੀ ਦਾ ਸੇਵਨ ਕਰਨਾ, ਦਿਨ 'ਚ ਘੱਟੋ-ਘੱਟ 8-10 ਗਲਾਸ ਪਾਣੀ ਜ਼ਰੂਰ ਪੀਓ, ਫਾਇਬਰ ਯੁਕਤ ਭੋਜਨ ਦੀ ਵਰਤੋਂ ਕਰੋ, ਤਰਲ ਚੀਜ਼ਾਂ ਦੀ ਜ਼ਿਆਦਾ ਵਰਤੋਂ ਕਰੋ, ਸੰਤਰਾ, ਪਪੀਤਾ, ਅੰਬ ਆਦਿ ਦਾ ਸੇਵਨ ਕਰਨ ਨਾਲ ਇਸ ਬਿਮਾਰੀ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ।

- ਰੋਜ਼ ਘੱਟੋ-ਘੱਟ 5-6 ਕਿਲੋਮੀਟਰ ਸੈਰ ਕਰੋ, ਕੋਲਡ ਡਰਿੰਕਸ ਤੇ ਆਇਸ ਕਰੀਮ ਤੋਂ ਪਰਹੇਜ਼ ਰੱਖੋ।
- ਸ਼ਾਮ ਦਾ ਖਾਣਾ ਸੌਣ ਤੋਂ ਲਗਪਗ ਤਿੰਨ ਘੰਟੇ ਪਹਿਲਾਂ ਖਾਓ। ਦੁੱਧ, ਦਹੀ, ਲੱਸੀ ਦੀ ਵਰਤੋਂ ਵੱਧ ਤੋਂ ਵੱਧ ਕਰੋ, ਹੋ ਸਕੇ ਤਾਂ ਅੰਗਰੇਜੀ ਦਵਾਈਆਂ ਤੋਂ ਪਰਹੇਜ਼ ਕਰੋ। ਜੇ ਇਨ੍ਹਾਂ ਗੱਲਾਂ ਵੱਲ ਧਿਆਨ ਦਿੱਤਾ ਜਾਵੇ ਤਾਂ ਸਾਡਾ ਸਰੀਰ ਬਿਮਾਰੀਆਂ ਤੋਂ ਮੁਕਤ ਹੋਵੇਗਾ ਤੇ ਨਾਲ ਹੀ ਸਾਡੀ ਸਿਹਤ ਵਧੀਆ ਅਤੇ ਤੰਦਰੁਸਤ ਰਹੇਗੀ।



# ਡ੍ਰਾਈਫਰੂਟ 'ਚ ਸਭ ਤੋਂ ਵਧੀਆ ਮਖਾਣੇ

ਮਖਾਣੇ ਸਰੀਰ ਦੀਆਂ ਕਈ ਬਿਮਾਰੀਆਂ ਨੂੰ ਖ਼ਤਮ ਕਰਦੇ ਹਨ। ਸਰਦੀਆਂ 'ਚ ਡ੍ਰਾਈਫਰੂਟ ਖਾਣੇ ਸਿਹਤ ਲਈ ਬਹੁਤ ਵਧੀਆ ਹਨ। ਇਸ ਨਾਲ ਸਰੀਰ ਨੂੰ ਗਰਮੀ ਮਿਲਦੀ ਹੈ। ਸਫ਼ੈਦ ਰੰਗ ਦੇ ਮਖਾਣਿਆਂ ਦਾ ਇਸਤੇਮਾਲ ਖਾਣ ਦੇ ਨਾਲ-ਨਾਲ ਪੂਜਾ 'ਚ ਵੀ ਕੀਤਾ ਜਾਂਦਾ ਹੈ ਪਰ ਇਹ ਸਿਹਤ ਲਈ ਬਹੁਤ ਵਧੀਆ ਹੁੰਦੇ ਹਨ। ਮਖਾਣੇ ਕਮਲ ਦੇ ਬੀਜ ਤੋਂ ਬਣਦੇ ਹਨ ਤੇ ਖਾਣ 'ਚ ਵੀ ਬਹੁਤ ਸੁਆਦ ਹੁੰਦੇ ਹਨ। ਇਨ੍ਹਾਂ ਨੂੰ ਨਮਕੀਨ, ਮਠਿਆਈ, ਖੀਰ ਤੇ ਸਬਜ਼ੀਆਂ 'ਚ ਪਾ ਕੇ ਵੀ ਖਾਧਾ ਜਾਂਦਾ ਹੈ। ਇਹ ਕਿਡਨੀ ਤੇ ਦਿਲ ਲਈ ਲਾਭਕਾਰੀ ਹਨ। ਆਓ ਜਾਣਦੇ ਹਾਂ ਇਨ੍ਹਾਂ ਦੇ ਫ਼ਾਇਦੇ।

### ਸਰੀਰਕ ਕਮਜ਼ੋਰੀ ਕਰਨ ਦੂਰ

ਅੱਜਕੱਲ੍ਹ ਇਕ ਤਾਂ ਲੋਕ ਮੋਟਾਪੇ ਤੋਂ ਪਰੇਸ਼ਾਨ ਹਨ ਤੇ ਕਈ ਇਸ ਤਰ੍ਹਾਂ ਦੇ ਵੀ ਹਨ ਜੋ ਜ਼ਰੂਰਤ ਤੋਂ ਜ਼ਿਆਦਾ ਪਤਲੇ ਹਨ। ਮਖਾਣੇ 'ਚ ਮੌਜੂਦ ਪ੍ਰੋਟੀਨ ਮਸਲਸ ਬਣਾਉਣ ਤੇ ਫਿਟ ਰੱਖਣ 'ਚ ਮਦਦਗਾਰ ਹਨ।

### ਭੁੱਖ ਘੱਟ ਲੱਗਣਾ

ਲੰਮੇ ਸਮੇਂ ਤਕ ਘਰ ਤੋਂ ਦੂਰ ਰਹਿਣ ਵਾਲੇ ਲੋਕਾਂ ਲਈ ਮਖਾਣੇ ਬਹੁਤ ਹੀ ਲਾਭਕਾਰੀ ਹਨ ਕਿਉਂਕਿ ਇਸ ਨੂੰ ਖਾਣ ਤੋਂ ਬਾਅਦ ਕਾਫ਼ੀ ਦੇਰ ਭੁੱਖ ਨਹੀਂ ਲਗਦੀ। ਇਸ 'ਚ ਕੈਲੋਰੀ ਤੇ ਸੋਡੀਅਮ ਦੀ ਮਾਤਰਾ ਘੱਟ ਹੋਣ ਕਰਕੇ ਇਸ ਨੂੰ ਕਿਸੇ ਵੀ ਸਮੇਂ ਖਾਧਾ ਜਾ ਸਕਦਾ ਹੈ।

### ਬਲੱਡ ਪ੍ਰੈਸ਼ਰ

ਅੱਜਕੱਲ੍ਹ ਬਹੁਤ ਲੋਕਾਂ ਨੂੰ ਬਲੱਡ ਪ੍ਰੈਸ਼ਰ ਦੀ ਸਮੱਸਿਆ ਰਹਿੰਦੀ ਹੈ। ਇਸ ਪਰੇਸ਼ਾਨੀ 'ਚ ਮਖਾਣਿਆਂ ਦਾ ਸੇਵਨ ਕਰਨਾ ਚਾਹੀਦਾ ਹੈ ਕਿਉਂਕਿ ਇਸ 'ਚ ਸੋਡੀਅਮ ਘੱਟ ਪਰ ਪੋਟੈਸ਼ੀਅਮ ਤੇ ਮੈਗਨੀਸ਼ੀਅਮ ਵਧੀਆ ਮਾਤਰਾ 'ਚ ਹੁੰਦੀ ਹੈ।

### ਹੱਡੀਆਂ ਦੇ ਲਈ ਲਾਭਦਾਇਕ

ਕੈਲਸ਼ੀਅਮ ਨਾਲ ਭਰਪੂਰ ਮਖਾਣੇ ਹੱਡੀਆਂ ਲਈ ਬਹੁਤ ਹੀ ਵਧੀਆ ਹਨ। ਜਿਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਹੱਡੀਆਂ ਦਾ ਕੈਂਸਰ ਬਹੁਤ ਜ਼ਿਆਦਾ ਹੋ ਰਿਹਾ ਹੈ ਤੇ ਔਰਤਾਂ 'ਚ 30 ਸਾਲ ਦੀ ਉਮਰ ਤੋਂ ਬਾਅਦ ਹੱਡੀਆਂ ਦਾ ਕਮਜ਼ੋਰ ਹੋ ਜਾਣਾ ਆਮ ਜਿਹੀ ਗੱਲ ਹੈ। ਮਖਾਣੇ ਖਾਣ ਨਾਲ ਇਨ੍ਹਾਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।

## ਘਰੇਲੂ ਨੁਸਖ਼ੇ

ਮੂੰਹ ਦੇ ਛਾਲਿਆਂ ਦੀ ਪਰੇਸ਼ਾਨੀ ਸਾਡਾ ਖਾਣ-ਪੀਣ ਠੀਕ ਨਾ ਹੋਣਾ, ਜਿਸ ਕਰ ਕੇ ਸਾਨੂੰ ਇਸ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।

- ਜਾਮਣ ਦੇ ਕੋਮਲ ਪੱਤਿਆਂ ਨੂੰ ਪੀਸ ਕੇ ਪਾਣੀ 'ਚ ਮਿਲਾ ਕੇ ਕਰੂਲ਼ਾ ਕਰਨ ਨਾਲ ਛਾਲੇ ਠੀਕ ਹੋ ਜਾਂਦੇ ਹਨ।
- ਪਿੱਪਲ ਦੀ ਛਾਲ ਦੇ ਪੱਤਿਆਂ ਨੂੰ ਪੀਸ ਕੇ ਛਾਲਿਆਂ 'ਤੇ ਲਗਾਉਣ ਨਾਲ ਵੀ ਫ਼ਾਇਦਾ ਮਿਲਦਾ ਹੈ।
- ਅਮਰੂਦ ਦੇ ਪੱਤਿਆਂ ਨੂੰ ਖਾਣ ਨਾਲ ਵੀ ਛਾਲੇ ਠੀਕ ਹੁੰਦੇ ਹਨ।
- 50 ਗ੍ਰਾਮ ਘਿਓ ਤੇ ਉਸ 'ਚ 6 ਗ੍ਰਾਮ ਕਪੂਰ ਪਾ ਕੇ ਉਸ ਨੂੰ ਚੰਗੀ ਤਰ੍ਹਾਂ ਮਿਲਾ ਕੇ ਗਰਮ ਕਰ ਕੇ ਛਾਲਿਆਂ 'ਤੇ ਲਗਾਉਣ ਨਾਲ ਇਸ ਬਿਮਾਰੀ ਤੋਂ ਰਾਹਤ ਪਾਈ ਜਾ ਸਕਦੀ ਹੈ।
- ਇਕ ਤੋਲਾ ਹਲਦੀ ਨੂੰ ਇਕ ਲੀਟਰ ਪਾਣੀ 'ਚ ਉਬਾਲ ਕੇ ਪਾਣੀ ਠੰਢਾ ਹੋਣ 'ਤੇ ਦਿਨ 'ਚ ਦੋ ਵਾਰ ਗਰਾਰੇ ਕਰੋ ਇਸ ਨਾਲ ਦੋ ਦਿਨ 'ਚ ਹੀ ਛਾਲਿਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਇਸ ਤਰ੍ਹਾਂ ਦੇ ਘਰੇਲੂ ਨੁਸਖ਼ਿਆਂ ਨਾਲ ਇਨ੍ਹਾਂ ਪਰੇਸ਼ਾਨੀਆਂ ਤੋਂ ਬਚੋ।

# ਛਾਤੀ ਦੀਆਂ ਗਿਲਟੀਆਂ ਦੇ ਕਾਰਨ



ਡਾ. ਤਰਨੀਤ ਕੌਰ ਆਨੰਦ
ਮੋਬਾਈਲ : 98141-04434



ਛਾਤੀ ਦੀਆਂ ਗਿਲਟੀਆਂ ਅੱਜਕੱਲ੍ਹ ਆਮ ਹੀ ਦੇਖਣ ਨੂੰ ਮਿਲਦੀਆਂ ਹਨ। ਇਸ ਦੀ ਨਾ ਤਾਂ ਕੋਈ ਉਮਰ ਰਹੀ ਹੈ ਤੇ ਨਾ ਹੀ ਕੋਈ ਵਿਸ਼ੇਸ਼ ਕਾਰਨ। ਬੱਚਿਆਂ ਤੋਂ ਲੈ ਕੇ ਵੱਡਿਆਂ ਤਕ ਹਰ ਉਮਰ 'ਚ ਇਸ ਬਿਮਾਰੀ ਦਾ ਸਾਹਮਣਾ ਕੀਤਾ ਜਾ ਸਕਦਾ ਹੈ। ਸ਼ਾਇਦ ਇਸ ਦਾ ਪ੍ਰਮੁੱਖ ਕਾਰਨ ਸਾਡਾ ਅੱਜਕੱਲ੍ਹ ਦਾ ਰਹਿਣ-ਸਹਿਣ ਤੇ ਖਾਣ-ਪੀਣ ਹੈ। ਅਜੋਕੇ ਸਮੇਂ 'ਚ ਹਰ ਇਕ ਵਿਅਕਤੀ ਦੌੜ-ਭੱਜ ਦੀ ਜ਼ਿੰਦਗੀ ਜੀਅ ਰਿਹਾ ਹੈ ਜਿਸ ਕਾਰਨ ਚਿੰਤਾ, ਸੋਚ-ਵਿਚਾਰ ਤੇ ਮਾਨਸਿਕ ਤਣਾਅ ਬਹੁਤ ਜ਼ਿਆਦਾ ਵੱਧ ਗਿਆ ਹੈ। ਜੋ ਕਿ ਸਾਨੂੰ ਬਿਮਾਰੀਆਂ ਵੱਲ ਧੱਕ ਰਿਹਾ ਹੈ।

### ਕਾਰਨ

- ਮਾਨਸਿਕ ਤਣਾਓ।
- ਬਾਂਝਪਣ।
- ਤੇਜ਼ ਮਿਰਚ ਮਸਾਲੇ ਦੀ ਜ਼ਿਆਦਾ ਵਰਤੋਂ।
- ਮੈਦਾ-ਦਹੀਂ-ਚਾਵਲ ਦੀ ਜ਼ਿਆਦਾ ਵਰਤੋਂ।

### ਲੱਛਣ

ਛਾਤੀ ਦੀ ਗਿਲਟੀ 'ਚ ਦਰਦ ਤੋਂ ਬਿਨਾਂ ਤੇ ਹੌਲੀ-ਹੌਲੀ ਵਧਦੀ ਨਜ਼ਰ ਆਉਂਦੀ ਹੈ। ਇਸ ਦਾ ਸਿੱਧਾ ਸਬੰਧ ਹਾਰਮੋਨਜ਼ ਨਾਲ ਹੈ। ਹਾਰਮੋਨਜ਼ ਦੇ ਵਧਣ-ਘੱਟਣ ਕਾਰਨ ਜੋ ਅਸੰਤੁਲਨ ਪੈਦਾ ਹੁੰਦਾ ਹੈ ਉਹ ਹੀ ਇਸ ਨੂੰ ਬਣਾਉਣ ਵਿਚ ਸਹਾਇਕ ਬਣਦਾ ਹੈ। ਇਸ ਦੀ ਪਛਾਣ ਕਲੀਨਿਕ ਜਾਂਚ ਅਲਟਰਾਸਾਊਂਡ, ਮੈਮੋਗ੍ਰਾਫੀ ਜਾਂ ਫਿਰ ਨੀਡਲ ਬਾਇਓਪਸੀ ਦੁਆਰਾ ਕੀਤੀ ਜਾਂਦੀ ਹੈ। ਗਰਭ ਕਾਲ ਦੌਰਾਨ ਇਸ ਤਰ੍ਹਾਂ ਦੀ ਗਿਲਟੀ ਵੱਧ ਜਾਂਦੀ ਹੈ। ਇਸਦਾ ਜ਼ਿਆਦਾ ਸਬੰਧ ਹਾਰਮੋਨਜ਼ ਨਾਲ ਹੁੰਦਾ ਹੈ। ਔਰਤਾਂ ਸ਼ੁਰੂਆਤੀ ਤੌਰ 'ਤੇ ਇਸ ਬਾਰੇ ਅਣਗਹਿਲੀ ਕਰਦੀਆਂ ਹਨ, ਜਿਸ ਦੇ ਕਾਰਨ ਹੀ ਇਹ ਗਿਲਟੀਆਂ ਵਧਦੀਆਂ ਜਾਂਦੀਆਂ ਤੇ ਇਨ੍ਹਾਂ ਦਾ ਇਲਾਜ ਮੁਸ਼ਕਿਲ ਹੁੰਦਾ ਜਾਂਦਾ ਹੈ। ਸਾਨੂੰ ਚਾਹੀਦਾ ਹੈ ਕਿ ਰੋਗ ਦਾ ਪਤਾ ਲਗਣ 'ਤੇ ਤੁਰੰਤ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ ਤਾਂ ਜੋ ਰੋਗ ਨੂੰ ਵਧਣ ਤੋਂ ਰੋਕਿਆ ਜਾ ਸਕੇ।

### ਇਲਾਜ

ਛਾਤੀ ਦੀਆਂ ਗਿਲਟੀਆਂ ਦਾ ਇਲਾਜ ਸੰਭਵ ਹੈ। ਛਾਤੀ ਦੀਆਂ ਗਿਲਟੀਆਂ ਦਾ ਜਿੰਨਾ ਜਲਦੀ ਪਤਾ ਲੱਗ ਜਾਵੇ, ਓਨੀ ਹੀ ਜਲਦੀ ਇਲਾਜ ਕਰਵਾਉਣਾ ਚਾਹੀਦਾ ਹੈ। ਇਲਾਜ ਰਾਹੀਂ ਇਨ੍ਹਾਂ ਗਿਲਟੀਆਂ ਨੂੰ ਪੂਰੀ ਤਰ੍ਹਾਂ ਖ਼ਤਮ ਵੀ ਕੀਤਾ ਜਾ ਸਕਦਾ ਹੈ। ਸਹੀ ਸਮੇਂ, ਸਹੀ ਜਾਂਚ ਤੇ ਇਲਾਜ ਹੈ। ਦਸ਼ਮੂਲ, ਕਾਂਚਨਾਰ, ਗੁਗਲ ਗਿਲੋਅ ਆਦਿ ਅਣਗਿਣਤ ਔਸ਼ਧੀਆਂ ਇਸ ਵਿਚ ਕੰਮ ਕਰਦੀਆਂ ਹਨ। ਜੋ ਇਨ੍ਹਾਂ ਗਿਲਟੀਆਂ ਨੂੰ ਜੜ੍ਹੋਂ ਖ਼ਤਮ ਕਰਨ ਵਿਚ ਸਹਾਇਕ ਹਨ। ਛਾਤੀ ਦੀਆਂ ਗਿਲਟੀਆਂ ਨਾ ਤਾਂ ਬਹੁਤ ਭਿਆਨਕ ਬਿਮਾਰੀ ਹੈ ਅਤੇ ਨਾ ਹੀ ਮਾਮੂਲੀ ਜਿਹੀ ਕਹਿਣ ਦਾ ਭਾਵ ਇਸ ਤੋਂ ਡਰਨਾ ਅਤੇ ਇਸਨੂੰ ਅਣਦੇਖਿਆ ਕਰਨਾ ਦੋਨੋਂ ਹੀ ਗ਼ਲਤ ਹਨ। ਆਮ ਬਿਮਾਰੀਆਂ ਵਾਂਗ ਇਹ ਵੀ ਇਕ ਸਰੀਰਕ ਰੋਗ ਹੈ ਜਿਸਦਾ ਸਮੇਂ ਸਿਰ ਸੁਚੱਜੇ ਢੰਗ ਨਾਲ ਇਲਾਜ ਹੋਣਾ ਜ਼ਰੂਰੀ ਹੈ। ਆਮ ਤੌਰ 'ਤੇ

**ਗਿਲਟੀਆਂ ਦੀ ਪਛਾਣ ਕਲੀਨਿਕ ਜਾਂਚ ਅਲਟਰਾਸਾਊਂਡ, ਮੈਮੋਗ੍ਰਾਫੀ ਜਾਂ ਫਿਰ ਨੀਡਲ ਬਾਇਓਪਸੀ ਦੁਆਰਾ ਕੀਤੀ ਜਾਂਦੀ ਹੈ...**

# ਵਿਟਾਮਿਨ ਡੀ ਦੀ ਘਾਟ ਨੂੰ ਅਣਦੇਖਿਆ ਨਾ ਕਰੋ

ਸਰੀਰ ਦੇ ਵਿਕਾਸ ਲਈ ਵਿਟਾਮਿਨ ਬਹੁਤ ਜ਼ਰੂਰੀ ਹੈ। ਜਦੋਂ ਸਰੀਰ 'ਚ ਵਿਟਾਮਿਨ ਡੀ ਦੀ ਘਾਟ ਹੋਣ ਲੱਗਦੀ ਹੈ ਤਾਂ ਕਈ ਤਰ੍ਹਾਂ ਦੇ ਸੰਕੇਤ ਮਿਲਣੇ ਸ਼ੁਰੂ ਹੋ ਜਾਂਦੇ ਹਨ। ਤੁਸੀ ਦੁੱਧ ਪੀਣ ਤੋਂ ਪਰਹੇਜ਼ ਕਰਦੇ ਹੋ ਤੇ ਸਹੀ ਮਾਤਰਾ 'ਚ ਧੁੱਪ ਵੀ ਨਹੀਂ ਲੈਂਦੇ ਤਾਂ ਸਰੀਰ 'ਚ ਕੈਲਸ਼ੀਅਮ ਦੇ ਨਾਲ-ਨਾਲ ਵਿਟਾਮਿਨ ਡੀ ਦੀ ਘਾਟ ਹੋ ਸਕਦੀ ਹੈ। ਇਹ ਕਾਫ਼ੀ ਗੰਭੀਰ ਸਮੱਸਿਆ ਹੈ। ਵਿਟਾਮਿਨ ਡੀ ਦੀ ਸਮੱਸਿਆ ਹੋਣ ਨਾਲ ਹੱਡੀਆਂ ਤੇ ਦੰਦ ਕਮਜ਼ੋਰ ਹੋ ਜਾਂਦੇ ਹਨ।

### ਲੱਛਣ

ਹੱਡੀਆਂ ਤੇ ਮਾਸ-ਪੇਸ਼ੀਆਂ ਕਮਜ਼ੋਰ

ਹੱਡੀਆਂ 'ਚ ਦਰਦ, ਕਮਜ਼ੋਰੀ ਦੇ ਨਾਲ-ਨਾਲ ਮਾਸ-ਪੇਸ਼ੀਆਂ 'ਚ ਲਗਾਤਾਰ ਦਰਦ ਮਹਿਸੂਸ ਹੁੰਦੀ ਹੈ ਤਾਂ ਇਸ ਤਰ੍ਹਾਂ ਵਿਟਾਮਿਨ ਡੀ ਦੀ ਘਾਟ ਦੇ ਕਾਰਨ ਹੀ ਹੋ ਸਕਦਾ ਹੈ। ਵਿਟਾਮਿਨ ਡੀ ਹੱਡੀਆਂ, ਦੰਦ ਤੇ ਮਾਸ-ਪੇਸ਼ੀਆਂ ਲਈ ਬਹੁਤ ਜ਼ਰੂਰੀ ਹੈ।

### ਤਣਾਅ

ਜਿਨ੍ਹਾਂ ਲੋਕਾਂ ਦੇ ਸਰੀਰ 'ਚ ਵਿਟਾਮਿਨ ਡੀ ਦੀ ਘਾਟ ਹੁੰਦੀ ਹੈ ਉਹ ਹਮੇਸ਼ਾ ਉਦਾਸ ਤੇ ਤਣਾਅਗ੍ਰਸਤ ਹੁੰਦੇ ਹਨ। ਵਿਟਾਮਿਨ ਸਾਡੇ ਮੂਡ ਨੂੰ ਠੀਕ ਤੇ ਡੀਪਰੈਸ਼ਨ 'ਚੋਂ ਬਾਹਰ ਕੱਢਣ 'ਚ ਮਦਦਗਾਰ ਹੈ।

### ਜ਼ਿਆਦਾ ਪਸੀਨਾ ਆਉਣਾ

ਸਰੀਰ 'ਚ ਵਿਟਾਮਿਨ ਸੀ ਦੀ ਘਾਟ ਹੋਣ ਕਾਰਨ ਬਹੁਤ ਜ਼ਿਆਦਾ ਪਸੀਨਾ ਆਉਂਦਾ ਹੈ। ਬੱਚਿਆਂ ਦੇ ਹੱਥਾਂ ਨੂੰ ਜ਼ਿਆਦਾ ਪਸੀਨਾ ਆਉਂਦਾ ਹੈ ਤਾਂ ਹੋ ਸਕਦਾ ਹੈ ਕਿ ਉਨ੍ਹਾਂ 'ਚ ਵਿਟਾਮਿਨ ਡੀ ਦੀ ਘਾਟ ਹੋਵੇ। ਇਸ ਨੂੰ ਅਣਦੇਖਿਆ ਨਹੀਂ ਕਰਨਾ ਚਾਹੀਦਾ।





# ਸਰਦੀਆਂ ਵਿਚ ਦਿਲ ਦਾ ਰੱਖੋ ਖਿਆਲ

ਡਾ. ਬੇਦੀ

ਪੰਜਾਬ ਵਿਚ 1000 ਵਿੱਚੋਂ 61 ਲੋਕ ਇਸਦੇ ਮਰੀਜ਼ ਹਨ ਅਤੇ ਸਭ ਤੋਂ ਫਿਕਰ ਵਾਲੀ ਗੱਲ ਇਹ ਹੈ ਕਿ 30 ਤੋਂ 40 ਸਾਲ ਦੇ ਲੋਕਾਂ ਵਿਚ ਇਹ ਬਿਮਾਰੀ ਵੱਧ ਰਹੀ ਹੈ। ਅਨੇਕਾਂ ਉਦਾਹਰਣਾਂ, ਤਣਾਅ, ਉਦਾਸ ਜੀਵਨ-ਸ਼ੈਲੀ ਅਤੇ ਮਾੜੀ ਖ਼ੁਰਾਕ ਆਦਿ। ਸਾਡੀ ਮਾੜੀ ਜੀਵਨਸ਼ੈਲੀ ਇਸ ਦੌਰੇ ਦਾ ਕਾਰਨ ਬਣਦੀ ਹੈ। ਸਰਦੀਆਂ ਦੇ ਮੌਸਮ ਵਿਚ ਦਿਲ ਦੇ ਦੌਰੇ ਦਾ ਖ਼ਤਰਾ ਦੁੱਗਣਾ ਹੁੰਦਾ ਹੈ। ਕਈ ਕਾਰਨਾਂ ਕਰਕੇ ਸਰਦੀ ਦਿਲ ਦੇ ਮਰੀਜ਼ਾਂ ਲਈ ਜ਼ਿਆਦੀ ਮਾੜੀ ਹੁੰਦੀ ਹੈ। ਜਦੋਂ ਬੰਦਾ ਸਿੱਧਾ ਠੰਡੇ ਮੌਸਮ ਦੇ ਸੰਪਰਕ ਵਿਚ ਆਉਂਦਾ ਹੈ ਤਾਂ ਉਸਦੇ ਸਰੀਰ ਦੀਆਂ ਖ਼ੂਨ ਨਾੜੀਆਂ ਸੁੰਗੜ ਜਾਂਦੀਆਂ ਹਨ ਤਾਂ ਜੋ ਸਰੀਰ ਦੀ ਗਰਮੀ ਬਣੀ ਰਹੇ। ਇਨ੍ਹਾਂ ਸੁੰਗੜੀਆਂ ਨਾੜਾ ਕਰਕੇ ਬਲੱਡ ਪ੍ਰੈਸ਼ਰ ਵੱਧ ਜਾਂਦਾ ਹੈ। ਜਿਸਦਾ ਅਸਰ ਦਿਲ 'ਤੇ ਪੈਂਦਾ ਹੈ। ਦਿਲ ਨੂੰ ਵੱਧ ਕੰਮ ਕਰਨਾ ਪੈਂਦਾ ਹੈ। ਸੁੰਗੜੀਆਂ ਖ਼ੂਨ ਦੀਆਂ ਨਾੜਾਂ ਸਦਕਾ ਖ਼ੂਨ ਦੀ ਸਪਲਾਈ ਘੱਟ ਜਾਂਦੀ ਹੈ। ਆਮ ਹਾਲਤਾਂ ਵਿਚ ਦਿਲ ਇਸ ਸਥਿਤੀ ਨੂੰ ਸਹਿਣ ਕਰ ਲੈਂਦਾ ਹੈ ਪਰ ਜੇ ਦਿਲ ਬਿਮਾਰ ਹੈ ਤਾਂ ਦਿਲ ਦੇ ਦੌਰੇ ਦੇ ਆਸਾਰ ਵੱਧ ਜਾਂਦੇ ਹਨ। ਸਰਦੀਆਂ ਵਿਚ ਕੋਲੈਸਟ੍ਰੋਲ ਦਾ ਲੈਵਲ ਵੀ ਵੱਧ ਜਾਂਦਾ ਹੈ। ਲੋਕ ਸਰਦੀਆਂ ਵਿਚ ਸ਼ੌਂਕ ਨਾਲ ਖਾਂਦੇ-ਪੀਂਦੇ ਹਨ ਜਿਸ ਸਦਕਾ ਮਨੁੱਖ ਦਾ ਭਾਰ ਵੀ ਵੱਧਦਾ ਹੈ। ਇਨ੍ਹਾਂ ਸਭ ਕੁੱਝ ਦਾ ਮਨੁੱਖੀ ਦਿਲ ਉਪਰ ਮਾੜਾ ਅਸਰ ਪੈਂਦਾ ਹੈ। ਦਵਾਈ ਲੈਣੀ ਕਦੇ ਵੀ ਭੁੱਲਣੀ ਨਹੀਂ ਚਾਹੀਦੀ ਅਤੇ ਨਾ ਹੀ ਉਨ੍ਹਾਂ ਨਿਸ਼ਾਨੀਆਂ ਨੂੰ ਅਣਦੇਖਿਆ ਕਰਨਾ ਚਾਹੀਦਾ ਹੈ ਜੋ ਦਿਲ ਦੀ ਬਿਮਾਰੀ ਦੀ ਸ਼ੰਕਾ ਪਾਉਂਦੀਆਂ ਹਨ। ਸਹੀ ਸਲਾਹ ਲਈ ਚੰਗੇ ਡਾਕਟਰ ਕੋਲ ਜਾਣਾ ਚਾਹੀਦਾ ਹੈ। ਤੰਬਾਕੂ, ਕੌਫੀ, ਚਾਹ, ਅਲਕੋਹਲ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਕਿਉਂਕਿ ਇਨ੍ਹਾਂ ਕਾਰਨ ਕਰਕੇ ਦਿਲ 'ਤੇ ਦਬਾਅ ਵੱਧਦਾ ਹੈ। ਧੁੱਪ ਵਿਚ ਬੈਠਣ ਨਾਲ ਮਨੁੱਖੀ ਸਰੀਰ ਨੂੰ ਵਿਟਾਮਿਨ ਡੀ ਮਿਲਦਾ ਹੈ ਜਿਹੜਾ ਮਨੁੱਖੀ ਸਿਹਤ ਲਈ ਲਾਹੇਵੰਦ ਹੈ। ਰੋਜ਼ਾਨਾ ਕਸਰਤ ਸਰਦੀਆਂ ਵਿਚ ਲਾਜ਼ਮੀ ਹੈ ਪਰ ਇਨ੍ਹਾਂ ਦਿਨਾਂ ਵਿਚ ਸੈਰ ਸੂਰਜ ਚੜ੍ਹੇ 'ਤੇ ਹੀ ਕਰਨੀ ਚਾਹੀਦੀ ਹੈ। ਇਕਦਮ ਤੇਜ਼ ਕਸਰਤ ਦਿਲ ਦੇ ਮਰੀਜ਼ਾਂ ਨੂੰ ਨਹੀਂ ਕਰਨੀ ਚਾਹੀਦੀ। ਕਿਸੇ ਮਾਹਿਰ ਦੀ ਨਿਗਰਾਨੀ ਵਿਚ ਹੀ ਕਸਰਤ ਕਰਨ ਦਾ ਫ਼ਾਇਦਾ ਹੈ।

**ਦਵਾਈ ਲੈਣੀ ਕਦੇ ਵੀ ਭੁੱਲਣੀ ਨਹੀਂ ਚਾਹੀਦੀ ਅਤੇ ਨਾ ਹੀ ਉਨ੍ਹਾਂ ਨਿਸ਼ਾਨੀਆਂ ਨੂੰ ਅਣਦੇਖਿਆ ਕਰਨਾ ਚਾਹੀਦਾ ਹੈ ਜੋ ਦਿਲ ਦੀ ਬਿਮਾਰੀ ਦੀ ਸ਼ੰਕਾ ਪਾਉਂਦੀਆਂ ਹਨ। ਸਹੀ ਸਲਾਹ ਲਈ ਚੰਗੇ ਡਾਕਟਰ ਕੋਲ ਜਾਣਾ ਚਾਹੀਦਾ ਹੈ। ਤੰਬਾਕੂ, ਕੌਫੀ, ਚਾਹ, ਅਲਕੋਹਲ ਤੋਂ ਪਰਹੇਜ਼ ਕਰਨਾ ਚਾਹੀਦਾ ਹੈ...**

# ਟ੍ਰਾਂਸਫੈਟ ਖਾ ਕੇ ਨਾ ਦੇਈਏ ਬਿਮਾਰੀਆਂ ਨੂੰ ਸੱਦਾ



ਖਾਧ ਤੇਲ ਨੂੰ ਵਾਰ-ਵਾਰ ਗਰਮ ਕਰਕੇ ਇਸ'ਚ ਬਣਾਏ ਭੋਜਨ ਤੋਂ ਸਾਡੇ ਸਰੀਰ ਨੂੰ ਮਿਲਣ ਵਾਲੀ ਮਾੜੀ ਚਰਬੀ ਟ੍ਰਾਂਸਫੈਟ ਹੈ। ਇਹ ਦੋ ਤਰ੍ਹਾਂ ਦੀ ਹੁੰਦੀ ਹੈ। ਆਓ ਜਾਣਦੇ ਹਾਂ ਇਸ ਦੇ ਬਾਰੇ।

ਕਈ ਵਾਰ ਰੋਗੀ ਨੂੰ ਪਰੇਸ਼ਾਨੀ ਸਿਰਫ਼ ਬਿਮਾਰੀ ਕਾਰਨ ਨਹੀਂ ਹੁੰਦੀ ਸਗੋਂ ਇਹ ਸੋਚ ਕੇ ਹੁੰਦੀ ਹੈ ਕਿ ਖਾਣ ਪੀਣ 'ਚ ਏਨਾ ਪਰਹੇਜ਼ ਰੱਖਣ ਦੇ ਬਾਵਜੂਦ ਉਨ੍ਹਾਂ ਨੂੰ ਇਹ ਬਿਮਾਰੀ ਹੋਈ ਕਿਉਂ? ਇਹ ਪਰੇਸ਼ਾਨੀ ਇਕ ਮਰੀਜ਼ ਦੀ ਨਹੀਂ ਹੈ। ਡਾਕਟਰ ਦਾ ਆਮ ਕਰ ਕੇ ਮੰਨਣਾ ਹੈ ਕਿ ਇਥੇ ਅੱਧੇ ਤੋਂ ਵੱਧ ਲੋਕ ਇਸ ਲਈ ਬਿਮਾਰ ਹੁੰਦੇ ਹਨ ਕਿ ਉਨ੍ਹਾਂ ਨੂੰ ਬਿਮਾਰੀ ਬਾਰੇ ਪਹਿਲਾਂ ਕੋਈ ਜਾਣਕਾਰੀ ਨਹੀਂ ਹੁੰਦੀ। ਉਨ੍ਹਾਂ ਨੂੰ ਇਹੀ ਪਤਾ ਨਹੀਂ ਕਿ ਕੁੱਝ ਗੱਲਾਂ ਦਾ ਧਿਆਨ ਰੱਖ ਕੇ ਉਹ ਅਸਾਨੀ ਨਾਲ ਕਈ ਬਿਮਾਰੀਆਂ ਨੂੰ ਆਪਣੇ ਆਪ ਤੋਂ ਦੂਰ ਰੱਖ ਸਕਦੇ ਹਨ। ਲੋਕ ਖਾਣਾ ਖਾਂਦੇ ਹਨ ਪਰ ਉਨ੍ਹਾਂ ਨੂੰ ਇਹ ਨਹੀਂ ਪਤਾ ਹੁੰਦਾ ਕਿ ਉਹ ਅਜਿਹਾ ਭੋਜਨ ਖਾ ਰਹੇ ਹਨ ਉਸ ਨਾਲ ਸਰੀਰ ਨੂੰ ਨੁਕਸਾਨ ਜਾਂ ਫ਼ਾਇਦਾ ਪਹੁੰਚਾਉਣ ਵਾਲੀਆਂ ਕਿਹੜੀਆਂ ਚੀਜ਼ਾਂ ਹਨ।

ਇਸ ਬਾਰੇ ਬਹੁਤ ਘੱਟ ਲੋਕ ਜਾਗਰੂਕ ਹਨ ਕਿ ਕਿਹੜੀ ਚੀਜ਼ ਕਿਸ ਤਰ੍ਹਾਂ ਪਕਾਈ ਜਾਵੇ ਕਿ ਉਸ ਨਾਲ ਵੱਧ ਤੋਂ ਵੱਧ ਫ਼ਾਇਦਾ ਹੋਵੇ। ਅਜਿਹੀ ਹੀ ਇਕ ਚੀਜ਼ ਜਿਸ ਬਾਰੇ ਲੋਕਾਂ ਨੂੰ ਲੋੜੀਂਦੀ ਜਾਣਕਾਰੀ ਨਹੀਂ ਹੈ, ਉਹ ਹੈ ਫੈਟ ਜਾਂ ਚਰਬੀ। ਲੋਕ ਖਾਣੇ 'ਚ ਹਰ ਤਰ੍ਹਾਂ ਦੀ ਫੈਟ ਨੂੰ ਬੁਰਾ ਮੰਨਦੇ ਹਨ ਤੇ ਆਮ ਧਾਰਨਾ ਹੈ ਕਿ ਫੈਟ ਜਾਂ ਚਰਬੀ ਵਾਲੀਆਂ ਚੀਜ਼ਾਂ ਨਹੀਂ ਖਾਣੀਆਂ ਚਾਹੀਦੀਆਂ। ਇਸ ਲਈ ਸਿਹਤ ਪ੍ਰਤੀ ਜਾਗਰੂਕ ਲੋਕ ਚਿਕਨਾਈ ਵਾਲੀਆਂ ਸਭ ਤਰ੍ਹਾਂ ਦੀਆਂ ਚੀਜ਼ਾਂ ਤੋਂ ਪਰਹੇਜ਼ ਕਰਨ ਲੱਗਦੇ ਹਨ ਪਰ ਸਹੀ ਤਾਂ ਇਹ ਹੈ ਕਿ ਇਨਸਾਨੀ ਸਰੀਰ ਲਈ ਚਰਬੀ ਬਹੁਤ ਜ਼ਰੂਰੀ ਹੈ ਕਿਉਂਕਿ ਊਰਜਾ ਦਾ ਇਹ ਨਾ ਸਿਰਫ਼ ਸਭ ਤੋਂ ਪ੍ਰਭਾਵਸ਼ਾਲੀ ਸ੍ਰੋਤ ਹੈ ਸਗੋਂ ਸਾਡੇ ਦਿਮਾਗ਼ ਦਾ 60 ਫ਼ੀਸਦੀ ਹਿੱਸਾ ਚਰਬੀ ਦਾ ਹੀ ਬਣਿਆ ਹੁੰਦਾ ਹੈ। ਕਈ ਜ਼ਰੂਰੀ ਹਾਰਮੋਨਾਂ ਦੀ ਪੈਦਾਵਾਰ ਲਈ ਫੈਟ ਚਾਹੀਦੀ ਹੈ। ਸਾਫ਼ ਹੈ ਕਿ ਫੈਟ ਬਿਨਾਂ ਇਨਸਾਨੀ ਸਰੀਰ ਦਾ ਗੁਜ਼ਾਰਾ ਨਹੀਂ।

### ਸੈਚੂਰੇਟਿਡ ਫੈਟ

ਸਾਡੇ ਖਾਣੇ 'ਚ ਇਹ ਪੂਰਨ ਚਰਬੀ ਵਾਲੀਆਂ ਚੀਜ਼ਾਂ ਦੁੱਧ, ਪਨੀਰ, ਦੇਸੀ ਘਿਓ ਤੇ ਹੋਰ ਡੇਅਰੀ ਵਸਤਾਂ ਤੇ ਨਾਰੀਅਲ ਦੇ ਤੇਲ ਤੋਂ ਹਾਸਲ ਹੁੰਦੀ ਹੈ। ਭੋਜਨ 'ਚ ਕੈਲੋਰੀ ਦੇ ਰੂਪ 'ਚ ਜਦ ਊਰਜਾ ਦਾ ਹਿਸਾਬ-ਕਿਤਾਬ ਲਾਉਂਦੇ ਹਾਂ ਤਾਂ ਇਹ ਧਿਆਨ ਰੱਖਿਆ ਜਾਣਾ ਚਾਹੀਦਾ ਹੈ ਕਿ ਫੈਟ ਦੀ ਮਾਤਰਾ 10 ਫ਼ੀਸਦੀ ਊਰਜਾ ਤੋਂ ਵੱਧ ਨਾ ਹੋਵੇ। ਇਕ ਗ੍ਰਾਮ ਫੈਟ 9 ਕੈਲੋਰੀ ਦੇ ਬਰਾਬਰ ਹੁੰਦੀ ਹੈ।

### ਅਨਸੈਚੂਰੇਟਿਡ ਫੈਟ

ਇਹ ਸਰੀਰ ਲਈ ਸਭ ਤੋਂ ਵਧੀਆ ਫੈਟ ਮੰਨੀ ਜਾਂਦੀ ਹੈ ਤੇ ਖਾਣ 'ਚ ਕੁੱਲ ਕੈਲੋਰੀ ਦਾ ਹਿੱਸਾ 10 ਤੋਂ 15 ਫ਼ੀਸਦੀ ਹੋ ਸਕਦਾ ਹੈ। ਸਰੀਰ 'ਚ ਦਿਲ ਦੇ ਰੋਗ ਲਈ ਜ਼ਿੰਮੇਵਾਰ ਬੁਰੇ ਕੋਲੈਸਟਰੋਲ ਨੂੰ ਕੰਟਰੋਲ ਕਰਦੀ ਹੈ ਕੁੱਝ ਕਿਸਮ ਦੇ ਕੈਂਸਰ ਤੋਂ ਵੀ ਬਚਾਉਂਦੀ ਹੈ। ਸਰ੍ਹੋਂ, ਜੈਤੂਨ, ਚਾਵਲ ਦੇ ਛਿਲਕੇ ਤੋਂ ਤਿਆਰ ਤੇਲਾਂ ਤੇ ਮੂੰਗਫਲੀ, ਬਦਾਮ ਦਾ ਤੇਲ ਹਾਸਲ ਕੀਤਾ ਜਾ ਸਕਦਾ ਹੈ।

ਖ਼ਾਸ ਗੱਲ ਇਹ ਹੈ ਕਿ ਟ੍ਰਾਂਸਫੈਟੀ ਐਸਿਡ ਤੋਂ ਬਣੀ ਇਹ ਫੈਟ ਪੂਰੀ ਤਰ੍ਹਾਂ ਸਾਡੇ ਭੋਜਨ ਦੇ ਤਰੀਕੇ ਤੋਂ ਹੀ ਪੈਦਾ ਹੁੰਦੀ ਹੈ ਤੇ ਖਾਣਾ ਪਕਾਉਣ 'ਚ ਥੋੜ੍ਹੀ ਜਿਹੀ ਹੀ ਸਾਵਧਾਨੀ ਰੱਖ ਕੇ ਸਰੀਰ 'ਚ ਇਸ ਦੀ ਮਾਤਰਾ ਸੀਮਿਤ ਕੀਤੀ ਜਾ ਸਕਦੀ ਹੈ।

# ਸੋਇਆਬੀਨ



ਸੋਇਆਬੀਨ ਆਪਣੇ ਪੌਸ਼ਟਿਕ ਗੁਣਾਂ ਕਾਰਨ ਆਦਮੀਆਂ ਅਤੇ ਔਰਤਾਂ, ਦੋਵਾਂ ਲਈ ਲਾਹੇਵੰਦ ਹੈ ਪਰ ਸਿਹਤ ਮਾਹਿਰਾਂ ਅਨੁਸਾਰ ਸੋਇਆਬੀਨ ਦਾ ਇਸਤੇਮਾਲ ਔਰਤਾਂ ਲਈ ਹੋਰ ਵੀ ਜ਼ਿਆਦਾ ਫਾਇਦੇਮੰਦ ਹੈ। ਸੋਇਆਬੀਨ ਪ੍ਰੋਟੀਨ, ਕੈਲਸ਼ੀਅਮ ਅਤੇ ਆਇਰਨ ਦਾ ਇਕ ਉੱਤਮ ਸਰੋਤ ਤਾਂ ਹੈ ਹੀ, ਇਸ ਦਾ ਲਗਾਤਾਰ ਸੇਵਨ ਕਰਨ ਨਾਲ ਔਰਤਾਂ ਦੇ ਸਰੀਰ ਵਿਚ ਹਾਰਮੋਨਜ਼ ਦਾ ਪੱਧਰ ਸੰਤੁਲਤ ਰਹਿੰਦਾ ਹੈ। ਸਿਹਤ ਵਿਗਿਆਨੀਆਂ ਅਨੁਸਾਰ ਸੋਇਆਬੀਨ ਸਰੀਰ ਵਿਚ ਕੋਲੈਸਟ੍ਰੋਲ ਦੇ ਪੱਧਰ ਨੂੰ ਕਾਬੂ ਵਿਚ ਰੱਖਦਾ ਹੈ।

ਇਸ ਦਾ ਪੱਧਰ ਹੇਠਾਂ ਰਹਿਣ ਨਾਲ ਹਾਈ ਬਲੱਡ ਪ੍ਰੈਸ਼ਰ ਅਤੇ ਦਿਲ ਦੇ ਦੌਰੇ ਦੀਆਂ ਸੰਭਾਵਨਾਵਾਂ ਕਾਫੀ ਘੱਟ ਜਾਂਦੀਆਂ ਹਨ। ਇਸਤਰੀ ਰੋਗ ਮਾਹਰਾਂ ਅਨੁਸਾਰ ਜਿਨ੍ਹਾਂ ਔਰਤਾਂ ਦਾ ਮੀਨੋਪਜ਼ ਹੋਣ ਵਾਲਾ ਹੈ, ਉਨ੍ਹਾਂ ਨੂੰ ਰੋਜ਼ਾਨਾ 70 ਗ੍ਰਾਮ ਸੋਇਆਬੀਨ ਆਪਣੇ ਭੋਜਨ ਵਿਚ ਸ਼ਾਮਲ ਕਰਨਾ ਚਾਹੀਦਾ ਹੈ। ਇਸ ਤਰ੍ਹਾਂ ਕਰਨ ਨਾਲ ਮੀਨੋਪਾਜ਼ ਤੋਂ ਪਹਿਲਾਂ ਦੀਆਂ ਸਮੱਸਿਆਵਾਂ, ਚਿੜਚਿੜਾਪਨ, ਕਮਜ਼ੋਰੀ ਆਦਿ ਉਪਰ ਕਾਫੀ ਹੱਦ ਤੱਕ ਕਾਬੂ ਪਾਇਆ ਜਾ ਸਕਦਾ ਹੈ।

# ਰੋਗਾਂ 'ਚ ਲਾਭਕਾਰੀ ਪਿਆਜ਼

ਹਰ ਘਰ ਵਿਚ ਪਿਆਜ਼ ਦੀ ਵਰਤੋਂ ਵੱਖ-ਵੱਖ ਰੂਪਾਂ ਵਿਚ ਕੀਤੀ ਜਾਂਦੀ ਹੈ।ਖਾਣ ਦੀ ਵਸਤੂ ਹੋਣ ਦੇ ਨਾਲ-ਨਾਲ ਇਸ ਵਿਚ ਹੋਰ ਵੀ ਗੁਣ ਹਨ।ਇਸ ਦੇ ਸੇਵਨ ਨਾਲ ਰੋਗਾਂ ਨੂੰ ਨਸ਼ਟ ਕੀਤਾ ਜਾਂਦਾ ਹੈ। ਪੱਛਮੀ ਦੇਸ਼ਾਂ 'ਚ ਪਿਆਜ਼ ਖ਼ਾਸ ਤਰੀਕੇ ਨਾਲ ਵਰਤਿਆ ਜਾਂਦਾ ਹੈ। ਚੀਨੀ ਲੋਕ ਇਸ ਨੂੰ ਪਾਣੀ ਵਿਚ ਉਬਾਲ ਕੇ ਖਾਂਦੇ ਹਨ ਉਨ੍ਹਾਂ ਦੇ ਅਨੁਸਾਰ ਅਜਿਹਾ ਕਰਨ ਨਾਲ ਇਸ ਵਿਚਲੇ ਤੱਤ ਨਸ਼ਟ ਨਹੀਂ ਹੁੰਦੇ।

### ਵਿਸ਼ੇਸ਼ਤਾ

ਪਿਆਜ਼ ਦੀ ਲਗਾਤਾਰ ਵਰਤੋਂ ਕਰਨ ਨਾਲ ਬੁਢਾਪੇ ਨੂੰ ਲੰਮੇ ਸਮੇਂ ਤਕ ਟਾਲਿਆ ਜਾ ਸਕਦਾ ਹੈ। ਵਡੇਰੀ ਉਮਰ ਤਕ ਸੋਚਣ ਸ਼ਕਤੀ ਵਿਚ ਬੇਮਿਸਾਲ ਵਾਧਾ ਹੁੰਦਾ ਹੈ। ਇਸ ਦੀ ਰੋਜ਼ਾਨਾ ਵਰਤੋਂ ਨਾਲ ਬਲ ਬੁੱਧੀ, ਸ਼ਕਤੀ ਅਤੇ ਸੁੰਦਰਤਾ ਵਧਦੀ ਹੈ। ਪਿਆਜ਼ ਨਾਲ ਗੈਸ, ਕਬਜ਼, ਚਮੜੀ ਰੋਗਾਂ, ਸਿਰ ਦਰਦ ਵਰਗੀਆਂ ਬਿਮਾਰੀਆਂ ਤੋਂ ਨਿਜਾਤ ਪਾਈ ਜਾ ਸਕਦੀ ਹੈ।

### ਗੁਣ

ਪਿਆਜ਼ ਦਿਲ ਦੇ ਰੋਗਾਂ ਲਈ ਬੜਾ ਕਾਰਗਰ ਸਾਬਤ ਹੋਇਆ ਹੈ। ਇਸ ਦੇ ਸੌ ਗ੍ਰਾਮ ਰਸ ਨੂੰ ਇਕ ਤੋਲਾ ਸ਼ਹਿਦ ਅਤੇ ਦੋ ਕੇਲਿਆਂ ਵਿਚ ਚੰਗੀ ਤਰ੍ਹਾਂ ਮਿਲਾ ਕੇ ਦੁੱਧ ਨਾਲ ਖਾਣ 'ਤੇ ਦਿਲ ਦੀਆਂ ਬਿਮਾਰੀਆਂ ਘੱਟ ਹੁੰਦੀਆਂ ਹਨ ਅਤੇ ਰੋਗਾਂ ਤੋਂ ਬਚਿਆ ਜਾ ਸਕਦਾ ਹੈ।

### ਖ਼ੂਨੀ ਬਵਾਸੀਰ

ਬਵਾਸੀਰ ਦੇ ਰੋਗ ਵਿਚ ਜੇ ਖ਼ੂਨ ਵਗਦਾ ਹੋਵੇ ਤਾਂ ਪਿਆਜ਼ ਦੇ ਰਸ ਵਿਚ ਮਿਸਰੀ ਮਿਲਾ ਕੇ ਲਗਾਉਣ ਨਾਲ ਲਾਭ ਮਿਲਦਾ ਹੈ।

### ਅੰਤੜੀ ਰੋਗ

ਅੰਤੜੀ ਰੋਗਾਂ 'ਚ ਪਿਆਜ਼ ਵਰਦਾਨ ਸਿੱਧ ਹੁੰਦਾ ਹੈ। ਪਿਆਜ਼ ਨਾਲ ਅੰਤੜੀਆਂ ਦੇ ਸੁੰਗੜਣ ਅਤੇ ਫੈਲਣ ਦੀ ਕਿਰਿਆ ਨੂੰ ਉਤੇਜਨਾ ਮਿਲਦੀ ਹੈ ਅਤੇ ਮਲ ਬਾਹਰ ਆ ਜਾਂਦਾ ਹੈ। ਇਸ ਤਰ੍ਹਾਂ ਅੰਤੜੀਆਂ ਸਾਫ਼ ਹੋਣ ਨਾਲ ਰੋਗ ਮੁਕਤ ਹੋ ਜਾਂਦੀਆਂ ਹਨ।

### ਛਾਤੀ ਦਰਦ

ਛਾਤੀ ਵਿਚ ਕਦੇ-ਕਦੇ ਦਰਦ ਹੁੰਦਾ ਹੋਵੇ ਤਾਂ ਪਿਆਜ਼ ਦੇ ਰਸ ਵਿਚ ਚੁਟਕੀ ਭਰ ਹਿੰਗ ਮਿਲਾ ਕੇ ਲਗਾਉਣ ਨਾਲ ਛਾਤੀ ਦਰਦ ਤੋਂ ਰਾਹਤ ਮਿਲੇਗੀ ਅਤੇ ਗੂੜ੍ਹੀ ਨੀਂਦ ਆਵੇਗੀ।

### ਮੋਤੀਆ ਬਿੰਦ

ਪਿਆਜ਼ ਦਾ ਰਸ 10 ਗ੍ਰਾਮ, ਸ਼ੁੱਧ ਸ਼ਹਿਦ 10 ਗ੍ਰਾਮ ਆਦਿ ਸਮੱਗਰੀ ਨੂੰ ਚੰਗੀ ਤਰ੍ਹਾਂ ਮਿਲਾ ਕੇ ਅੱਖਾਂ 'ਚ ਪਾਉਣ ਨਾਲ ਮੋਤੀਆ ਬਿੰਦ ਦਾ ਅਸਰ ਹੋਣਾ ਰੁਕ ਜਾਂਦਾ ਹੈ।

### ਜ਼ਖ਼ਮ

ਜੇ ਸਰੀਰ ਦੇ ਕਿਸੇ ਭਾਗ 'ਤੇ ਜ਼ਖ਼ਮ ਹੈ ਅਤੇ ਉਹ ਠੀਕ ਨਹੀਂ ਹੋ ਰਿਹਾ ਤਾਂ ਨਿੰਮ ਦੇ ਪੱਤਿਆਂ ਨੂੰ 500 ਗ੍ਰਾਮ ਪਾਣੀ ਵਿਚ ਉਬਾਲ ਲਓ ਅਤੇ ਜਦੋਂ ਇਹ ਠੰਢਾ ਹੋ ਜਾਵੇ ਤਾਂ ਇਸ ਵਿਚ 100 ਗ੍ਰਾਮ ਪਿਆਜ਼ ਦਾ ਰਸ ਮਿਲਾ ਦਿਓ। ਇਸ ਮਿਸ਼ਰਣ ਨਾਲ ਜ਼ਖ਼ਮ ਨੂੰ ਦਿਨ 'ਚ ਤਿੰਨ ਵਾਰੀ ਚੰਗੀ ਤਰ੍ਹਾਂ ਸਾਫ਼ ਕਰੋ। ਜ਼ਖਮ ਕੁੱਝ ਦਿਨਾਂ 'ਚ ਠੀਕ ਹੋ ਜਾਵੇਗਾ।

### ਦੰਦ ਦਰਦ

ਜੇ ਦੰਦ ਜਾਂ ਮਸੂੜਿਆਂ 'ਚ ਦਰਦ ਹੋਵੇ ਤਾਂ ਪਿਆਜ਼ ਦਾ ਰਸ ਲਗਾਉਣ 'ਤੇ ਆਰਾਮ ਮਿਲਦਾ ਹੈ।

### ਉਲਟੀਆਂ

ਪਿਆਜ਼ ਅਤੇ ਅਦਰਕ ਦਾ ਰਸ ਬਰਾਬਰ ਮਾਤਰਾ ਵਿਚ ਮਿਲਾ ਕੇ ਦਿਨ ਵਿਚ ਤਿੰਨ ਵਾਰੀ ਪੀਣ ਨਾਲ ਉਲਟੀਆਂ ਆਉਣੀਆਂ ਬੰਦ ਹੋ ਜਾਂਦੀਆਂ ਹਨ।

### ਬੈਠੀ ਹੋਈ ਆਵਾਜ਼

ਪਿਆਜ਼ ਦਾ ਰਸ ਅਤੇ ਸ਼ਹਿਦ ਬਰਾਬਰ ਮਾਤਰਾ 'ਚ ਮਿਲਾ ਕੇ ਹਲਕਾ- ਹਲਕਾ ਗਰਮ ਕਰੋ ਤੇ ਫਿਰ ਕੁੱਝ ਮਾਤਰਾ 'ਚ ਮੁਲੱਠੀ ਪਾਊਡਰ ਮਿਲਾ ਕੇ ਦਿਨ ਵਿਚ ਤਿੰਨ ਵਾਰ ਪੀਓ ਬੈਠੀ ਹੋਈ ਆਵਾਜ਼ ਠੀਕ ਹੋ ਜਾਵੇਗੀ।





ਡਾ. ਪ੍ਰਮੋਦ ਕੁਮਾਰ

# ਸਿਰਦਰਦ ਤੇ ਦਰਦ ਨਿਵਾਰਕ ਦਵਾਈਆਂ

ਅਸੀਂ ਬਿਨਾਂ ਸੋਚੇ-ਸਮਝੇ ਸਿਰਦਰਦ 'ਚ ਤੁਰੰਤ ਪੇਨਕਿਲਰ (ਦਰਦ ਨਿਵਾਰਕ ਦਵਾਈ) ਲੈ ਲੈਂਦੇ ਹਾਂ ਪਰ ਇਸਦੇ ਮਾੜੇ ਪ੍ਰਭਾਵ ਸਿਹਤ ਲਈ ਬਹੁਤ ਹੀ ਖਤਰਨਾਕ ਹੋ ਸਕਦੇ ਹਨ। ਦਰਦ ਨਿਵਾਰਕ ਦਵਾਈ ਦੇ ਇਸਤੇਮਾਲ ਨਾਲ ਸਿਰਦਰਦ 'ਚ ਤੁਰੰਤ ਲਾਭ ਤਾਂ ਮਿਲ ਜਾਂਦਾ ਹੈ ਪਰ ਉਸਦਾ ਸਰੀਰ 'ਤੇ ਉਲਟਾ ਪ੍ਰਭਾਵ ਪੈਂਦਾ ਹੈ ਅਤੇ ਮੂਲ ਕਾਰਨ ਉਸੇ ਤਰ੍ਹਾਂ ਨਾਲ ਬਰਕਰਾਰ ਰਹਿੰਦਾ ਹੈ। ਸਿਰਦਰਦ ਦੇ ਕਈ ਕਾਰਨ ਹੋ ਸਕਦੇ ਹਨ, ਜਿਸ ਕਾਰਨ ਅੱਖਾਂ 'ਚ ਵਿਕਾਰ ਆਉਣੇ ਸਭ ਤੋਂ ਆਮ ਹਨ।

ਰੈਟੀਨਾ ਦੇ ਆਕਾਰ 'ਚ ਤਬਦੀਲੀ ਦੇ ਕਾਰਨ ਅੱਖਾਂ ਵੱਲੋਂ ਦੇਖੇ ਜਾਣ ਵਾਲੀਆਂ ਚੀਜ਼ਾਂ ਰੈਟੀਨਾ 'ਤੇ ਠੀਕ ਤਰ੍ਹਾਂ ਨਾਲ ਪ੍ਰਤਿਬਿੰਬਿਤ ਨਹੀਂ ਹੋ ਸਕਦੀਆਂ, ਜਿਸ ਕਾਰਨ ਲੋਕਾਂ ਨੂੰ ਨੇੜੇ ਜਾਂ ਦੂਰ ਦੀਆਂ ਚੀਜ਼ਾਂ ਦੇਖਣ 'ਚ ਪਰੇਸ਼ਾਨੀ ਹੁੰਦੀ ਹੈ। ਚੀਜ਼ਾਂ ਨੂੰ ਦੇਖਣ ਲਈ ਅੱਖਾਂ 'ਤੇ ਜ਼ਿਆਦਾ ਜ਼ੋਰ ਪੈਣ ਕਾਰਨ ਇਸਦਾ ਪ੍ਰਭਾਵ ਮੱਥੇ ਦੀਆਂ ਨਸਾਂ 'ਤੇ ਪੈਂਦਾ ਹੈ, ਜਿਸਦੇ ਫਲਸਰੂਪ ਸਿਰਦਰਦ ਦੀ ਸਮੱਸਿਆ ਸਾਹਮਣੇ ਆਉਂਦੀ ਹੈ। ਅੱਖਾਂ ਦੀ ਜਾਂਚ ਮਾਹਰ ਡਾਕਟਰ ਕੋਲੋਂ ਕਰਵਾਕੇ ਅਤੇ ਸਹੀ ਨੰਬਰ ਦੀਆਂ ਐਨਕਾਂ ਲਗਵਾ ਕੇ ਇਸ ਸਮੱਸਿਆ ਤੋਂ ਨਿਜਾਤ ਮਿਲ ਸਕਦੀ ਹੈ। ਸਰਦੀ ਦੇ ਕਾਰਨ ਵੀ ਸਿਰਦਰਦ ਹੋ ਸਕਦਾ ਹੈ। ਸਿਰਦਰਦ ਦੌਰਾਨ ਨੱਕ ਦੀਆਂ ਨਸਾਂ 'ਚ ਸੋਜ਼ ਆ ਜਾਂਦੀ ਹੈ, ਜਿਸ ਕਾਰਨ ਇਹ ਵੱਧ ਸਕਦਾ ਹੈ।

ਇਸਦੇ ਨਾਲ ਹੀ ਹਾਈ ਬਲੱਡ ਪ੍ਰੈਸ਼ਰ ਕਾਰਨ ਵੀ ਸਿਰਦਰਦ ਦੀ ਸਮੱਸਿਆ ਹੋ ਸਕਦੀ ਹੈ। ਇਸਦਾ ਪਤਾ ਵੀ ਡਾਕਟਰ ਤੋਂ ਜਾਂਚ ਕਰਵਾਕੇ ਚੱਲ ਸਕਦਾ ਹੈ ਅਤੇ ਇਸਦੀ ਦਵਾਈ ਲੈ ਕੇ ਬਿਮਾਰੀ ਦਾ ਇਲਾਜ ਹੋ ਸਕਦਾ ਹੈ। ਕੁਝ ਲੋਕਾਂ ਨੂੰ ਧੁੱਪ ਜਾਂ ਸ਼ੋਰ ਨਾਲ ਵੀ ਸਿਰਦਰਦ ਦੀ ਸਮੱਸਿਆ ਹੋ ਸਕਦੀ ਹੈ।

ਜੇ ਕਿਸੇ ਮਰੀਜ਼ ਨੂੰ ਧੁੱਪ ਜਾਂ ਸ਼ੋਰ ਨਾਲ ਸਿਰਦਰਦ ਦੀ ਸਮੱਸਿਆ ਹੋ ਰਹੀ ਹੈ ਤਾਂ ਉਸਨੂੰ ਇਸ ਤੋਂ ਬਚਣ ਦੀ ਸਲਾਹ ਦਿੱਤੀ ਜਾਂਦੀ ਹੈ ਕਿ ਕਈ ਵਾਰ ਇਹ ਦੇਖਣ 'ਚ ਆਉਂਦਾ ਹੈ ਕਿ ਕੁਝ ਲੋਕਾਂ ਨੂੰ ਤਣਾਅ ਜਾਂ ਚਿੰਤਾ ਦੇ ਕਾਰਨ ਵੀ ਸਿਰਦਰਦ ਦੀ ਸਮੱਸਿਆ ਹੋ ਜਾਂਦੀ ਹੈ। ਉਕਤ ਸਾਰੇ ਮਾਮਲਿਆਂ 'ਚ ਬਿਨਾਂ ਡਾਕਟਰ ਦੀ ਸਲਾਹ ਤੋਂ ਦਰਦ ਨਿਵਾਰਕ ਦਵਾਈਆਂ ਲੈਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ ਅਤੇ ਜੇ ਇਹ ਆਮ ਗੱਲ ਹੈ ਤਾਂ ਤੁਰੰਤ ਆਪਣੇ ਡਾਕਟਰ ਦੀ ਸਲਾਹ ਲੈਣੀ ਚਾਹੀਦੀ ਹੈ।



# ਹਜ਼ਰਤ ਅਮੀਰ ਖ਼ੁਸਰੋ

ਪ੍ਰੋ. ਗੁਰਚਰਨ ਸਿੰਘ ਤਲਵਾੜਾ

ਹਜ਼ਰਤ ਅਮੀਰ ਖ਼ੁਸਰੋ, ਸ਼ੇਖ਼-ਉਲ-ਮਸ਼ਾਇਖ਼ ਹਜ਼ਰਤ ਨਿਜ਼ਾਮੁੱਦੀਨ ਔਲੀਆ ਦੇ ਚਹੇਤੇ ਮੁਰੀਦ ਸਨ। ਪੀਰ ਤੇ ਮੁਰੀਦ ਦੀ ਮੁਹੱਬਤ ਦਾ ਸਭ ਤੋਂ ਵਧੀਆ ਨਮੂਨਾ ਆਪ ਦੋਹਾਂ ਤੋਂ ਇਲਾਵਾ ਹੋਰ ਕਿਧਰੇ ਨਹੀਂ ਆਉਂਦਾ। ਹਜ਼ਰਤ ਅਮੀਰ ਖ਼ੁਸਰੋ ਦਾ ਪੂਰਾ ਨਾਂ ਹਜ਼ਰਤ ਅਬੂ ਅਲ ਹਸਨ ਅਮੀਰ ਖ਼ੁਸਰੋ ਸੀ। ਆਪ ਦਾ ਜਨਮ 1254 ਈਸਵੀ ਵਿਚ ਪਟਿਆਲੀ (ਉੱਤਰ ਪ੍ਰਦੇਸ਼) ਵਿਖੇ ਹੋਇਆ। ਆਪ ਦੀ ਉਮਰ ਅਜੇ ਸੱਤ ਸਾਲ ਸੀ ਕਿ ਪਿਤਾ ਦਾ ਦੇਹਾਂਤ ਹੋ ਗਿਆ। ਆਪ ਆਪਣੀ ਮਾਤਾ ਨਾਲ ਦਿੱਲੀ ਆ ਗਏ। ਇਥੇ ਹਜ਼ਰਤ ਨਿਜ਼ਾਮੁੱਦੀਨ ਔਲੀਆ ਦੀ ਸੁਹਬਤ ਵਿਚ ਆ ਕੇ ਆਪ ਕੁੰਦਨ ਬਣ ਗਏ। ਆਪਣੇ ਪੀਰੋ-ਮੁਰਸ਼ਦ ਦੀ ਸੁਹਬਤ ਵਿਚ ਆ ਕੇ ਆਪ ਨੇ ਰੂਹਾਨੀਅਤ ਦੀਆਂ ਬੁਲੰਦੀਆਂ ਨੂੰ ਹਾਸਲ ਕੀਤਾ। ਆਪ ਨੇ ਕਈ ਸੁਲਤਾਨਾਂ ਦੀ ਨੌਕਰੀ ਕੀਤੀ। ਆਪ ਉੱਚ-



ਕੋਟੀ ਦੇ ਸ਼ਾਇਰ ਸਨ, ਇਸ ਕਰਕੇ ਵੱਖ-ਵੱਖ ਅਹਿਲਕਾਰਾਂ ਨੇ ਆਪ ਦੀ ਸਰਪ੍ਰਸਤੀ ਕੀਤੀ, ਜਿਨ੍ਹਾਂ ਵਿਚ ਅਲਾਉਦੀਨ ਮੁਹੰਮਦ ਕਸ਼ਲੀ ਖ਼ਾਂ, ਬੁਗਰਾ ਖ਼ਾਂ ਅਤੇ ਸੁਲਤਾਨ ਮੁਹੰਮਦ ਵਗੈਰਾ ਸ਼ਾਮਲ ਸਨ।

ਹਜ਼ਰਤ ਅਮੀਰ ਖ਼ੁਸਰੋ ਦੀਆਂ ਪ੍ਰਸਿੱਧ ਰਚਨਾਵਾਂ 'ਸ਼ਿਰੀਨ ਖ਼ੁਸਰੋ', 'ਮਤਲ-ਉਲ-ਅਨਵਰ', 'ਮਜਨੂੰ ਲੈਲਾ', 'ਆਈਨ-ਏ-ਸਿਕੰਦਰੀ', 'ਹਸ਼ਤ-ਬਹਿਸ਼ਤ', 'ਖਜਿਤੁਲ ਫ਼ਤਿਹ', 'ਇਲਾਜ-ਏ-ਖ਼ੁਸਰਵੀ' ਆਦਿ ਹਨ। ਹਜ਼ਰਤ ਅਮੀਰ ਖ਼ੁਸਰੋ ਨੂੰ 'ਤੂਤੀ-ਏ-ਹਿੰਦ' ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ। ਆਪ ਦੀ ਭਾਰਤੀ ਸੰਗੀਤ ਦੇ ਖੇਤਰ ਵਿਚ ਵੀ ਵੱਡੀ ਦੇਣ ਹੈ। ਆਪ ਦੀ ਹਜ਼ਰਤ ਨਿਜ਼ਾਮੁੱਦੀਨ ਔਲੀਆ ਨਾਲ ਅਕਹਿ ਮੁਹੱਬਤ ਸੀ। ਆਪ ਹਜ਼ਰਤ ਨਿਜ਼ਾਮੁੱਦੀਨ ਔਲੀਆ ਦੀ ਵਫ਼ਾਤ ਤੋਂ ਬਾਅਦ ਵਿਯੋਗ ਵਿਚ ਦੀਵਾਨੇ ਹੋ ਗਏ। ਛੇ ਮਹੀਨੇ ਬਾਅਦ ਹੀ ਸੰਨ 1325 ਵਿਚ ਆਪ ਦੀ ਮੁਬਾਰਕ ਰੂਹ ਬਰਗਾਹਿ ਇਲਾਹੀ ਲਈ ਕੂਚ ਕਰ ਗਈ। ਹਜ਼ਰਤ ਨਿਜ਼ਾਮੁੱਦੀਨ ਔਲੀਆ ਦੀ ਵਸੀਅਤ ਮੁਤਾਬਕ ਆਪ ਦਾ ਮਜ਼ਾਰ ਉਨ੍ਹਾਂ ਦੇ ਨਜ਼ਦੀਕ ਹੀ ਬਣਾਇਆ ਗਿਆ, ਜੋ ਦਿੱਲੀ ਵਿਖੇ ਦਰਗਾਹ ਨਿਜ਼ਾਮੁੱਦੀਨ ਔਲੀਆ ਦੇ ਅਹਾਤੇ 'ਚ ਸਥਿਤ ਹੈ।

94634-63193

# ਦ੍ਰਿੜ ਵਿਸ਼ਵਾਸ ਤੋ ਬਿਨਾਂ ਪ੍ਰਾਰਥਨਾ ਦਾ ਕੋਈ ਅਰਥ ਨਹੀਂ

ਸੁਰਿੰਦਰ 'ਮਾਣੂੰਕੇ ਗਿੱਲ'

ਵਿਸ਼ਵਾਸ ਅਜਿਹਾ ਸਾਧਨ ਹੈ ਜੋ ਸਾਨੂੰ ਰੱਬ ਦੇ ਨੇੜੇ ਵੀ ਲੈ ਜਾਂਦਾ ਹੈ ਤੇ ਰੱਬ ਤੋ ਦੂਰ ਵੀ ਲਿਜਾ ਕੇ ਸਾਨੂੰ ਭਟਕਣ ਲਈ ਵੀ ਮਜਬੂਰ ਕਰ ਦਿੰਦਾ ਹੈ। ਵੇਖਿਆ ਜਾਵੇ ਤਾਂ ਭਗਤੀ ਵਿਸ਼ਵਾਸ ਉੱਪਰ ਹੀ ਟਿਕੀ ਹੋਈ ਹੈ। ਅਟੁੱਟ ਵਿਸ਼ਵਾਸ ਜਿੱਥੇ ਸਾਨੂੰ ਭਗਤ ਹੋਣ ਦਾ ਦਰਜਾ ਦਿੰਦਾ ਹੈ, ਉੱਥੇ ਖੰਡਿਤ ਹੋਇਆ ਵਿਸ਼ਵਾਸ ਸਾਨੂੰ ਸਿਰਫ ਢੋਂਗੀ ਹੀ ਸਿੱਧ ਕਰਦਾ ਹੈ। ਕਹਿੰਦੇ ਹਨ ਕਿ ਮਨੁੱਖ ਦੇ ਮਨ ਅੰਦਰ ਜੋ ਕੁਝ ਚੱਲ ਰਿਹਾ ਹੁੰਦਾ ਹੈ, ਉਸ ਦੀਆਂ ਤਰੰਗਾਂ ਤੋ ਉਹ ਖ਼ੁਦ ਵੀ ਪ੍ਰਭਾਵਤ ਹੁੰਦਾ ਹੈ, ਭਾਵ ਜੇ ਮਨ ਅੰਦਰ ਕੁਝ ਚੰਗਾ ਚੱਲ ਰਿਹਾ ਹੁੰਦਾ ਹੈ ਤਾਂ ਇਹ ਤਰੰਗਾਂ ਉਸ ਦੇ ਲਈ ਸਕਾਰਾਤਮਕ ਸਿੱਧ ਹੁੰਦੀਆਂ ਹਨ ਅਤੇ ਜੇ ਬੁਰੇ ਵਿਚਾਰ ਚੱਲ ਰਹੇ ਹੋਣ ਤਾਂ ਵਿਚਾਰਾਂ ਦੀਆਂ ਇਹ ਤਰੰਗਾਂ ਨਕਾਰਾਤਮਕ ਭਾਵ ਪੈਦਾ ਕਰਦੀਆਂ ਹਨ। ਪਹਿਲੀ ਸਥਿਤੀ ਉਸ ਨੂੰ ਰੱਬ ਦੇ ਨੇੜੇ ਕਰ ਦਿੰਦੀ ਹੈ ਤੇ ਦੂਸਰੀ ਉਸ ਨੂੰ ਰੱਬ ਤੋਂ ਦੂਰ ਲੈ ਜਾਂਦੀ ਹੈ। ਇਹ ਸਾਰਾ ਕੁਝ ਉਸ ਦੇ ਵਿਸ਼ਵਾਸ ਉੱਪਰ ਟਿਕਿਆ ਹੋਇਆ ਹੈ। ਇਸ ਲਈ ਉਸ ਨੂੰ ਸਭ ਤੋ ਪਹਿਲਾਂ ਆਪਣੇ ਵਿਸ਼ਵਾਸ ਨੂੰ ਘੋਖਣ ਦੀ ਜ਼ਰੂਰਤ ਹੈ ਤੇ ਦ੍ਰਿੜ ਵਿਸ਼ਵਾਸ ਨਾਲ ਹੀ ਨਿਸ਼ਚਾ ਸੰਭਵ ਹੋ ਸਕਦਾ ਹੈ। ਦ੍ਰਿੜ ਵਿਸ਼ਵਾਸ ਤੋ ਬਿਨਾਂ ਪੂਜਾ, ਪਾਠ, ਤੇ ਪ੍ਰਾਰਥਨਾ ਬੇਅਰਥ ਹੈ।



ਪੁਰਾਣੇ ਸਮੇਂ ਦੀ ਗੱਲ ਹੈ, ਕਿਸੇ ਪਿੰਡ ਵਿਚ ਸੋਕਾ ਪੈ ਗਿਆ। ਪਿੰਡ ਵਾਸੀਆਂ ਨੇ ਸਮੱਸਿਆ ਦੇ ਹੱਲ ਲਈ ਇਕੱਤਰਤਾ ਕੀਤੀ ਤੇ ਤੈਅ ਕੀਤਾ ਕਿ ਪਿੰਡ ਦੇ ਬਾਹਰ ਸਥਿਤ ਧਾਰਮਿਕ ਸਥਾਨ 'ਤੇ ਜਾ ਕੇ ਸਮੂਹਿਕ ਪ੍ਰਾਰਥਨਾ ਕੀਤੀ ਜਾਵੇ। ਪਿੰਡ ਵਾਸੀ ਜਦ ਉਸ ਧਾਰਮਿਕ ਸਥਾਨ ਲਈ ਜਾਣ ਲੱਗੇ ਤਾਂ ਇਕ ਨੌਜਵਾਨ, ਜਿਸ ਨੇ ਹੱਥ ਵਿਚ ਛਤਰੀ ਫੜੀ ਹੋਈ ਸੀ, ਲੋਕ ਉਸ ਦਾ ਮਖੌਲ ਉਡਾਉਣ ਲੱਗੇ। ਉਨ੍ਹਾਂ ਉਸ ਨੂੰ ਪਾਗਲ ਵੀ ਆਖਿਆ ਤੇ ਕਿਹਾ ਕਿ 'ਛਤਰੀ ਕਿਉਂ ਲੈ ਕੇ ਆਇਆਂ ਹੈਂ?' ਨੌਜਵਾਨ ਨੇ ਕਿਹਾ,'ਅਸੀਂ ਰੱਬ ਅੱਗੇ ਮੀਂਹ ਲਈ ਪ੍ਰਾਰਥਨਾ ਕਰਨ ਜਾ ਰਹੇ ਹਾਂ। ਜਦੋਂ ਮੀਂਹ ਪਵੇਗਾ ਤਾਂ ਇਹ ਛਤਰੀ ਕੰਮ ਆਏਗੀ।' ਇਕ ਬਜ਼ੁਰਗ ਨੇ ਗੰਭੀਰ ਹੋ ਕੇ ਕਿਹਾ ਕਿ ਇਸ ਦਾ ਰੱਬ 'ਤੇ ਅਟੁੱਟ ਵਿਸ਼ਵਾਸ ਹੀ ਮੀਂਹ ਲੈ ਕੇ ਆਵੇਗਾ।' ਲੋਕ ਅੱਧੇ ਰਸਤੇ ਹੀ ਪਹੁੰਚੇ ਸਨ ਕਿ ਮੀਂਹ ਸ਼ੁਰੂ ਹੋ ਗਿਆ। ਪਿੰਡ ਵਾਸੀ ਬਿਨਾ ਪ੍ਰਾਰਥਨਾ ਕੀਤੇ ਭਿੱਜਦੇ ਹੋਏ ਘਰਾਂ ਨੂੰ ਵਾਪਸ ਆ ਰਹੇ ਸਨ ਤੇ ਉਹ ਨੌਜਵਾਨ ਛਤਰੀ ਲੈ ਕੇ ਮਸਤੀ ਵਿਚ ਘਰ ਨੂੰ ਵਾਪਸ ਪਰਤ ਰਿਹਾ ਸੀ।

88723-21000

# ਸੰਤ ਬਾਬਾ ਸ਼ਾਮ ਦਾਸ ਤਰਖੇੜੀ ਵਾਲੇ

ਸਤਨਾਮ ਸਿੰਘ ਮੱਟੂ



ਸੰਤ ਬਾਬਾ ਸ਼ਾਮ ਦਾਸ ਤਰਖੇੜੀ ਵਾਲਿਆਂ ਦਾ ਜਨਮ ਪਟਿਆਲਾ ਜ਼ਿਲ੍ਹੇ ਦੇ ਪਿੰਡ ਤਰਖੇੜੀ ਵਿਖੇ ਮਿਹਨਤਕਸ਼ ਮੁਸਲਿਮ ਪਰਿਵਾਰ 'ਚ ਹੋਇਆ। ਮਾਪਿਆਂ ਨੇ ਉਨ੍ਹਾਂ ਦਾ ਨਾਂ ਗੌਂਸ ਮੁਹੰਮਦ ਰੱਖਿਆ। ਉਨ੍ਹਾਂ ਨੂੰ ਸਕੂਲ ਪੜ੍ਹਨ ਲਈ ਭੇਜਿਆ ਤਾਂ ਪੜ੍ਹਾਈ ਦੇ ਨਾਲ-ਨਾਲ ਉਹ ਪ੍ਰਭੂ ਸਿਮਰਨ ਦਾ ਪਾਠ ਵੀ ਪੜ੍ਹਦੇ ਗਏ।।ਪੜ੍ਹਾਈ ਪੂਰੀ ਕਰਨ ਤੋਂ ਬਾਅਦ ਉਹ ਸਰਕਾਰੀ ਸਕੂਲ ਚਨਾਰਥਲ ਖੁਰਦ (ਫ਼ਤਹਿਗੜ੍ਹ ਸਾਹਿਬ) ਵਿਖੇ ਡਰਾਇੰਗ ਮਾਸਟਰ ਲੱਗ ਗਏ। ਉਹ ਸਾਰਾ ਜੀਵਨ ਬ੍ਰਹਮਚਾਰੀ ਰਹਿ ਕੇ ਪਿੰਡ ਤਰਖੇੜੀ ਦੇ ਬਾਹਰਵਾਰ ਸਾਧੂ ਨਾਰੰਗ ਦਾਸ ਦੀ ਸੰਗਤ ਦਾ ਨਿੱਘ ਮਾਣਦੇ ਰਹੇ ਤੇ ਪ੍ਰਭੂ ਭਗਤੀ 'ਚ ਪਰਪੱਕ ਹੁੰਦੇ ਗਏ।।ਵਧੀਆ ਸਰਕਾਰੀ ਨੌਕਰੀ ਦੇ ਬਾਵਜੂਦ ਉਹ ਸਾਰੀ ਉਮਰ ਨਰਮ ਬਿਸਤਰ ਦਾ ਤਿਆਗ ਕਰ ਕੇ ਹਮੇਸ਼ਾ ਲੱਕੜ ਦੇ ਤਖ਼ਤਪੋਸ਼ 'ਤੇ ਸੌਂਦੇ ਰਹੇ। ਨਰਮ ਬਿਸਤਰ ਦੀ ਥਾਂ ਉਨ੍ਹਾਂ ਨੇ ਤਖ਼ਤਪੋਸ਼ ਨੂੰ ਇਸ ਲਈ ਅਪਣਾਇਆ ਤਾਂ ਕਿ ਰਾਤ ਨੂੰ ਨੀਂਦ ਵਿਚ ਹੀ ਪ੍ਰਭੂ ਭਗਤੀ ਦਾ ਸਮਾਂ ਅਜਾਈਂ ਨਾ ਚਲਾ ਜਾਵੇ। ਬਾਬਾ ਜੀ ਨੇ।ਹਿੰਦੂਆਂ ਨੂੰ ਰਾਮ-ਰਾਮ, ਮੁਸਲਮਾਨ ਨੂੰ ਅੱਲ੍ਹਾ-ਅੱਲ੍ਹਾ ਤੇ ਸਿੱਖਾਂ ਨੂੰ ਵਾਹਿਗੁਰੂ-ਵਾਹਿਗੁਰੂ ਦੇ ਸਿਮਰਨ ਦੀ ਜਾਂਚ ਸਿਖਾਉਣ ਤੋਂ ਇਲਾਵਾ ਕਦੀ ਕਿਸੇ ਸਮਾਜਿਕ ਜਾਂ ਸਿਆਸੀ ਮੁੱਦੇ 'ਤੇ ਕੋਈ ਸ਼ਬਦ ਨਹੀ ਬੋਲਿਆ ਤੇ ਨਾ ਹੀ ਕਿਸੇ ਵਿਸ਼ੇਸ਼ ਸਿਆਸੀ ਧਿਰ ਦੀ ਹਮਾਇਤ ਕੀਤੀ।

ਉਹ ਪਸ਼ੂ-ਪੰਛੀਆਂ ਪ੍ਰਤੀ ਖ਼ਾਸ ਪਿਆਰ ਰੱਖਦੇ ਸਨ। 40 ਸਾਲ ਦੀ ਉਮਰ ਵਿਚ ਉਨ੍ਹਾਂ ਨੇ ਸਰਕਾਰੀ ਨੌਕਰੀ ਤੋਂ ਪੇਸ਼ਗੀ ਰਿਟਾਇਰਮੈਂਟ ਲੈ ਕੇ ਕਮਾਏ ਹੋਏ ਪੈਸੇ ਇਲਾਕੇ ਦੇ ਲੋੜਵੰਦ ਸਕੂਲਾਂ ਤੇ ਧਾਰਮਿਕ ਅਸਥਾਨਾਂ ਨੂੰ ਦਾਨ ਕਰ ਦਿੱਤੇ। ਜਿੰਨਾ ਚਿਰ ਉਨ੍ਹਾਂ ਦੇ ਮਾਤਾ ਜੀ ਜੀਵਿਤ ਰਹੇ ਉਹ ਤਰਖੇੜੀ ਘਰ ਆਉਂਦੇ ਰਹੇ ਪਰ ਮਾਤਾ ਦੇ ਇੰਤਕਾਲ ਉਪਰੰਤ ਉਨ੍ਹਾਂ ਘਰ ਵੀ ਤਿਆਗ ਦਿੱਤਾ। ਅੱਜ ਕੱਲ੍ਹ ਉਹ ਵੈਸ਼ਨਵ ਕੁਟੀਆ ਵਿਚ ਤਰਖੇੜੀ ਜਾਂ ਪ੍ਰਭੂ ਨਾਮ ਲੇਵਾ ਸਾਧੂਆਂ ਦੀ ਸੰਗਤ 'ਚ ਨੰਦਪੁਰ ਕੇਸ਼ੋ ਵਿਖੇ ਰਹਿੰਦੇ ਹਨ। ਉਨ੍ਹਾਂ ਦੀ ਪ੍ਰਭੂ ਭਗਤੀ ਨੂੰ ਪਛਾਣਦਿਆਂ ਸੰਤ ਬਲਵੰਤ ਸਿੰਘ ਸਿਹੋੜੇ ਵਾਲਿਆਂ ਨੇ ਉਨ੍ਹਾਂ ਨੂੰ ਬਾਬਾ ਸ਼ਾਮ ਦਾਸ ਨਾਂ ਦਿੱਤਾ ਸੀ। ਉਹ ਚੇਲਿਆਂ ਦੇ ਲਾਮ-ਲਸ਼ਕਰ ਤੋਂ ਪਰਹੇਜ਼ ਕਰ ਕੇ ਸਾਦਗੀ ਭਰਿਆ ਜੀਵਨ ਜਿਊਣ 'ਚ ਵਿਸ਼ਵਾਸ ਰੱਖਦੇ ਹਨ। ਆਪਣੀ ਪੈਨਸ਼ਨ ਵਿੱਚੋਂ ਦਵਾਈ ਬੂਟੀ ਜਾਂ ਆਉਣ-ਜਾਣ ਦੇ ਕਿਰਾਏ ਜੋਗੀ ਥੋੜ੍ਹੀ ਜਿਹੀ ਰਾਸ਼ੀ ਕੋਲ ਰੱਖ ਕੇ ਬਾਕੀ ਲੋੜਵੰਦਾਂ ਨੂੰ ਵੰਡ ਦਿੰਦੇ ਹਨ। ਕੁੱਲ ਤਿੰਨ ਕੱਪੜੇ ਹੀ ਬਾਬਾ ਜੀ ਦੀ ਜਾਇਦਾਦ ਹਨ।

ਅਜਿਹੇ ਮਹਾਨ ਤਪੱਸਵੀ ਬਾਬਾ ਸ਼ਾਮ ਦਾਸ ਨੂੰ ਕੋਟਿ-ਕੋਟ ਪ੍ਰਣਾਮ, ਜੋ ਮੁਸਲਿਮ ਪਰਿਵਾਰ 'ਚ ਜਨਮ ਲੈ ਕੇ ਹਿੰਦੂ ਸੰਤ ਵਜੋਂ ਜਾਣੇ ਜਾਂਦੇ ਹਨ ਤੇ ਸਿੱਖਾਂ ਵਿਚ ਰਹਿ ਕੇ ਉਨ੍ਹਾਂ ਨੂੰ ਵਾਹਿਗੁਰੂ ਦੇ ਚਰਨਾਂ ਨਾਲ ਜੋੜ ਰਹੇ ਹਨ।।ਬਾਬਾ ਜੀ ਸਮੂਹ ਸੰਗਤ ਨੂੰ ਪ੍ਰਭੂ ਭਗਤੀ, ਹੱਕ ਸੱਚ ਤੇ ਮਿਹਨਤ ਕਰਨ ਦਾ ਸੰਦੇਸ਼ ਦਿੰਦੇ ਹਨ। ਤਰਖੇੜੀ ਸਥਿਤੀ ਉਨ੍ਹਾਂ ਦੀ ਵੈਸ਼ਨਵ ਕੁਟੀਆ ਵਿਚ ਗੁਰ ਪੂਰਨਿਮਾ ਦਾ ਦਿਨ ਸ਼ਰਧਾ ਨਾਲ ਮਨਾਇਆ ਜਾਂਦਾ ਹੈ।

97797-08257

# ਸੀਸ ਤਲੀ 'ਤੇ ਧਰ ਕੇ ਲੜਨ ਵਾਲੇ ਬਾਬਾ ਦੀਪ ਸਿੰਘ ਜੀ

ਜਨਮ ਦਿਨ 'ਤੇ ਵਿਸ਼ੇਸ਼

ਰਮੇਸ਼ ਬੱਗਾ ਚੋਹਲਾ



ਸ਼ਹੀਦ ਉਸ ਕੌਮ ਅਤੇ ਮਿੱਟੀ ਦਾ ਮਾਣ ਹੁੰਦੇ ਹਨ, ਜਿਸ ਵਿਚ ਉਨ੍ਹਾਂ ਦਾ ਜਨਮ ਹੋਇਆ ਹੁੰਦਾ ਹੈ। ਉਹ ਕੌਮਾਂ ਧੰਨਤਾ ਦੇ ਯੋਗ ਹੁੰਦੀਆਂ ਹਨ, ਜਿਹੜੀਆਂ ਆਪਣੇ ਪੁਰਖਿਆਂ ਦੀਆਂ ਘਾਲਣਾਂ ਨੂੰ ਯਾਦ ਰੱਖਦੀਆਂ ਹਨ। 'ਸ਼ਹੀਦ' ਅਰਬੀ ਜ਼ੁਬਾਨ ਦੇ ਸ਼ਬਦ ਹਨ। ਸ਼ਹਾਦਤ ਦਾ ਅਰਥ ਹੈ ਗਵਾਹੀ ਦੇਣਾ ਜਾਂ ਸਾਖੀ ਭਰਨਾ। ਇਸ ਤਰ੍ਹਾਂ ਸ਼ਹੀਦ ਕਿਸੇ ਕੌਮ ਵੱਲੋਂ ਦਿੱਤੀਆਂ ਗਈਆਂ ਕੁਰਬਾਨੀਆਂ ਦੇ ਸਦੀਵੀ ਤੇ ਸੱਚੇ ਗਵਾਹ ਹੁੰਦੇ ਹਨ। ਦੀਨ ਦੁਖੀਆਂ ਦੀ ਰਾਖੀ, ਸਤਿ ਧਰਮ ਤੇ ਮਨੁੱਖਤਾ ਦੀ ਖ਼ਾਤਰ ਦੇਸ਼-ਕੌਮ ਉੱਪਰ ਆਏ ਸੰਕਟ ਦਾ ਖਿੜੇ ਮੱਥੇ ਸਵਾਗਤ ਕਰਨਾ, ਸੰਕਟ ਦਾ ਡਟ ਕੇ ਮੁਕਾਬਲਾ ਕਰਨਾ ਤੇ ਇਸ ਮੁਕਾਬਲੇ ਨੂੰ ਫ਼ੈਸਲਾਕੁੰਨ ਮੋੜ ਤਕ ਲੈ ਜਾਣਾ ਤੇ ਆਪਣੇ ਮਨੋਰਥ ਦੀ ਸਿੱਧੀ ਲਈ ਆਪਾ ਤਕ ਵਾਰ ਦੇਣਾ ਹੀ ਸ਼ਹੀਦਾਂ ਦੀ ਪਛਾਣ ਹੁੰਦੀ ਹੈ। ਇਹ ਪਛਾਣ ਮੌਤ ਦੀਆਂ ਵਾਦੀਆਂ ਵਿੱਚੋ ਲੰਘ ਕੇ ਹੀ ਕਰਵਾਈ ਜਾ ਸਕਦੀ ਹੈ, ਕਿਉਂਕਿ :

**ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ॥**
**ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ॥**

ਇਸ ਤਰ੍ਹਾਂ ਸ਼ਹੀਦ ਦੀ ਆਤਮਾ ਨਿਰਮਲ ਤੇ ਉਦੇਸ਼ ਸਪਸ਼ਟ ਹੁੰਦਾ ਹੈ, ਜਿਸ ਨੂੰ ਭਾਈ ਗੁਰਦਾਸ ਜੀ ਇਸ ਤਰ੍ਹਾਂ ਤਸਦੀਕ ਕਰਦੇ ਹਨ :

**ਸਬਰੁ ਸਿਦਕਿ ਸ਼ਹੀਦੁ ਭਰਮ ਭਉ ਖੋਵਣਾ॥**

ਸ਼ਹੀਦ ਫੌਲਾਦੀ ਇਰਾਦੇ ਦਾ ਮਾਲਕ ਹੁੰਦਾ ਹੈ, ਜਿਸ ਦੇ ਵਿਚਾਰਾਂ ਨੂੰ ਬਦਲਿਆ ਨਹੀਂ ਜਾ ਸਕਦਾ। ਇਸ ਤਰ੍ਹਾਂ ਦੇ ਇਰਾਦੇ ਤੇ ਵਿਚਾਰਾਂ ਦੇ ਮਾਲਕ ਸਨ ਬਾਬਾ ਦੀਪ ਸਿੰਘ ਜੀ ਸ਼ਹੀਦ। ਉਨ੍ਹਾਂ ਦਾ ਜਨਮ 26 ਜਨਵਰੀ 1682 ਨੂੰ ਅੰਮ੍ਰਿਤਸਰ ਜ਼ਿਲ੍ਹੇ (ਹੁਣ ਤਰਨਤਾਰਨ) ਦੀ ਤਹਿਸੀਲ ਪੱਟੀ ਦੇ ਪਿੰਡ ਪਹੂਵਿੰਡ ਦੇ ਇਕ ਸਧਾਰਨ ਪਰਿਵਾਰ ਵਿਚ ਭਾਈ ਭਗਤਾ ਜੀ ਤੇ ਮਾਤਾ ਜਿਊਣੀ ਜੀ ਦੇ ਘਰ ਹੋਇਆ। ਆਮ ਬਾਲਕਾਂ ਵਾਂਗ ਬਾਬਾ ਉਨ੍ਹਾਂ ਦਾ ਨਾਂ ਦੀਪਾ ਰੱਖਿਆ ਗਿਆ। ਜਦੋਂ ਉਨ੍ਹਾਂ ਦੀ ਉਮਰ 18 ਸਾਲ ਹੋਈ ਤਾਂ ਉਹ ਮਾਤਾ-ਪਿਤਾ ਨਾਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਦੇ ਦਰਸ਼ਨ ਕਰਨ ਲਈ ਗਏ। ਕੁਝ ਦਿਨ ਬਾਅਦ ਉਨ੍ਹਾਂ ਦੇ ਮਾਤਾ-ਪਿਤਾ ਤਾਂ ਪਿੰਡ ਪਰਤ ਆਏ ਪਰ ਉਹ ਆਪ ਉਥੇ ਹੀ ਰਹਿ ਪਏ। ਕਲਗੀਧਰ ਪਾਤਸ਼ਾਹ ਤੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਕੇ ਉਹ ਦੀਪੇ ਤੋਂ ਦੀਪ ਸਿੰਘ ਬਣ ਗਿਆ।

ਸ੍ਰੀ ਅਨੰਦਪੁਰ ਸਾਹਿਬ ਰਹਿ ਕੇ ਦੀਪ ਸਿੰਘ ਨੇ ਸ਼ਸਤਰ ਤੇ ਸ਼ਾਸਤਰ ਵਿੱਦਿਆ 'ਚ ਮੁਹਾਰਤ ਹਾਸਲ ਕੀਤੀ। 20-22 ਸਾਲ ਦੀ ਉਮਰ ਤਕ ਦੀਪ ਸਿੰਘ ਨੇ ਜਿੱਥੇ ਭਾਈ ਮਨੀ ਸਿੰਘ ਪਾਸੋਂ ਗੁਰਬਾਣੀ ਦਾ ਗਿਆਨ ਹਾਸਲ ਕੀਤਾ, ਉੱਥੇ ਉਹ ਇਕ ਨਿਪੁੰਨ ਸਿਪਾਹੀ ਵੀ ਬਣ ਗਏ। ਕੁਝ ਸਮੇਂ ਬਾਅਦ ਦੀਪ ਸਿੰਘ ਆਪਣੇ ਪਿੰਡ ਪਹੂਵਿੰਡ ਆ ਗਏ ਤੇ ਆਸ-ਪਾਸ ਦੇ ਇਲਾਕੇ ਵਿਚ ਧਰਮ ਪ੍ਰਚਾਰ ਦੇ ਕਾਰਜ ਵਿਚੋ ਸ਼ਰਧਾ-ਭਾਵਨਾ ਨਾਲ ਰੁੱਝ ਗਏ। ਉਨ੍ਹਾਂ ਦੇ ਇਸ ਉਪਰਾਲੇ ਦਾ ਨੌਜਵਾਨਾਂ ਉੱਪਰ ਸਾਰਥਕ ਪ੍ਰਭਾਵ ਪਿਆ। ਜਦੋਂ ਦਸਵੇਂ ਪਾਤਸ਼ਾਹ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ 'ਚ ਦਰਜ ਕਰਨ ਦੀ ਵਿਉਂਤ ਬਣਾਈ ਤਾਂ ਉਨ੍ਹਾਂ ਨੇ ਭਾਈ ਮਨੀ ਸਿੰਘ ਜੀ ਦੇ ਨਾਲ-ਨਾਲ ਬਾਬਾ ਦੀਪ ਸਿੰਘ ਦਾ ਵੀ ਸਹਿਯੋਗ ਲਿਆ। ਬਾਬਾ ਜੀ ਤੋਂ ਕਲਮਾਂ, ਸਿਆਹੀ ਤੇ ਕਾਗਜ਼ ਆਦਿ ਤਿਆਰ ਕਰਵਾਉਣ ਦੀ ਸੇਵਾ ਲਈ ਗਈ। ਬਾਬਾ ਦੀਪ ਸਿੰਘ ਨੇ ਗ੍ਰੰਥ ਸਾਹਿਬ ਦੇ ਚਾਰ ਉਤਾਰੇ ਕਰ ਕੇ ਚਾਰਾਂ ਤਖ਼ਤਾਂ ਨੂੰ ਭੇਜੇ। ਦੱਖਣ ਵੱਲ ਰਵਾਨਾ ਹੋਣ ਤੋਂ ਪਹਿਲਾਂ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਦਮਦਮਾ ਸਾਹਿਬ ਦੀ ਸੇਵਾ-ਸੰਭਾਲ ਦੀ ਜ਼ਿੰਮੇਵਾਰੀ ਬਾਬਾ ਜੀ ਨੂੰ ਸੌਂਪ ਦਿੱਤੀ। ਇਸ ਜ਼ਿੰਮੇਵਾਰੀ ਨੂੰ ਬਾਬਾ ਦੀਪ ਸਿੰਘ ਨੇ ਤਨਦੇਹੀ ਤੇ ਸਿਦਕਦਿਲੀ ਨਾਲ ਨਿਭਾਇਆ।

1709 ਵਿਚ ਜਦੋਂ ਬੰਦਾ ਸਿੰਘ ਬਹਾਦਰ ਨੇ ਜਦੋਂ ਜ਼ਾਲਮਾਂ ਦੀਆਂ ਵਧੀਕੀਆਂ ਦਾ ਹਿਸਾਬ ਚੁਕਤਾ ਕਰਨ ਲਈ ਪੰਜਾਬ ਵੱਲ ਮੁਹਾਰਾਂ ਮੋੜੀਆਂ ਤਾਂ ਬਾਬਾ ਦੀਪ ਸਿੰਘ ਨੇ ਸੈਂਕੜੇ ਮਰਜੀਵੜਿਆਂ ਦੀ ਫ਼ੌਜ ਨਾਲ ਉਨ੍ਹਾਂ ਦਾ ਡਟਵਾਂ ਸਾਥ ਦਿੱਤਾ। ਸਿੰਘਾਂ ਨੇ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਦਿੱਤੀ। ਬਾਬਾ ਜੀ ਵੱਲੋਂ ਇਸ ਜੰਗ 'ਚ ਨਿਭਾਈ ਭੂਮਿਕਾ ਕਾਰਨ ਹੀ ਉਨ੍ਹਾਂ ਨੂੰ 'ਜ਼ਿੰਦਾ ਸ਼ਹੀਦ' ਦੇ ਖਿਤਾਬ ਨਾਲ ਨਿਵਾਜਿਆ ਜਾਂਦਾ ਹੈ। ਬਾਬਾ ਦੀਪ ਸਿੰਘ 'ਸ਼ਹੀਦੀ ਮਿਸਲ' ਦੇ ਜਥੇਦਾਰ ਵੀ ਸਨ। ਅਹਿਮਦ ਸ਼ਾਹ ਅਬਦਾਲੀ ਨੇ ਹਿੰਦੁਸਤਾਨ 'ਤੇ ਕਈ ਹਮਲੇ ਕੀਤੇ। ਇਨ੍ਹਾਂ ਹਮਲਿਆਂ ਦੌਰਾਨ ਉਸ ਦੀਆਂ ਫ਼ੌਜਾਂ ਦਾ ਰਾਹ ਰੋਕਣ ਵਾਲੇ ਸਿੱਖਾਂ ਤੋਂ ਉਹ ਬਹੁਤ ਪਰੇਸ਼ਾਨ ਸੀ। ਇਸ ਲਈ ਸਿੱਖੀ ਦਾ ਖੁਰਾ ਖੋਜ ਮਿਟਾਉਣ ਲਈ ਉਸ ਨੇ ਆਪਣੇ ਪੁੱਤਰ ਤੈਮੂਰ ਨੂੰ ਪੰਜਾਬ ਦਾ ਗਵਰਨਰ ਥਾਪਿਆ ਤੇ ਉਸ ਦੇ ਸਹਿਯੋਗ ਲਈ ਜ਼ਾਲਮ ਸੁਭਾਅ ਦੇ ਸੈਨਾਪਤੀ ਜਹਾਨ ਖ਼ਾਂ ਨੂੰ ਨਿਯੁਕਤ ਕੀਤਾ। ਜਹਾਨ ਖ਼ਾਂ ਨੂੰ ਕਿਸੇ ਨੇ ਦੱਸਿਆ ਕਿ ਜਦ ਤਕ ਅੰਮ੍ਰਿਤਸਰ ਵਿਚ ਪਵਿੱਤਰ ਸਰੋਵਰ ਤੇ ਸ੍ਰੀ ਦਰਬਾਰ ਸਾਹਿਬ ਦੀ ਹੋਂਦ ਕਾਇਮ ਹੈ, ਸਿੱਖਾਂ ਨੂੰ ਖ਼ਤਮ ਨਹੀਂ ਕੀਤਾ ਜਾ ਸਕਦਾ, ਕਿਉਂਕਿ ਇਨ੍ਹਾਂ ਦੋਵਾਂ ਸੋਮਿਆਂ ਤੋਂ ਉਨ੍ਹਾਂ ਨੂੰ ਨਵਾਂ ਜੀਵਨ ਤੇ ਉਤਸ਼ਾਹ ਮਿਲਦਾ ਹੈ। ਜਹਾਨ ਖ਼ਾਂ ਨੇ ਅੰਮ੍ਰਿਤਸਰ ਨੂੰ ਸਦਰ ਮੁਕਾਮ ਬਣਾ ਲਿਆ ਤੇ ਸ੍ਰੀ ਦਰਬਾਰ ਸਾਹਿਬ ਦੀ ਇਮਾਰਤ ਨੂੰ ਢਾਹ ਕੇ ਪਵਿੱਤਰ ਸਰੋਵਰ ਨੂੰ ਪੂਰ ਦਿੱਤਾ। ਜਦੋਂ ਜਹਾਨ ਖ਼ਾਂ ਦੀ ਇਸ ਵਧੀਕੀ ਦੀ ਖ਼ਬਰ ਜਥੇਦਾਰ ਭਾਗ ਸਿੰਘ ਨੇ ਤਲਵੰਡੀ ਸਾਬੋ ਵਿਖੇ ਜਾ ਕੇ ਬਾਬਾ ਦੀਪ ਸਿੰਘ ਨੂੰ ਦਿੱਤੀ ਤਾਂ ਉਨ੍ਹਾਂ ਦਾ ਖ਼ੂਨ ਉਬਾਲੇ ਖਾਣ ਲੱਗਾ। ਅਰਦਾਸਾ ਸੋਧ ਕੇ ਬਾਬਾ ਜੀ ਨੇ 18 ਸੇਰ ਦਾ ਖੰਡਾ ਉਠਾ ਲਿਆ ਤੇ ਸ੍ਰੀ ਅੰਮ੍ਰਿਤਸਰ ਸਾਹਿਬ ਵੱਲ ਨੂੰ ਚਾਲੇ ਪਾ ਦਿੱਤੇ।

ਦਮਦਮਾ ਸਾਹਿਬ ਤੋਂ ਚੱਲਣ ਸਮੇਂ ਉਨ੍ਹਾਂ ਨਾਲ ਕੁਝ ਹੀ ਸਿੰਘ ਸਨ ਪਰ ਰਸਤੇ 'ਚ ਜਥੇਦਾਰ ਗੁਰਬਖ਼ਸ਼ ਸਿੰਘ ਅਨੰਦਪੁਰੀ ਵੀ ਆ ਰਲੇ।।ਚੱਲਦਿਆਂ-ਚੱਲਦਿਆਂ ਕਾਫ਼ਲਾ ਵਧਦਾ ਗਿਆ। ਬਾਬਾ ਜੀ ਨੇ ਸਿੰਘਾਂ ਨੂੰ ਇਸ ਢੰਗ ਨਾਲ ਵੰਗਾਰਿਆ ਕਿ ਲਾੜੀ ਮੌਤ ਨੂੰ ਵਰਨ ਜਾ ਰਹੇ ਸਿੰਘਾਂ ਦੀ ਗਿਣਤੀ ਸੈਂਕੜੇ ਤੋਂ ਹਜ਼ਾਰਾਂ ਤਕ ਪਹੁੰਚ ਗਈ। ਅੰਮ੍ਰਿਤਸਰ ਦੇ ਨੇੜੇ ਆ ਕੇ ਬਾਬਾ ਜੀ ਨੇ ਖੰਡੇ ਨਾਲ ਲਕੀਰ ਵਾਹ ਦਿੱਤੀ ਤੇ ਕਿਹਾ, 'ਜਿਸ ਨੂੰ ਪ੍ਰੇਮ ਦੀ ਖੇਡ ਖੇਡਣ ਦਾ ਚਾਅ ਹੈ, ਉਹ ਲਕੀਰ ਟੱਪ ਜਾਵੇ ਤੇ ਜਿਸ ਨੂੰ ਮੌਤ ਤੋਂ ਡਰ ਲਗਦਾ ਹੈ, ਉਹ ਪਿਛਾਂਹ ਹਟ ਜਾਵੇ' ਪਰ ਜਿਹੜਾ ਕਾਫ਼ਲਾ ਹੁਣ ਤਕ ਬਾਬਾ ਜੀ ਨਾਲ ਜੁੜ ਚੁੱਕਾ ਸੀ ਉਹ ਸਾਰਾ ਹੀ ਸ਼ਹੀਦੀਆਂ ਦਾ ਚਾਅ ਲੈ ਕੇ ਆਇਆ ਸੀ, ਇਸ ਲਈ ਸਾਰਾ ਕਾਫ਼ਲਾ ਹੀ ਲਕੀਰ ਪਾਰ ਕਰ ਗਿਆ ਤੇ ਬਾਬਾ ਜੀ ਨੇ ਖ਼ੁਸ਼ੀ ਵਿਚ ਜੈਕਾਰਾ ਛੱਡਿਆ।

ਦੂਜੇ ਪਾਸੇ ਜਹਾਨ ਖ਼ਾਂ ਨੂੰ ਜਦੋਂ ਬਾਬਾ ਜੀ ਦੇ ਕਾਫ਼ਲੇ ਦੀ ਅੰਮ੍ਰਿਤਸਰ ਵੱਲ ਆਉਣ ਦੀ ਖ਼ਬਰ ਮਿਲੀ ਤਾਂ ਉਸ ਨੇ ਆਪਣੇ ਜਰਨੈਲ ਅਤੱਈ ਖ਼ਾਂ ਦੀ ਅਗਵਾਈ 'ਚ ਵੱਡੀ ਫ਼ੌਜ ਸਿੰਘਾਂ ਨੂੰ ਰੋਕਣ ਲਈ ਭੇਜ ਦਿੱਤੀ। ਗੋਹਲਵੜ ਦੇ ਸਥਾਨ 'ਤੇ ਲਹੂ ਡੋਲਵੀਂ ਲੜਾਈ ਹੋਈ। ਸਿੰਘਾਂ ਦੇ ਜੈਕਾਰਿਆਂ ਨਾਲ ਅਫ਼ਗਾਨੀ ਫ਼ੌਜ ਦੇ ਹੌਸਲੇ ਪਸਤ ਹੋਣ ਲੱਗੇ ਤੇ ਉਹ ਪਿੱਛੇ ਹਟਣ ਲੱਗੇ।

ਇਸ ਸਮੇਂ ਯਾਕੂਬ ਖ਼ਾਂ ਤੇ ਸਾਬਕ ਅਲੀ ਖ਼ਾਂ ਵੀ ਬਾਬਾ ਦੀਪ ਸਿੰਘ ਜੀ ਨਾਲ ਮੁਕਾਬਲੇ 'ਤੇ ਆ ਗਏ। ਯਾਕੂਬ ਖ਼ਾਂ ਤੇ ਬਾਬਾ ਜੀ ਵਿਚਲੇ ਫਸਵੀਂ ਟੱਕਰ ਹੋਈ ਪਰ ਯਾਕੂਬ ਖ਼ਾਂ ਬਾਬਾ ਜੀ ਦੇ ਵਾਰ ਦੀ ਤਾਬ ਨਾ ਝੱਲ ਸਕਿਆ। ਯਾਕੂਬ ਖ਼ਾਂ ਨੂੰ ਢੇਰੀ ਹੁੰਦਿਆਂ ਵੇਖ ਕੇ ਇਕ ਹੋਰ ਅਫ਼ਗਾਨੀ ਸਿਪਾਹੀ ਅਸਮਾਨ ਖ਼ਾਂ ਜੰਗ ਦੇ ਮੈਦਾਨ ਵਿਚ ਆ ਗਿਆ। ਦੋਹਾਂ ਦੇ ਸਾਂਝੇ ਵਾਰ ਨਾਲ ਬਾਬਾ ਜੀ ਦਾ ਸੀਸ ਧੜ ਨਾਲੋਂ ਵੱਖ ਹੋ ਗਿਆ। ਨਾਲ ਦੇ ਇਕ ਸਿੰਘ ਨੇ ਜਦੋਂ ਬਾਬਾ ਦੀਪ ਸਿੰਘ ਨੂੰ ਅਰਦਾਸ ਸਮੇਂ ਕੀਤਾ ਪ੍ਰਣ ਯਾਦ ਕਰਵਾਇਆ ਤਾਂ ਉਹ ਕੱਟੇ ਹੋਏ ਸੀਸ ਨੂੰ ਆਪਣੇ ਖੱਬੇ ਹੱਥ ਦਾ ਆਸਰਾ ਦੇ ਕੇ ਸੱਜੇ ਹੱਥ 'ਚ ਫੜੇ ਖੰਡੇ ਨਾਲ ਦੁਸ਼ਮਣਾਂ ਦੇ ਆਹੂ ਲਾਹੁਣ ਲੱਗੇ ਅਤੇ ਆਪਣੇ ਪ੍ਰਣ ਨੂੰ ਨਿਭਾਅ ਕੇ ਬਾਬਾ ਦੀਪ ਸਿੰਘ ਜੀ ਨੇ ਆਪਣਾ ਸੀਸ ਸ੍ਰੀ ਹਰਿਮੰਦਰ ਸਾਹਿਬ ਦੀ ਪਰਿਕਰਮਾ ਵਿਚ ਭੇਟ ਕਰ ਦਿੱਤਾ ਤੇ 11 ਨਵੰਬਰ 1757 ਈਸਵੀ ਵਾਲੇ ਦਿਨ ਸ਼ਹਾਦਤ ਦਾ ਜਾਮ ਪੀ ਗਏ।

94631-32719

# ਰਾਗ ਨਾਦ ਸਬਦਿ ਸੋਹਣੇ

ਇਕਵਾਕ ਸਿੰਘ ਪੱਟੀ

ਮਨੁੱਖਤਾ ਦੇ ਸਰਬ ਸਾਂਝੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਪੰਜਵੇਂ ਨਾਨਕ ਗੁਰੂ ਅਰਜਨ ਸਾਹਿਬ ਵੱਲੋਂ ਭਾਈ ਗੁਰਦਾਸ ਜੀ ਕੋਲੋਂ ਦਰਜ ਕਰਵਾਈ ਗਈ ਬਾਣੀ ਰਾਗਾਂ ਦੇ ਅਧੀਨ ਹੈ। ਗੁਰੂ ਗ੍ਰੰਥ ਸਾਹਿਬ ਵਿਚ ਕੁਝ ਬਾਣੀ ਰਾਗ-ਮੁਕਤ ਵੀ ਹੈ ਪਰ ਜ਼ਿਆਦਾਤਰ ਬਾਣੀ ਰਾਗਾਂ ਦੇ ਅਧੀਨ ਹੈ। ਗੁਰੂ ਵਿਚ ਸ਼ਾਮਲ ਸਮੁੱਚੀ ਬਾਣੀ 31 ਰਾਗਾਂ ਵਿਚ ਹੈ। ਗੁਰੂ ਅਰਜਨ ਦੇਵ ਜੀ ਨੇ ਵੱਖ-ਵੱਖ ਰਾਗਾਂ ਵਿਚ ਗੁਰੂ ਸਾਹਿਬਾਨ, ਭਗਤ ਸਾਹਿਬਾਨ ਦੀ ਬਾਣੀ ਨੂੰ ਤਰਤੀਬ ਦਿੱਤੀ ਹੈ। ਸਭ ਤੋਂ ਸ੍ਰੇਸ਼ਟ ਰਾਗ ਬਾਰੇ ਗੁਰੂ ਰਾਮਦਾਸ ਜੀ ਫੁਰਮਾਉਂਦੇ ਹਨ, 'ਸਭਨਾ ਰਾਗਾਂ ਵਿਚਿ ਸੋ ਭਲਾ ਭਾਈ ਜਿਤੁ ਵਸਿਆ ਮਨਿ ਆਇ॥' ਭਾਵ ਉਹੀ ਰਾਗ ਸਫ਼ਲ ਹੈ, ਜਿਸ ਨੂੰ ਸੁਣਦਿਆਂ, ਪੜ੍ਹਦਿਆਂ, ਗਾਉਂਦਿਆਂ ਸ੍ਰਿਸ਼ਟੀ ਦਾ ਕਰਤਾ ਪਰਮਾਤਮਾ ਚੇਤੇ ਆ ਜਾਵੇ। ਸਿਰੀ ਰਾਗ ਪਹਿਲਾ ਰਾਗ ਹੈ...



## ਸਿਰੀ ਰਾਗ

ਗੁਰੂ ਅਰਜਨ ਦੇਵ ਜੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਬਾਣੀ ਦਰਜ ਕਰਨ ਵੇਲੇ ਬਹੁਤ ਸਿਆਣਪ, ਸੁੱਘੜਤਾ, ਦੂਰਅੰਦੇਸ਼ੀ ਨਾਲ ਬਾਣੀ ਨੂੰ ਰਾਗਾਂ ਵਿਚ ਤਰਤੀਬਵਾਰ ਕੀਤਾ। ਗੁਰੂ ਗ੍ਰੰਥ ਸਾਹਿਬ ਵਿਚ ਸ਼ਾਮਲ 31 ਰਾਗਾਂ ਵਿਚ ਸਭ ਤੋਂ ਪਹਿਲਾਂ ਸ਼ਾਮਲ ਕੀਤਾ ਗਿਆ ਰਾਗ ਹੈ-'ਸਿਰੀ ਰਾਗੁ'। ਇਹ ਰਾਗ ਗੁਰੂ ਗ੍ਰੰਥ ਸਾਹਿਬ ਵਿਚ ਪੰਨਾ ਨੰਬਰ 14 ਤੋਂ ਪੰਨਾ ਨੰਬਰ 93 ਤਕ ਦਰਜ ਹੈ। ਇਸ ਰਾਗ ਨੂੰ ਸਰਵੋਤਮ ਮੰਨਦੇ ਹੋਏ ਸਿੱਖ ਕੌਮ ਦੇ ਮਹਾਨ ਵਿਦਵਾਨ ਭਾਈ ਗੁਰਦਾਸ ਜੀ ਨੇ ਲਿਖਿਆ ਹੈ, 'ਰਾਗਨ ਮੈ ਸਿਰੀ ਰਾਗ ਪਾਰਸ ਪਖਾਨ ਹੈ॥' ਤੀਸਰੇ ਸਤਿਗੁਰੂ ਅਮਰਦਾਸ ਜੀ ਦੇ ਬਚਨ ਹਨ, 'ਰਾਗਾ ਵਿਚਿ ਸ੍ਰੀਰਾਗੁ ਹੈ ਜੇ ਸਚਿ ਧਰੇ ਪਿਆਰੁ॥' ਇਸ ਰਾਗ ਤੋਂ ਹੀ ਬਾਣੀ ਅੱਗੇ ਰਾਗਾਂ ਵਿਚ ਆਰੰਭ ਹੁੰਦੀ ਹੈ।

ਸਿਰੀ ਰਾਗ ਵਿਚ ਗੁਰੂ ਸਾਹਿਬਾਨ ਵਿੱਚੋਂ ਗੁਰੂ ਨਾਨਕ ਸਾਹਿਬ ਜੀ ਦੇ, ਗੁਰੂ ਅੰਗਦ ਦੇਵ ਜੀ, ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ, ਗੁਰੂ ਅਰਜਨ ਦੇਵ ਜੀ ਅਤੇ ਇਸੇ ਤਰ੍ਹਾਂ ਭਗਤ ਕਬੀਰ ਜੀ, ਤ੍ਰਿਲੋਚਨ ਜੀ, ਬੇਣੀ ਜੀ ਅਤੇ ਰਵਿਦਾਸ ਜੀ ਦੀ ਬਾਣੀ ਸ਼ਾਮਲ ਹੈ।

ਸੰਗੀਤਕ ਪੱਖ ਤੋਂ ਇਹ ਇਕ ਪੁਰਾਤਨ ਰਾਗ ਹੈ ਅਤੇ ਇਸ ਨੂੰ ਗੰਭੀਰ ਪ੍ਰਕਿਰਤੀ ਦਾ ਰਾਗ ਮੰਨਿਆ ਜਾਂਦਾ ਹੈ। ਇਸ ਰਾਗ ਨੂੰ ਸੰਧੀ ਪ੍ਰਕਾਸ਼ ਭਾਵ ਸੂਰਜ ਛਿਪਣ ਵੇਲੇ ਗਾਇਆ ਜਾਂਦਾ ਹੈ। ਭਾਈ ਸਾਹਿਬ ਡਾ. ਵੀਰ ਸਿੰਘ ਅਨੁਸਾਰ ਗੁਰਮਤਿ ਸੰਗੀਤ ਦੇ ਖੇਤਰ ਵਿਚ ਇਸ ਰਾਗ ਨੂੰ ਖ਼ਾਲਸ (ਸ਼ੁੱਧ) ਰਾਗ ਮੰਨਿਆ ਗਿਆ ਹੈ। ਕੌਮ ਦੇ ਮਹਾਨ ਵਿਦਵਾਨ ਭਾਈ ਕਾਨ੍ਹ ਸਿੰਘ ਨਾਭਾ ਆਪਣੀ ਕ੍ਰਿਤ 'ਮਹਾਨ ਕੋਸ਼' ਵਿਚ ਲਿਖਦੇ ਹਨ ਕਿ, 'ਇਹ ਪੂਰਵੀ ਥਾਟ ਦਾ ਔੜਵ ਸੰਪੂਰਣ ਰਾਗ ਹੈ, ਭਾਵ ਇਸ ਦੇ ਅਰੋਹ ਵਿਚ ਪੰਜ ਅਤੇ ਅਵਰੋਹ ਵਿਚ ਸੱਤ ਸੁਰ ਲਗਦੇ ਹਨ। ਅਰੋਹ ਵਿਚ ਗੰਧਾਰ ਅਤੇ ਧੈਵਤ ਵਰਜਿਤ ਹੈ, ਰਿਸ਼ਭ ਵਾਦੀ ਅਤੇ ਪੰਚਮ ਸੰਵਾਦੀ ਸੁਰ ਹੈ।

98150-24920



# ਧਾਰਮਿਕ ਵਿੱਦਿਆ ਦਾ ਚਾਨਣ ਮੁਨਾਰਾ ਨਿਸ਼ਾਨ-ਏ-ਸਿੱਖੀ

ਡਾ. ਜਸਵਿੰਦਰ ਸਿੰਘ

ਖਡੂਰ ਸਾਹਿਬ ਵਿਖੇ ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਗੁਰਿਆਈ ਤੋਂ ਬਾਅਦ ਲਗਪਗ 13 ਸਾਲ ਬਤੀਤ ਕਰਦਿਆਂ ਮਹਾਨ ਬਖ਼ਸ਼ਿਸ਼ਾਂ ਕੀਤੀਆਂ। 18 ਅਪ੍ਰੈਲ 2004 ਨੂੰ ਸੰਗਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਅੰਗਦ ਦੇਵ ਜੀ ਦਾ 500 ਸਾਲਾ ਪ੍ਰਕਾਸ਼ ਪੁਰਬ ਸੰਸਾਰ ਪੱਧਰ 'ਤੇ ਮਨਾਇਆ ਗਿਆ। ਸ਼ਤਾਬਦੀ ਸਮਾਗਮਾਂ ਦੌਰਾਨ ਅਧਿਆਤਮਕ ਵਿੱਦਿਅਕ, ਖੇਡਾਂ ਤੇ ਵਾਤਾਵਰਨ ਸੰਭਾਲ ਦੇ ਖੇਤਰ ਨਾਲ ਸਬੰਧਤ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਗਈਆਂ। ਇਨ੍ਹਾਂ। ਯੋਜਨਾਵਾਂ ਨੂੰ ਸਚਾਰੂ ਢੰਗ ਨਾਲ ਚਲਾਉਣ ਲਈ ਬਾਬਾ ਸੇਵਾ ਸਿੰਘ ਦੀ ਅਗਵਾਈ ਹੇਠ ਕਾਰ ਸੇਵਾ ਖਡੂਰ ਸਾਹਿਬ ਵੱਲੋਂ ਨਿਸ਼ਾਨ-ਏ-ਸਿੱਖੀ ਚੈਰੀਟੇਬਲ ਟਰੱਸਟ, ਖਡੂਰ ਸਾਹਿਬ ਦੀ ਸਥਾਪਨਾ ਕੀਤੀ ਗਈ। ਇਸ ਟਰੱਸਟ ਵਿਚ ਸ. ਅਵਤਾਰ ਸਿੰਘ 'ਬਾਜਵਾ' ਸਕੱਤਰ ਦੀ ਭੂਮਿਕਾ ਨਿਭਾ ਰਹੇ ਹਨ। ਇਸ ਅੱਠ ਮੰਜ਼ਿਲਾ ਪੰਜ-ਭੁਜ ਆਕਾਰ ਦੀ ਇਸ ਆਲੀਸ਼ਾਨ ਇਮਾਰਤ 'ਚ ਕਾਰ ਸੇਵਾ ਖਡੂਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਹੀ ਵਿੱਦਿਅਕ ਸੰਸਥਾ ਨਿਸ਼ਾਨ-ਏ-ਸਿੱਖੀ ਵਿਚ ਸ੍ਰੀ ਗੁਰੂ ਅੰਗਦ ਦੇਵ ਇੰਸਟੀਚਿਊਟ ਆਫ ਰਿਲੀਜੀਅਸ ਸਟੱਡੀਜ਼ ਗੁਰਮਤਿ ਅਧਿਐਨ, ਸਿੱਖੀ ਦੇ ਪ੍ਰਚਾਰ-ਪਸਾਰ ਤੇ ਅਕਾਦਮਿਕ ਖੋਜ ਦੇ ਖੇਤਰ 'ਚ ਮਾਨਮੱਤੀ ਪਛਾਣ ਬਣਾ ਚੁੱਕੀ ਹੈ। ਇਸ ਸੰਸਥਾ ਤੋਂ ਸਿੱਖਿਆ ਪ੍ਰਾਪਤ ਕਰ ਕੇ ਵਿਦਿਆਰਥੀ ਦੇਸ਼-ਵਿਦੇਸ਼ ਵਿਚ ਸਿੱਖੀ ਦਾ ਪ੍ਰਚਾਰ ਕਰ ਕੇ ਨਾਮਣਾ ਖੱਟ ਰਹੇ ਹਨ।

## ਨੈਤਿਕ ਕਦਰਾਂ-ਕੀਮਤਾਂ ਦੀ ਉਸਾਰੀ

ਇਹ ਸੰਸਥਾ ਕਾਰ ਸੇਵਾ, ਖਡੂਰ ਸਾਹਿਬ ਦੇ ਮੁਖੀ ਬਾਬਾ ਸੇਵਾ ਸਿੰਘ ਦੇ ਸੁਪਨੇ ਦਾ ਸਾਕਾਰ ਰੂਪ ਹੈ। ਉਨ੍ਹਾਂ ਦੀ ਵੱਡੀ ਸੋਚ ਹੈ ਕਿ ਸਿੱਖ ਪ੍ਰਚਾਰਕ ਵੱਡੇ ਵਿਦਵਾਨ ਹੋਣ ਦੇ ਨਾਲ-ਨਾਲ ਸੁਚੱਜੀ ਗੁਰਮਤਿ ਰਹਿਣੀ ਤੇ ਆਤਮਿਕ ਅਨੁਭਵ ਵਾਲੇ ਹੋਣ। ਇਸ ਲਈ ਸ੍ਰੀ ਗੁਰੂ ਅੰਗਦ ਦੇਵ ਜੀ ਇੰਸਟੀਚਿਊਟ ਆਫ ਰਿਲੀਜੀਅਸ ਸਟੱਡੀਜ਼ 'ਚ ਵਿਦਿਆਰਥੀਆਂ ਦੀ ਨਿੱਤ ਦੀ ਕਰਮ ਕਿਰਿਆ/ਸਿਲੇਬਸ ਅਜਿਹਾ ਨਿਰਧਾਰਤ ਕੀਤਾ ਗਿਆ ਹੈ ਤਾਂ ਜੋ ਅਜਿਹੇ ਸੁਮੇਲ ਨੂੰ ਵਿਦਿਆਰਥੀਆਂ ਵਿਚ ਮੂਰਤੀਮਾਨ ਕੀਤਾ ਜਾ ਸਕੇ। ਇਹ ਸੰਸਥਾ ਅੰਮ੍ਰਿਤ ਵੇਲੇ ਤੋਂ ਕਾਰਜਸ਼ੀਲ ਹੋ ਕੇ ਰਹਰਾਸਿ ਸਾਹਿਬ/ਸੋਹਿਲਾ ਸਾਹਿਬ ਦੇ ਪਾਠ ਦੀ ਸਮਾਪਤੀ ਨਾਲ ਸੰਪੂਰਨ ਹੁੰਦੀ ਹੈ। ਇੰਸਟੀਚਿਊਟ ਵਿਚ ਵਿਦਿਆਰਥੀਆਂ ਨੂੰ ਸੇਵਾ ਤੇ ਸਿਮਰਨ ਦੇ ਨਾਲ-ਨਾਲ ਜਪੁ, ਤਪੁ, ਸੰਜਮ ਤੇ ਨੈਤਿਕ ਕਦਰਾਂ-ਕੀਮਤਾਂ ਨਾਲ ਵੀ ਜੋੜਿਆ ਜਾਂਦਾ ਹੈ। ਖਡੂਰ ਸਾਹਿਬ ਨੂੰ ਅੱਠ ਗੁਰੂ ਸਾਹਿਬਾਨ ਦੀ ਚਰਨ ਛੋਹ ਪ੍ਰਾਪਤ ਹੋਣ ਦੇ ਨਾਲ-ਨਾਲ, ਕਾਰ ਸੇਵਾ ਵਾਲੇ ਸੰਤ ਬਾਬਾ ਗੁਰਮੁੱਖ ਸਿੰਘ, ਸੰਤ ਬਾਬਾ ਸਾਧੂ ਸਿੰਘ, ਸੰਤ ਬਾਬਾ ਝੰਡਾ ਸਿੰਘ, ਸੰਤ ਬਾਬਾ ਉੱਤਮ ਸਿੰਘ ਵਰਗੇ ਜਪੀਆਂ, ਤਪੀਆਂ ਦੀ ਪਾਵਨ ਛੋਹ ਵੀ ਪ੍ਰਾਪਤ ਹੈ। ਸੰਸਾਰ ਵਿਚ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਪਵਿੱਤਰ ਨਗਰੀ ਖਡੂਰ ਸਾਹਿਬ ਦੇ ਨਾਂ ਨਾਲ ਪ੍ਰਸਿੱਧ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਵਿਚ ਵੀ 967 ਨੰਬਰ ਅੰਗ 'ਤੇ ਖਡੂਰ ਸਾਹਿਬ ਬਾਰੇ ਜ਼ਿਕਰ ਆਇਆ ਹੈ :

**ਫੇਰਿ ਵਸਾਇਆ ਫੇਰੁਆਣਿ ਸਤਿਗੁਰਿ ਖਾਡੂਰੁ॥**
**ਜਪੁ ਤਪੁ ਸੰਜਮੁ ਨਾਲਿ ਤੁਧੁ ਹੋਰੁ ਮੁਚੁ ਗਰੂਰੁ॥**

## ਗੁਰੂ ਅੰਗਦ ਦੇਵ ਜੀ ਨੂੰ ਸਮਰਪਿਤ ਸੰਸਥਾ

ਖਡੂਰ ਸਾਹਿਬ ਵਿਖੇ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਗੁਰਮੁਖੀ ਲਿੱਪੀ ਦੀ ਸੁਧਾਈ ਕਰ ਕੇ ਮੌਜੂਦਾ ਪੈਂਤੀ ਅੱਖਰੀ ਰੂਪ ਦਿੱਤਾ ਤੇ ਗੁਰਮੁਖੀ ਦਾ ਪਹਿਲਾ ਬਾਲ ਬੋਧ ਤਿਆਰ ਕਰਵਾਇਆ। ਗੁਰਮੁਖੀ ਲਿੱਪੀ ਦੇ ਪ੍ਰਚਾਰ-ਪਸਾਰ ਲਈ ਗੁਰਮੁਖੀ ਦਾ ਪਹਿਲਾ ਸਕੂਲ ਸਥਾਪਿਤ ਕੀਤਾ। ਇਸ ਲਈ ਗੁਰੂ ਅੰਗਦ ਦੇਵ ਜੀ ਦੇ ਉਦੇਸ਼ ਨੂੰ ਮੁੱਖ ਰੱਖਦਿਆਂ ਕਾਰ ਸੇਵਾ ਖਡੂਰ ਸਾਹਿਬ ਵੱਲੋਂ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਨਾਂ 'ਤੇ ਇਸ ਇੰਸਟੀਚਿਊਟ ਦੀ ਸਥਾਪਨਾ ਕੀਤੀ ਗਈ ਹੈ। ਇਸ ਸੰਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸੁਝਵਾਨ ਵਿਦਵਾਨ ਤੇ ਪੰਥ ਪ੍ਰਸਿੱਧ ਸ਼ਖ਼ਸੀਅਤਾਂ ਦੀ ਕਮੇਟੀ ਗਠਿਤ ਕੀਤੀ ਗਈ ਹੈ। ਇਸ ਸਿੱਖ ਸਟੱਡੀ ਬੋਰਡ ਦੇ ਮੈਂਬਰਾਂ ਵਿਚ ਬਾਬਾ ਸੇਵਾ ਸਿੰਘ ਜੀ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ, ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ, ਅੰਮ੍ਰਿਤਸਰ ਦੇ ਫਾਊਂਡਰ ਡਾਇਰੈਕਟਰ ਪ੍ਰੋ. ਬਲਵੰਤ ਸਿੰਘ ਢਿੱਲੋਂ, ਡਾ. ਇੰਦਰਜੀਤ ਸਿੰਘ ਗੋਗੋਆਣੀ (ਖ਼ਾਲਸਾ ਕਾਲਜ ਅੰਮ੍ਰਿਤਸਰ), ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਅੰਮ੍ਰਿਤਸਰ ਦੇ ਡਾਇਰੈਕਟਰ ਡਾ. ਅਮਰਜੀਤ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਾਬਕਾ ਸਕੱਤਰ ਭਾਈ ਵਰਿਆਮ ਸਿੰਘ ਆਦਿ ਸ਼ਾਮਲ ਹਨ। ਪੰਜ ਸਾਲਾ ਪੋਸਟ ਗ੍ਰੈਜੂਏਟ ਗੁਰਮਤਿ ਡਿਪਲੋਮਾ ਦੇ ਨਾਲ ਬੀਏ ਅਤੇ ਐੱਮਏ ਦੀ ਅਕਾਦਮਿਕ ਪੜ੍ਹਾਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਬਿਨਾਂ ਕਿਸੇ ਖ਼ਰਚ ਤੋਂ ਕਰਵਾਈ ਜਾਂਦੀ ਹੈ। ਇਸ ਦਾ ਮਕਸਦ ਗੁਰਮਤਿ ਦਾ ਵਿਦਵਾਨ, ਪ੍ਰਚਾਰਕ, ਵਿਆਖਿਆਕਾਰ, ਰਾਗੀ ਤੇ ਉਚੇਰੀ ਸ਼ਖ਼ਸੀਅਤ ਪੈਦਾ ਕਰਨਾ ਹੈ। ਵਿਦਿਆਰਥੀਆਂ ਦੀ ਪੜ੍ਹਾਈ, ਰਿਹਾਇਸ਼ ਤੇ ਖਾਣੇ ਦਾ ਪ੍ਰਬੰਧ ਸੰਸਥਾ ਅਤੇ ਸੰਗਤ ਦੇ ਸਹਿਯੋਗ ਨਾਲ ਕੀਤਾ ਜਾਂਦਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ, ਸ੍ਰੀ ਦਸਮ ਗ੍ਰੰਥ ਸਾਹਿਬ ਦੀਆਂ ਚੋਣਵੀਆਂ ਬਾਣੀਆਂ ਦੇ ਨਾਲ-ਨਾਲ ਭਾਈ ਗੁਰਦਾਸ ਜੀ ਤੇ ਭਾਈ ਨੰਦ ਲਾਲ ਗੋਯਾ ਜੀ ਦੀਆਂ ਚੋਣਵੀਆਂ ਰਚਨਾਵਾਂ ਦਾ ਅਧਿਐਨ ਵੀ ਕਰਵਾਇਆ ਜਾਂਦਾ ਹੈ। ਧਰਮ ਅਧਿਐਨ, ਧਰਮ-ਦਰਸ਼ਨ ਤੇ ਗੁਰਮਤਿ ਦਰਸ਼ਨ, ਸਿੱਖ ਫਲਸਫ਼ੇ, ਸੰਸਾਰ ਦੇ ਮੁੱਖ ਧਰਮਾਂ ਦਾ ਅਧਿਐਨ, ਅੰਗਰੇਜ਼ੀ ਬੋਲਣ ਤੇ ਕੰਪਿਊਟਰ ਦੀ ਸਿਖਲਾਈ ਦਾ ਅਧਿਐਨ ਕਰਵਾਇਆ ਜਾਂਦਾ ਹੈ।



## ਉੱਚ ਸਿੱਖਿਆ ਪ੍ਰਾਪਤ ਕਰ ਚੁੱਕੇ ਹਨ ਕਈ ਵਿਦਿਆਰਥੀ

ਵਿਦਿਆਰਥੀਆਂ ਨੂੰ ਲੜੀਵਾਰ ਸਰੂਪ ਤੋਂ ਗੁਰਬਾਣੀ ਦੀ ਸੰਥਿਆ ਵਿਆਕਰਨ ਦੇ ਮਾਹਿਰ ਗਿਆਨੀ ਭਰਪੂਰ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਵੇਦਾਂਤੀ ਦੁਆਰਾ ਕਰਵਾਈ ਜਾਂਦੀ ਹੈ। ਗੁਰਮਤਿ ਪਰੰਪਰਾ ਅਨੁਸਾਰ ਕਥਾ/ਲੈਕਚਰ ਤੇ ਗੁਰਮਤਿ ਸੰਗੀਤ ਸਿਖਾਇਆ ਜਾਂਦਾ ਹੈ। 2009 ਤੋਂ ਹੁਣ ਤਕ ਅਨੇਕਾਂ ਵਿਦਿਆਰਥੀ ਇਸ ਸੰਸਥਾ ਰਾਹੀਂ ਪੰਜ ਸਾਲਾ ਪੋਸਟ ਗ੍ਰੈਜੂਏਟ ਗੁਰਮਤਿ ਡਿਪਲੋਮੇ ਦੇ ਨਾਲ-ਨਾਲ ਬੀਏ ਤੇ ਐੱਮਏ ਦੀ ਡਿਗਰੀ ਕਰ ਚੁੱਕੇ ਹਨ। ਬਹੁਤ ਸਾਰੇ ਵਿਦਿਆਰਥੀ ਐੱਮਫਿਲ ਕਰ ਚੁੱਕੇ ਹਨ। ਕੁਝ ਵਿਦਿਆਰਥੀ ਯੂਨੀਵਰਸਿਟੀ ਗਰਾਂਟ ਕਮਿਸ਼ਨ ਵੱਲੋਂ ਵਜ਼ੀਫ਼ਾ ਪ੍ਰਾਪਤ ਕਰ ਕੇ ਐੱਮਫਿਲ ਅਤੇ ਪੀਐੱਚਡੀ ਕਰ ਰਹੇ ਹਨ। ਕਈ ਵਿਦਿਆਰਥੀ ਦੇਸ਼-ਵਿਦੇਸ਼ ਦੀਆਂ ਪੰਥ ਪ੍ਰਸਿੱਧ ਸੰਸਥਾਵਾਂ 'ਚ ਗ੍ਰੰਥੀ ਸਿੰਘ, ਲੈਕਚਰਰ ਤੇ ਪ੍ਰੋਫੈਸਰ ਵਜੋਂ ਸੇਵਾ ਨਿਭਾ ਰਹੇ ਹਨ।

## ਆਧੁਨਿਕ ਸਹੂਲਤਾਂ ਤੇ ਮਿਆਰੀ ਸਿੱਖਿਆ

ਪੰਜਾਬ ਦੇ ਬਹੁਤੇ ਕਾਲਜਾਂ ਵਿਚ ਧਰਮ ਅਧਿਐਨ ਵਿਸ਼ਾ ਵੀ ਪੜ੍ਹਾਇਆ ਜਾਂਦਾ ਹੈ। ਸਾਲ 2009 ਤੋਂ 'ਧਰਮ ਅਧਿਐਨ' ਵਿਸ਼ੇ ਨੂੰ ਬੀਐੱਡ ਵਿਚ ਮਾਨਤਾ ਵੀ ਦਿੱਤੀ ਜਾ ਚੁੱਕੀ ਹੈ। ਇਸ ਵਿਸ਼ੇ 'ਚ ਬੀਏ ਕਰਨ ਵਾਲਾ ਵਿਦਿਆਰਥੀ ਬੀਐੱਡ ਕਰਨ ਦੇ ਯੋਗ ਮੰਨਿਆ ਜਾਂਦਾ ਹੈ। ਸੰਸਥਾ ਵੱਲੋਂ ਪੰਜ ਸਾਲਾ ਡਿਪਲੋਮੇ ਲਈ ਸਿਲੇਬਸ ਨਿਰਧਾਰਤ ਕੀਤਾ ਗਿਆ ਹੈ। ਦਾਖ਼ਲਾ ਹਰ ਸਾਲ ਅਪ੍ਰੈਲ ਦੇ ਪਹਿਲੇ ਹਫ਼ਤੇ ਸ਼ੁਰੂ ਹੁੰਦਾ ਹੈ। ਵਿਦਿਆਰਥੀਆਂ ਦੇ ਵਿਅਕਤਿਤਵ ਤੇ ਧਾਰਮਿਕ ਪੱਖ ਨੂੰ ਵਿਕਸਤ ਕਰਨ ਲਈ ਬਹੁਤ ਸਾਰੀਆਂ ਸਰਗਰਮੀਆਂ ਕਰਵਾਈਆਂ ਜਾਂਦੀਆਂ ਹਨ। ਸੰਸਥਾ ਵਿਚ ਵੱਖ-ਵੱਖ ਵਿਸ਼ਿਆਂ ਉੱਤੇ ਟਾਈਮ ਟੇਬਲ ਅਨੁਸਾਰ ਚਰਚਾ ਕੀਤੀ ਜਾਂਦੀ ਹੈ ਤਾਂ ਜੋ ਵਿਦਿਆਰਥੀਆਂ ਦੇ ਮਨੋਬਲ ਨੂੰ ਉੱਚਾ ਚੁੱਕਿਆ ਜਾ ਸਕੇ। ਸਿਲੇਬਸ ਤੇ ਹੋਰ ਸਬੰਧਤ ਵਿਸ਼ਿਆਂ 'ਤੇ ਵਿਦਵਾਨਾਂ ਦੇ ਐਕਸਟੈਂਸ਼ਨ ਲੈਕਚਰ ਵੀ ਕਰਵਾਏ ਜਾਂਦੇ ਹਨ। ਵਿਦਿਆਰਥੀਆਂ ਨੂੰ ਸੰਸਥਾਵਾਂ ਵਿਚ ਧਾਰਮਿਕ ਗਤੀਵਿਧੀਆਂ 'ਚ ਹਿੱਸਾ ਲੈਣ ਲਈ ਭੇਜਿਆ ਜਾਂਦਾ ਹੈ। ਸ੍ਰੀ ਗੁਰੂ ਅੰਗਦ ਦੇਵ ਇੰਸਟੀਚਿਊਟ ਆਫ ਰਿਲੀਜੀਅਸ ਸਟੱਡੀਜ਼ ਖਡੂਰ ਸਾਹਿਬ ਧਾਰਮਿਕ-ਵਿੱਦਿਅਕ ਸੰਸਥਾਵਾਂ ਵਿਚ ਮੋਹਰੀ ਸਥਾਨ 'ਤੇ ਆਉਣ ਵਾਲੀਆਂ ਸੰਸਥਾਵਾਂ 'ਚ ਸ਼ੁਮਾਰ ਹੈ।

ਵਿਦਿਆਰਥੀਆਂ ਨੂੰ ਧਾਰਮਿਕ ਸਿੱਖਿਆ ਨਾਲ-ਨਾਲ ਅਜਿਹੀ ਸਿਖਲਾਈ ਦਿੱਤੀ ਜਾਂਦੀ ਹੈ ਜੋ ਉਨ੍ਹਾਂ ਦੀ ਸਰਵਪੱਖੀ ਸ਼ਖ਼ਸੀਅਤ ਦੇ ਵਿਕਾਸ 'ਚ ਅਹਿਮ ਯੋਗਦਾਨ ਪਾਉਂਦੀ ਹੈ। ਸੰਸਥਾ ਵਿਦਿਆਰਥੀਆਂ ਦੇ ਸਿਰਜਨਾਤਮਕ ਤੇ ਅਕਾਦਮਿਕ ਹੁਨਰ ਨੂੰ ਤਲਾਸ਼ਣ ਤੇ ਤਰਾਸ਼ਣ ਲਈ ਯਤਨਸ਼ੀਲ ਰਹਿੰਦੀ ਹੈ। ਸੰਸਥਾ ਗਿਆਨ ਦੇ ਨਵੇਂ ਪਰਪੇਖਾਂ ਨੂੰ ਉਭਾਰਨ ਲਈ ਧਾਰਮਿਕ ਕੋਰਸ ਕਰਵਾ ਰਹੀ ਹੈ, ਜੋ ਵਿਦਿਆਰਥੀਆਂ ਅੰਦਰ ਅਕਾਦਮਿਕ, ਨੈਤਿਕ, ਸੱਭਿਆਚਾਰਕ, ਸਦਾਚਾਰ ਕਦਰਾਂ-ਕੀਮਤਾਂ ਵੀ ਭਰਦੇ ਹਨ। ਇੰਸਟੀਚਿਊਟ ਵਿਖੇ ਪਵਿੱਤਰ ਸ਼ਾਂਤਮਈ ਤੇ ਰਮਣੀਕ ਚੌਗਿਰਦਾ ਵੀ ਮਨ ਨੂੰ ਇਕਾਗਰਤਾ ਤੇ ਸ਼ਾਂਤੀ ਬਖ਼ਸ਼ਦਾ ਹੈ। ਵਿਦਿਆਰਥੀਆਂ ਦੀ ਰਹਿਨੁਮਾਈ ਲਈ ਮਿਹਨਤੀ ਤੇ ਸਿਰੜੀ ਸਟਾਫ ਕਾਰਜਸ਼ੀਲ ਹੈ। ਸੰਸਥਾ 'ਚ ਏਅਰ-ਕੰਡੀਸ਼ਨਰ ਲਾਇਬ੍ਰੇਰੀ, ਏਅਰ-ਕੰਡੀਸ਼ਨਰ ਕਲਾਸ ਰੂਮ, ਏਅਰ-ਕੰਡੀਸ਼ਨਰ ਕੰਪਿਊਟਰ ਲੈਬ ਤੇ ਵਾਈ-ਫਾਈ ਵਰਗੀਆਂ ਆਧੁਨਿਕ ਸਹੂਲਤਾਂ ਵੀ ਮੌਜੂਦ ਹਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਉਪਦੇਸ਼ **'ਗੁਰ ਕੀ ਸੇਵਾ ਸਬਦੁ ਵੀਚਾਰੁ'** ਨੂੰ ਮੁੱਖ ਰੱਖਦਿਆਂ ਇਸ ਸੰਸਥਾ ਦੀ ਸਥਾਪਨਾ ਕੀਤੀ ਗਈ ਹੈ। ਸੰਸਥਾ ਦੇ ਪ੍ਰਿੰਸੀਪਲ ਭਾਈ ਵਰਿਆਮ ਸਿੰਘ ਹਨ, ਜੋ ਧਰਮ ਪ੍ਰਚਾਰ ਕਮੇਟੀ ਅੰਮ੍ਰਿਤਸਰ ਦੇ ਸਾਬਕਾ ਸਕੱਤਰ ਹਨ। ਅਧਿਆਤਮਿਕ ਵਿੱਦਿਆ ਦਾ ਇਹ ਚਾਨਣ ਮੁਨਾਰਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚੱਲ ਰਿਹਾ ਹੈ।



## ਸੰਪਾਦਕੀ

# ਖ਼ੁਰਾਕੀ ਵਸਤਾਂ 'ਚ ਮਿਲਾਵਟ

ਭਾਰਤੀ ਖ਼ੁਰਾਕ ਸੁਰੱਖਿਆ ਅਤੇ ਮਿਆਰ ਅਥਾਰਿਟੀ (ਐੱਫ ਐੱਸ ਐੱਸ ਏ ਆਈ) ਸਭ ਗੱਲਾਂ ਵਧੀਆ ਤਰੀਕੇ ਨਾਲ ਸਹੀ ਸਹੀ ਆਖਦੀ ਹੈ, ਪਰ ਯੋਜਨਾਵਾਂ ਲਾਗੂ ਕਰਨ ਦੇ ਪੜਾਅ 'ਤੇ ਇਸ ਰੈਗੂਲੇਟਰੀ ਏਜੰਸੀ ਦੀ ਅਕਸਰ ਮੂਧੇ ਮੂੰਹ ਡਿੱਗਣ ਵਾਲੀ ਗੱਲ ਹੁੰਦੀ ਹੈ। ਇਸ ਨੇ ਹੁਣ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਦੁੱਧ ਤੇ ਦੁੱਧ ਤੋਂ ਬਣੇ ਉਤਪਾਦਾਂ, ਖਾਣ ਵਾਲੇ ਤੇਲਾਂ, ਮਸਾਲਿਆਂ ਅਤੇ ਸ਼ਹਿਦ ਵਰਗੀਆਂ ਉੱਚ-ਜੋਖ਼ਮ ਵਾਲੀਆਂ ਖ਼ੁਰਾਕੀ ਵਸਤੂਆਂ ਦੀ ਜਾਂਚ 'ਤੇ ਵਧੇਰੇ ਧਿਆਨ ਕੇਂਦਰਿਤ ਕਰਨ ਅਤੇ ਜ਼ਮੀਨੀ ਪੱਧਰ 'ਤੇ ਨਿਯਮ ਲਾਗੂ ਕਰਨ ਲਈ ਕਿਹਾ ਹੈ। ਇਹ ਸੰਸਥਾ ਖ਼ੁਰਾਕੀ ਪਦਾਰਥਾਂ ਦੇ ਕਾਰੋਬਾਰੀਆਂ ਨੂੰ ਰੋਜ਼ਾਨਾ ਉਤਪਾਦਨ ਅਤੇ ਸਟੋਰੇਜ ਰਿਕਾਰਡ ਰੱਖਣ ਦੇ ਪਾਬੰਦ ਕਰਨ ਬਾਰੇ ਵੀ ਯੋਜਨਾ ਬਣਾ ਰਹੀ ਹੈ। ਵਿਆਪਕ ਪੱਧਰ 'ਤੇ ਹੋ ਰਹੀ ਮਿਲਾਵਟਖੋਰੀ ਨੂੰ ਰੋਕਣ ਦਾ ਇਰਾਦਾ ਚੰਗਾ ਹੈ, ਪਰ ਇਸ ਸੰਸਥਾ ਦੇ ਕੰਮ ਢੰਗ ਦੇ ਮੱਦੇਨਜ਼ਰ ਕੋਈ ਵੀ ਨਿਰਦੇਸ਼ ਮਹੱਤਵਪੂਰਨ ਤਬਦੀਲੀਆਂ ਕੀਤੇ ਬਿਨਾਂ ਖ਼ੁਰਾਕੀ ਵਸਤਾਂ ਦੀ ਸੁਰੱਖਿਆ ਸਬੰਧੀ ਨਿਯਮਾਂ ਦੀ ਪਾਲਣਾ ਕਿਵੇਂ ਕਰਵਾ ਸਕਦਾ ਹੈ? ਜਨਤਕ ਸਿਹਤ ਦੀ ਥਾਂ ਮੁਨਾਫ਼ੇ ਨੂੰ ਤਰਜੀਹ ਦੇਣਾ ਆਮ ਗੱਲ ਬਣ ਗਿਆ ਹੈ। ਇਸ ਲਈ ਐੱਫ ਐੱਸ ਐੱਸ ਏ ਆਈ ਨੂੰ ਭਰੋਸੇਯੋਗਤਾ ਦਾ ਸੰਕਟ ਦਰਪੇਸ਼ ਹੈ।

ਐੱਫ ਐੱਸ ਐੱਸ ਏ ਆਈ ਤੋਂ ਮਿਲਿਆ ਲਾਇਸੈਂਸ ਸਬੰਧਿਤ ਖ਼ੁਰਾਕੀ ਵਸਤਾਂ ਦਾ ਉਤਪਾਦਨ ਅਤੇ ਇਨ੍ਹਾਂ ਦੀ ਵਿਕਰੀ ਕਰਨ ਵਾਲਿਆਂ ਨੂੰ ਜ਼ਿੰਮੇਵਾਰੀ ਨਾਲ ਕੰਮ ਕਰਨ ਅਤੇ ਖ਼ੁਰਾਕੀ ਵਸਤਾਂ ਦੀ ਸੁਰੱਖਿਆ ਸਬੰਧੀ ਨਿਯਮਾਂ ਦੀ ਪਾਲਣਾ ਕਰਨ ਦੇ ਪਾਬੰਦ ਬਣਾਉਂਦਾ ਹੈ, ਪਰ ਹੁਣ ਇਹ ਬਿਨਾਂ ਕਿਸੇ ਰੋਕ-ਟੋਕ ਤੋਂ ਕੰਮ ਕਰਨ ਦਾ ਪਰਮਿਟ ਬਣ ਗਿਆ ਜਾਪਦਾ ਹੈ। ਹੋਲੀ ਮੌਕੇ ਮਠਿਆਈਆਂ ਦੀ ਭਰਮਾਰ ਹੁੰਦੀ ਹੈ ਤਾਂ ਇਹ ਤਲਖ਼ ਹਕੀਕਤ ਹੋਰ ਵੀ ਗੰਭੀਰਤਾ ਨਾਲ ਸਾਡੇ ਸਾਹਮਣੇ ਆਉਂਦੀ ਹੈ। ਮਹਿਜ਼ ਤਿਉਹਾਰਾਂ ਸਮੇਂ ਕੀਤੀ ਜਾਣ ਵਾਲੀ ਸਖ਼ਤ ਕਾਰਵਾਈ ਗ਼ੈਰ-ਕਾਨੂੰਨੀ ਗਤੀਵਿਧੀਆਂ ਨੂੰ ਥੋੜ੍ਹੇ ਸਮੇਂ ਲਈ ਹੀ ਰੋਕਦੀ ਹੈ। ਮਿਲਾਵਟਖੋਰੀ ਨੂੰ ਇੱਕ ਗੰਭੀਰ ਅਪਰਾਧ ਮੰਨਿਆ ਜਾਣਾ ਚਾਹੀਦਾ ਹੈ। ਮਿਲਾਵਟਖੋਰਾਂ ਨੂੰ ਸਖ਼ਤ ਸਜ਼ਾਵਾਂ ਦਿੱਤੇ ਅਤੇ ਉਨ੍ਹਾਂ ਦੇ ਲਾਇਸੈਂਸ ਰੱਦ ਕੀਤੇ ਬਿਨਾਂ ਨਿਯਮਾਂ ਨੂੰ ਲਾਗੂ ਕਰਨ ਦੀ ਗੱਲ ਆਖਣਾ ਮਹਿਜ਼ ਬਿਆਨਬਾਜ਼ੀ ਹੀ ਜਾਪਦਾ ਹੈ।

ਇਹ ਚੰਗੀ ਗੱਲ ਹੈ ਕਿ ਰੈਗੂਲੇਟਰੀ ਸੰਸਥਾ ਨੇ ਸੂਬਿਆਂ ਨੂੰ ਆਪਣੇ ਭੋਜਨ ਸੁਰੱਖਿਆ ਖੇਤਰ ਵਿੱਚ ਕਾਮਿਆਂ ਦੀ ਗਿਣਤੀ ਵਧਾਉਣ ਲਈ ਕਿਹਾ ਹੈ, ਪਰ ਇਹ ਯਕੀਨੀ ਕੌਣ ਬਣਾਏਗਾ ਜਾਂ ਅਨੁਸ਼ਾਸਨ ਤੇ ਜਵਾਬਦੇਹੀ ਦਾ ਮਾਹੌਲ ਵੀ ਕੌਣ ਬਣਾਏਗਾ?

ਵਿਆਪਕ ਮਿਲਾਵਟਖੋਰੀ ਪ੍ਰਤੀ ਕੇਂਦਰੀ ਅਤੇ ਸੂਬਾਈ ਸਰਕਾਰਾਂ ਦੀ ਉਦਾਸੀਨਤਾ ਸਮਝ ਤੋਂ ਪਰ੍ਹੇ ਹੈ। ਗਲੀਆਂ ਮੁਹੱਲਿਆਂ ਵਿਚਲੀਆਂ ਦੁਕਾਨਾਂ ਹੀ ਖਪਤਕਾਰਾਂ ਨੂੰ ਨਿਰਾਸ਼ ਨਹੀਂ ਕਰ ਰਹੀਆਂ, ਵੱਡੀਆਂ ਕੰਪਨੀਆਂ ਨੂੰ ਵੀ ਵਿਦੇਸ਼ਾਂ ਵਿੱਚ ਲਾਗੂ ਕੀਤੇ ਜਾਂਦੇ ਮਿਆਰਾਂ ਵਾਂਗ ਭਾਰਤ ਵਿੱਚ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣੀ ਚਾਹੀਦੀ ਹੈ। ਪੈਕ ਦੇ ਮੂਹਰਲੇ ਹਿੱਸੇ 'ਤੇ ਨਮਕ, ਖੰਡ ਜਾਂ ਚਰਬੀ ਦੇ ਉੱਚ ਪੱਧਰ ਨੂੰ ਦਰਸਾਉਂਦੀ ਲੇਬਲਿੰਗ ਨੂੰ ਯਕੀਨੀ ਬਣਾਉਣਾ ਕਿੰਨੀ ਕੁ ਵੱਡੀ ਮੁਸ਼ਕਿਲ ਹੈ?

# ਆਦੀਆਂ ਚੌਂਕ ਪੋਸਟ ਤੇ ਸ਼ਹੀਦ ਹੋਏ ਪੰਜਾਬ ਹੋਮਗਾਰਡ ਦੇ ਜਵਾਨ ਅਸ਼ੋਕ ਕੁਮਾਰ ਨਮਿੱਤ ਸ਼ਰਧਾਂਜ਼ਲੀ ਸਮਾਗਮ



**ਗੁਰਦਾਸਪੁਰ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਤੀ ਦਿਨੀ ਆਦੀਆਂ ਚੌਂਕ ਪੋਸਟ ਤੇ ਸ਼ਹੀਦ ਹੋਏ ਪੰਜਾਬ ਹੋਮਗਾਰਡ ਦੇ ਜਵਾਨ ਅਸ਼ੋਕ ਕੁਮਾਰ ਦੇ ਜੱਦੀ ਪਿੰਡ ਅਕਲਾਸ਼ਪੁਰ ਨੇੜੇ ਧਾਰੀਵਾਲ ਵਿਖੇ ਉਨ੍ਹਾਂ ਨਮਿੱਤ ਸਰਧਾਂਜਲੀ ਸਮਾਗਮ ਹੋਇਆ, ਜਿਸ ਵਿੱਚ ਪੰਜਾਬ ਪੁਲਿਸ ਦੇ ਏ.ਡੀ.ਜੀ.ਪੀ ਪੰਜਾਬ, ਐੱਮ ਐੱਫ ਫਾਰੂਕੀ ਤੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਸਮੇਤ ਵੱਖ ਵੱਖ ਸ਼ਖਸ਼ੀਅਤਾਂ ਵਲੋਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ।

ਸ਼ਹੀਦ ਅਸ਼ੋਕ ਕੁਮਾਰ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਵੱਖ-ਵੱਖ ਬੁਲਾਰਿਆ ਨੇ ਸ਼ਹੀਦ ਅਸ਼ੋਕ ਕੁਮਾਰ ਦੀ ਸ਼ਹਾਦਤ ਨੂੰ ਨਮਨ ਹੁੰਦਿਆਂ ਕਿਹਾ ਕਿ ਸ਼ਹੀਦ ਦੇਸ਼ ਦਾ ਕੀਮਤੀ ਸਰਮਾਇਆ ਹੁੰਦੇ ਹਨ, ਜੋ ਹਮੇਸ਼ਾ ਸਾਡੇ ਮਨਾਂ ਵਿੱਚ ਵਸਦੇ ਰਹਿੰਦੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸੁਰੱਖਿਆ ਫੋਰਸਾਂ ਨੇ ਹਮੇਸ਼ਾ ਸੂਬੇ ਤੇ ਦੇਸ਼ ਦੀ ਅਮਨ ਸ਼ਾਂਤੀ ਲਈ ਹਿੱਕ ਡਾਹ ਕੇ ਦੁਸ਼ਮਣਾਂ ਦਾ ਟਾਕਰਾ ਕੀਤਾ ਹੈ ਅਤੇ ਕੁਰਬਾਨੀਆਂ ਦੇ ਕੇ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਬਰਕਰਾਰ ਰੱਖਿਆ ਹੈ। ਉਨ੍ਹਾਂ ਕਿਹਾ ਕਿ ਉਹ ਆਦੀਆ ਚੌਂਕ ਪੋਸਟ 'ਤੇ ਡਿਊਟੀ ਦੌਰਾਨ ਸ਼ਹੀਦ ਜਵਾਨ ਸ਼ਹੀਦ ਅਸ਼ੋਕ ਕੁਮਾਰ ਨੂੰ ਸਿਜਦਾ ਕਰਦੇ ਹਨ ਅਤੇ ਦੁੱਖ ਦੀ ਇਸ ਘੜੀ ਵਿੱਚ ਸ਼ਹੀਦ ਪਰਿਵਾਰ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹਨ।

ਇਸ ਮੌਕੇ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਸ਼ਹੀਦ ਅਸ਼ੋਕ ਕੁਮਾਰ ਨੂੰ ਸ਼ਰਧਾ ਦੇ ਫੁੱਲ ਅਰਪਣ ਕਰਦਿਆ ਕਿਹਾ ਕਿ ਸ਼ਹੀਦ ਅਸ਼ੋਕ ਕੁਮਾਰ ਦੀ ਸ਼ਹਾਦਤ ਨੂੰ ਰਹਿੰਦੀ ਦੁਨੀਆਂ ਤੱਕ ਯਾਦ ਰੱਖਿਆ ਜਾਵੇਗਾ ਅਤੇ ਪੰਜਾਬ ਸਰਕਾਰ, ਸ਼ਹੀਦ ਪਰਿਵਾਰ ਦੇ ਦੁੱਖ ਵਿੱਚ ਸ਼ਾਮਲ ਹੈ।

ਉਨ੍ਹਾਂ ਦੱਸਿਆ ਕਿ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ, ਸ਼ਹੀਦ ਅਸ਼ੋਕ ਕੁਮਾਰ ਦੇ ਪਰਿਵਾਰ ਨੂੰ ਖੁਦ ਮਿਲਣ ਆਉਣਗੇ ਅਤੇ ਸ਼ਹੀਦ ਅਸ਼ੋਕ ਕੁਮਾਰ ਦੀ ਸ਼ਹਾਦਤ ਨੂੰ ਸਿਜਦਾ ਕਰਨਗੇ।

ਇਸ ਮੌਕੇ ਸ੍ਰੀ ਆਦਿਤਿਆ ਐੱਸ.ਐੱਸ ਪੀ ਗੁਰਦਾਸਪੁਰ, ਚੇਅਰਮੈਨ ਵਜ਼ੀਰ ਸਿੰਘ ਲਾਲੀ, ਸ਼ਹੀਦ ਸੈਨਿਕ ਪਰਿਵਾਰ ਸੁਰੱਖਿਆ ਪ੍ਰੀਸ਼ਦ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਸਿੰਘ ਵਿੱਕੀ, ਬਿਊਟੀ ਰੰਧਾਵਾ, ਵੱਖ ਵੱਖ ਸਖਸ਼ੀਅਤਾਂ ਸਮੇਤ ਸ਼ਹੀਦ ਅਸ਼ੋਕ ਕੁਮਾਰ ਦੇ ਪਰਿਵਾਰਿਕ ਮੈਂਬਰ, ਰਿਸ਼ਤੇਦਾਰ, ਪਿੰਡ ਵਾਸੀ ਆਦਿ ਮੌਜੂਦ ਸਨ।

# ਕਣਕ ਦੀ ਕਟਾਈ ਉਪਰੰਤ ਗੰਨੇ ਦੀ ਬਿਜਾਈ, ਪਨੀਰੀ ਤਿਆਰ ਕਰਕੇ, ਕਰਨੀ ਬਿਹਤਰ ਵਿਕਲਪ : ਕੇਨ ਕਮਿਸ਼ਨਰ



**ਗੁਰਦਾਸਪੁਰ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਗੰਨੇ ਦੀ ਬਹਾਰ ਰੁੱਤ ਦੇ ਗੰਨੇ ਦੀਆਂ ਕਾਸ਼ਤਕਾਰੀ ਤਕਨੀਕਾਂ ਬਾਰੇ ਜਾਗਰੂਕ ਕਰਨ ਲਈ ਸਹਿਕਾਰੀ ਖੰਡ ਮਿੱਲ ਗੁਰਦਾਸਪੁਰ ਵੱਲੋਂ ਆਪਣੇ ਅਧਿਕਾਰਤ ਖੇਤਰ ਦੇ ਪਿੰਡਾਂ ਵਿੱਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਗੰਨੇ ਦੀ ਫ਼ਸਲ ਹੇਠ ਰਕਬਾ ਵਧਾਉਣ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾ ਸਕੇ।

ਇਸ ਲੜੀ ਤਹਿਤ ਪਿੰਡ ਝਾਵਰ ਵਿਚ ਅਗਾਂਹਵਧੂ ਗੰਨਾ ਕਾਸ਼ਤਕਾਰ ਗੁਰਵਿੰਦਰ ਸਿੰਘ ਦੇ ਫਾਰਮ 'ਤੇ ਕਿਸਾਨਾਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਕੇਨ ਕਮਿਸ਼ਨਰ ਪੰਜਾਬ ਡਾਕਟਰ ਅਮਰੀਕ ਸਿੰਘ ਵਿਸ਼ੇਸ਼ ਤੌਰ ਤੇ ਪਹੁੰਚੇ।ਇਸ ਮੌਕੇ ਗੰਨਾ ਇੰਸਪੈਕਟਰ ਮਨਦੀਪ ਸਿੰਘ , ਵਿਸ਼ਾਲ ਕੁਮਾਰ, ਹਰਪ੍ਰੀਤ ਸਿੰਘ ਸਮੇਤ ਹੋਰ ਗੰਨਾ ਕਾਸ਼ਤਕਾਰ ਹਾਜ਼ਰ ਸਨ।

ਗੰਨਾ ਕਾਸ਼ਤਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਅਮਰੀਕ ਸਿੰਘ ਗੰਨਾ ਕਮਿਸ਼ਨਰ ਪੰਜਾਬ ਨੇ ਦਸਿਆ ਕਿ ਉਨ੍ਹਾਂ ਦਸਿਆ ਕਿ ਕਣਕ ਦੀ ਕਟਾਈ ਤੋਂ ਬਾਅਦ ਗੰਨੇ ਦੀ ਬਿਜਾਈ ਕਰਨ ਨਾਲ ਪੈਦਾਵਾਰ ਅਤੇ ਖੰਡ ਦੀ ਰਿਕਵਰੀ ਘਟਦੀ ਹੈ ਇਸ ਲਈ ਇਸ ਤੋਂ ਬਚਣ ਲਈ ਕਣਕ ਦੀ ਕਟਾਈ ਉਪਰੰਤ ਗੰਨੇ ਦੀ ਬਿਜਾਈ ਦੇ ਸਮੇਂ ਤੋਂ ਇੱਕ ਮਹੀਨਾ ਪਹਿਲਾਂ ਪਨੀਰੀ ਤਿਆਰ ਕਰ ਲੈਣੀ ਚਾਹੀਦੀ ਹੈ ।

ਉਨ੍ਹਾਂ ਦੱਸਿਆ ਕਿ ਗੰਨੇ ਦੀ ਬਹਾਰ ਰੁੱਤ ਦੀ ਬਿਜਾਈ ਲਈ ਫਰਵਰੀ ਮਾਰਚ ਮਹੀਨਾ ਬਹੁਤ ਹੀ ਢੁਕਵਾਂ ਹੈ ਅਤੇ ਬਿਜਾਈ ਲਈ ਸਿਫਾਰਸ਼ਸ਼ੁਦਾ ਕਿਸਮਾਂ ਤੋਂ ਰੋਗ ਰਹਿਤ ਬੀਜ ਦੀ ਚੋਣ ਕਰਨੀ ਚਾਹੀਦੀ ਹੈ ਤਾਂ ਜੋਂ ਵਧੇਰੇ ਪੈਦਾਵਾਰ ਲੈ ਕੇ ਆਮਦਨ ਵਿਚ ਵਾਧਾ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਗੰਨੇ ਦੀ ਫ਼ਸਲ ਤੋਂ ਵਧੇਰੇ ਆਮਦਨ ਲਈ ਅੰਤਰ ਫ਼ਸਲੀ ਪ੍ਰਣਾਲੀ ਅਪਣਾਉਣ ਦੀ ਜ਼ਰੂਰਤ ਹੈ।

ਉਨ੍ਹਾਂ ਦੱਸਿਆ ਕਿ ਗੰਨਾ ਕਾਸ਼ਤਕਾਰਾਂ ਨੂੰ ਗੰਨੇ ਦੀ ਬਿਜਾਈ ਕਰਨ ਸਮੇਂ ਪੰਜ ਤਕਨੀਕੀ ਨੁਕਤਿਆਂ ਦਾ ਖਿਆਲ ਰੱਖਣਾ ਚਾਹੀਦਾ ਹੈ, ਜਿਸ ਵਿੱਚ ਸਮੇਂ ਸਿਰ ਬਿਜਾਈ ਕਰਨੀ,ਚੌੜੀ ਵਿੱਥ (ਫਰੈਂਚ ) ਵਿਧੀ ਅਪਣਾਉਣੀ, ਬਿਜਾਈ ਤੋਂ ਪਹਿਲਾਂ ਬੀਜ ਨੂੰ ਸੋਧਣਾ,ਬੀਜ ਲਈ ਗੰਨੇ ਦਾ ਉੱਪਰਲਾ ਇੱਕ ਤਿਹਾਈ ਹਿੱਸਾ ਵਰਤਣਾ ਅਤੇ ਅੰਤਰ ਫ਼ਸਲੀ ਪ੍ਰਣਾਲੀ ਤਹਿਤ ਦਾਲਾਂ ਦੀ ਕਾਸ਼ਤ ਕਰਨੀ ਸ਼ਾਮਿਲ ਹਨ। ਉਨ੍ਹਾਂ ਕਿਹਾ ਕਿ ਦਾਲਾਂ ਦੀ ਪੈਦਾਵਾਰ ਵਿੱਚ ਆਈ ਖੜੋਤ ਕਾਰਨ ਪ੍ਰਤੀ ਵਿਅਕਤੀ ਦਾਲਾਂ ਦੀ ਖਪਤ 70 ਗ੍ਰਾਮ ਤੋਂ ਘਟ ਕੇ 27 ਗ੍ਰਾਮ ਰਹਿ ਗਈ ਹੈ ਜੋ ਕਿ ਵਿਸ਼ਵ ਸਿਹਤ ਸੰਸਥਾ ਦੇ ਮਾਪਦੰਡ ਅਨੁਸਾਰ, ਰੋਜ਼ਾਨਾ ਪ੍ਰਤੀ ਵਿਅਕਤੀ ਖਪਤ 80 ਗ੍ਰਾਮ ਪ੍ਰਤੀ ਵਿਅਕਤੀ ਤੋਂ ਕਾਫੀ ਘੱਟ ਹੈ।

ਉਨ੍ਹਾਂ ਕਿਹਾ ਕਿ ਜ਼ਿਲਾ ਗੁਰਦਾਸਪੁਰ ਵਿੱਚ ਕਿਸੇ ਸਮੇਂ ਰਿਆੜਕੀ ਦੇ ਇਲਾਕੇ ਦੇ ਮਾਂਹ ਮਸ਼ਹੂਰ ਹੁੰਦੇ ਸਨ ਪ੍ਰੰਤੂ ਕਣਕ ਝੋਨੇ ਦੇ ਫ਼ਸਲੀ ਚੱਕਰ ਅਪਣਾਉਣ ਕਾਰਨ ਇਹ ਫ਼ਸਲ ਅਲੋਪ ਹੋ ਗਈ ਹੈ। ਰਿਆੜਕੀ ਦੇ ਇਸ ਇਲਾਕੇ ਵਿੱਚ 12-15 ਪਿੰਡ ਅਜਿਹੇ ਹਨ ਜਿੱਥੋਂ ਦੀ ਮਿੱਟੀ ਅਤੇ ਪੌਣ ਪਾਣੀ ਮਾਂਹ ਦੀ ਖੇਤੀ ਲਈ ਬਹੁਤ ਮਸ਼ਹੂਰ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਦਾਲਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ ਹੈ । ਉਨ੍ਹਾਂ ਦਸਿਆ ਕਿ ਮਾਂਹਾਂ ਦੀ ਦਾਲ ਦੀ ਮੰਗ ਨੂੰ ਮੁੱਖ ਰੱਖਦਿਆਂ ਰਕਬਾ ਗੰਨੇ ਦੀ ਫ਼ਸਲ ਵਿਚ ਬਤੌਰ ਅੰਤਰ ਫ਼ਸਲ ਪ੍ਰਣਾਲੀ ਅਪਣਾ ਕੇ ਵਧਾਇਆ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਬਹਾਰ ਰੁੱਤ ਦੇ ਗੰਨੇ ਦੀ ਫ਼ਸਲ ਦੀਆਂ ਦੋ ਕਤਾਰਾਂ ਵਿੱਚ ਦੋ ਲਾਈਨਾਂ ਮਾਂਹ 1008 ਜਾਂ 1137 ਕਿਸਮ ਦੀ ਬਿਜਾਈ ਕੀਤੀ ਜਾ ਸਕਦੀ ਹੈ।

ਉਨ੍ਹਾਂ ਦੱਸਿਆ ਕਿ ਗੰਨੇ ਦੀ ਕਟਾਈ ਕਰਨ ਵਾਲੀਆਂ ਮਸ਼ੀਨਾਂ ਦੀ ਆਮਦ ਨਾਲ ,ਚੌੜੀ ਵਿੱਥ ਵਿਧੀ ਅਪਣਾ ਕੇ ਗੰਨੇ ਦੀ ਬਿਜਾਈ ਦਾ ਪ੍ਰਚਲਨ ਲਗਾਤਾਰ ਵਧ ਰਿਹਾ ਹੈ ਅਤੇ ਇਸ ਵਿਧੀ ਵਿੱਚ ਗੰਨੇ ਦੀ ਬਿਜਾਈ 4-5 ਫੁੱਟ ਦੂਰੀ ਦੀਆਂ 20-25 ਸੈਂਟੀ ਮੀਟਰ ਡੂੰਘੀਆਂ ਖਾਲੀਆਂ ਵਿਚ ਕੀਤੀ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਮਾਂਹ ਦੀ ਫ਼ਸਲ ਦਾ ਬੀਜ ਲੈਣ ਲਈ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਜਾਂ ਖੇਤਰੀ ਖੋਜ ਕੇਂਦਰ ਪੀ ਏ ਯੂ ,ਕ੍ਰਿਸ਼ੀ ਵਿਗਿਆਨ ਕੇਂਦਰਾਂ ਜਾਂ ਪੀ ਏ ਯੂ ਲੁਧਿਆਣਾ ਦੀ ਬੀਜਾਂ ਦੀ ਦੁਕਾਨ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਜ਼ਿਲ੍ਹਾ ਤਰਨ ਤਾਰਨ ਚ ਐਚ.ਪੀ.ਵੀ ਵੈਕਸੀਨ ਦੀ ਹੋਈ ਸ਼ੁਰੂਆਤ

**ਤਰਨਤਾਰਨ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਅਤੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪ੍ਰਾਪਤ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਤੰਦਰੁਸਤ ਨਾਰੀ ਦੇ ਮੰਤਵ ਨਾਲ ਜ਼ਿਲ੍ਹਾ ਤਰਨ ਤਾਰਨ ਦੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਦੀ ਅਗਵਾਈ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰ ਪਾਲ ਕੌਰ ਦੀ ਦੇਖ-ਰੇਖ ਹੇਠ ਸਰਕਾਰੀ ਹਸਪਤਾਲ ਵਿਖੇ ਹਿਊਮਨ ਪੈਪੀਲੋਮਾ ਵਾਇਰਸ (ਐਚ.ਪੀ.ਵੀ) ਵੈਕਸੀਨ ਲਗਾਉਣ ਦੀ ਸ਼ੁਰੂਆਤ ਕੀਤੀ ਗਈ।





ਇਸ ਮੌਕੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਦੱਸਿਆ ਕਿ ਐਚ.ਪੀ.ਵੀ ਵੈਕਸੀਨ ਵਿਸ਼ੇਸ਼ ਤੌਰ 'ਤੇ 14 ਸਾਲਾਂ ਦੀ ਉਮਰ ਪੂਰੀ ਕਰ ਚੁੱਕੀਆਂ ਲੜਕੀਆਂ ਨੂੰ ਜ਼ਿਲ੍ਹੇ ਭਰ ਦੇ ਵਿੱਚ ਸਿਹਤ ਕਰਮੀਆਂ ਵੱਲੋਂ ਬਿਲਕੁਲ ਮੁਫ਼ਤ ਲਗਾਈ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਸ ਵੈਕਸੀਨ ਨੂੰ ਲਗਾਉਣ ਦਾ ਮੁੱਖ ਮੰਤਵ ਬੱਚੀਆਂ ਨੂੰ ਸਰਵਿਕਸ (ਬੱਚੇਦਾਨੀ ਦੇ ਮੂੰਹ) ਦੇ ਕੈਂਸਰ ਤੋਂ ਬਚਾਉਣ ਦੇ ਨਾਲ-ਨਾਲ ਗੁਪਤ ਅੰਗਾਂ ਦੇ ਰੋਗਾਂ ਤੋਂ ਬਚਾਉਣਾ ਹੈ।

ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਦੱਸਿਆ ਕਿ ਔਰਤਾਂ 'ਚ ਹੋਣ ਵਾਲੇ ਸਰਵਿਕਸ ਕੈਂਸਰ ਦੀ ਰੋਕਥਾਮ ਲਈ ਐਚ.ਪੀ.ਵੀ ਵੈਕਸੀਨ ਭਾਰਤ ਸਮੇਤ ਕਈ ਮੁਲਕਾਂ ਵਿਚ ਪਹਿਲਾਂ ਤੋਂ ਹੀ ਲਗਾਈ ਜਾ ਰਹੀ ਹੈ ਅਤੇ ਇਹ ਟੀਕਾ ਵਿਸ਼ਵ ਸਿਹਤ ਸੰਸਥਾ ਤੋਂ ਪ੍ਰਮਾਣਿਤ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਸਿਹਤ ਵਿਭਾਗ ਵੱਲੋਂ ਸਰਕਾਰੀ ਸਿਹਤ ਸੰਸਥਾਵਾਂ ਵਿਖੇ ਹਰ ਹਫ਼ਤੇ ਲੱਗਣ ਵਾਲੇ ਟੀਕਾਕਰਨ ਸੈਸ਼ਨ ਦੌਰਾਨ ਐਚ.ਪੀ.ਵੀ ਵੈਕਸੀਨ ਲਗਾਈ ਜਾਵੇਗੀ।

ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਦੱਸਿਆ ਕਿ ਸਿਹਤ ਕਰਮੀਆਂ ਵੱਲੋਂ ਇਸ ਗੱਲ ਨੂੰ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ ਕਿ ਜ਼ਿਲ੍ਹੇ ਭਰ ਵਿਚ ਯੋਗ ਬੱਚੀਆਂ ਨੂੰ ਬਿਨਾਂ ਕਿਸੇ ਦੇਰੀ ਦੇ ਐਚ.ਪੀ.ਵੀ ਦਾ ਟੀਕਾ ਲਗਾਇਆ ਜਾਵੇ ਅਤੇ ਮਿਥੇ ਗਏ 100 ਫੀਸਦੀ ਟੀਚੇ ਨੂੰ ਪ੍ਰਾਪਤ ਕੀਤਾ ਜਾਵੇ।

ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰ ਪਾਲ ਕੌਰ ਨੇ ਦੱਸਿਆ ਕਿ ਐਚ.ਪੀ.ਵੀ ਵੈਕਸੀਨ ਦੀ ਖ਼ੁਰਾਕ (ਡੋਜ਼) 14 ਸਾਲਾਂ ਦੀਆਂ ਲੜਕੀਆਂ ਨੂੰ ਲਗਾਈ ਜਾ ਰਹੀ ਹੈ ਅਤੇ ਜ਼ਿਲ੍ਹੇ ਵਿਚ ਐਚ.ਪੀ.ਵੀ ਵੈਕਸੀਨ ਲਗਾਉਣ ਲਈ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਟੀਕਾਕਰਨ ਕੈਂਪਾਂ ਦਾ ਪ੍ਰਬੰਧ ਕੀਤਾ ਜਾਵੇਗਾ ਤਾਂ ਜੋ ਲਾਭਪਾਤਰੀ ਬੱਚੀਆਂ ਨੂੰ ਸਮੇਂ ਸਿਰ ਇਸ ਵੈਕਸੀਨ ਨੂੰ ਲਗਾਇਆ ਜਾ ਸਕੇ।

ਜ਼ਿਲ੍ਹਾ ਟੀਕਾਕਰਨ ਅਫਸਰ ਨੇ ਦੱਸਿਆ ਕਿ ਜੇਕਰ ਐਚ.ਪੀ.ਵੀ ਵੈਕਸੀਨ ਬੱਚੇ ਨੂੰ ਸਮੇਂ ਸਿਰ ਲਗਾਈ ਜਾਵੇ ਤਾਂ ਸਰਵਿਕਸ ਕੈਂਸਰ ਵਰਗੀ ਬਿਮਾਰੀ ਦੇ ਹੋਣ ਦੇ ਖਦਸ਼ੇ ਨੂੰ ਰੋਕਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਹ ਵੈਕਸੀਨ ਲਗਵਾਉਣ ਨਾਲ ਕੈਂਸਰ ਕਾਰਨ ਹੋਣ ਵਾਲੀਆਂ ਮੌਤਾਂ ਨੂੰ ਰੋਕਿਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਜੇਕਰ ਕੋਈ ਲੜਕੀ ਕਿਸੇ ਬਿਮਾਰੀ ਤੋਂ ਪਹਿਲਾਂ ਹੀ ਪੀੜਿਤ ਹੈ ਜਾਂ ਫਿਰ ਲੰਮਾ ਸਮਾਂ ਚੱਲਣ ਵਾਲੀ ਦਵਾਈ ਖਾ ਰਹੀ ਹੈ ਤਾਂ ਅਜਿਹੇ ਹਾਲਾਤ ਵਿਚ ਉਸ ਬੱਚੀ ਨੂੰ ਇਹ ਵੈਕਸੀਨ ਨਹੀਂ ਲਗਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਐਚ.ਪੀ.ਵੀ ਵੈਕਸੀਨ ਨੂੰ ਸਿਹਤ ਕਰਮੀਆਂ ਵੱਲੋਂ ਹਰ ਹਫ਼ਤੇ ਬੁੱਧਵਾਰ ਨੂੰ ਲੱਗਣ ਵਾਲੇ ਮਮਤਾ ਦਿਵਸ ਸੈਸ਼ਨਾ ਦੌਰਾਨ ਲਗਾਇਆ ਜਾਵੇਗਾ ਅਤੇ ਸਿਹਤ ਕਰਮੀ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਸ਼ਹਿਰ ਅਤੇ ਪਿੰਡਾਂ ਤੋਂ ਇਲਾਵਾ ਹਾਈ ਰਿਸਕ ਆਬਾਦੀ ਜਿਵੇਂ ਕਿ ਇੱਟਾਂ ਦੇ ਭੱਠੇ ਝੁੱਗੀਆਂ ਅਤੇ ਗੁਜਰਾਂ ਦੇ ਡੇਰਿਆਂ 'ਤੇ ਜਾ ਕੇ ਵੀ ਐਚ.ਪੀ.ਵੀ ਵੈਕਸੀਨ ਬਾਰੇ ਵੱਧ ਤੋਂ ਵੱਧ ਪ੍ਰਚਾਰ-ਪ੍ਰਸਾਰ ਕਰਨ ਤਾਂ ਜੋ ਇਸ ਦਾ ਲਾਭ ਹਰੇਕ ਯੋਗ ਲਾਭਪਾਤਰੀ ਪ੍ਰਾਪਤ ਕਰ ਸਕੇ।

ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰ ਪਾਲ ਕੌਰ ਨੇ ਦੱਸਿਆ ਕਿ ਇਸ ਵੈਕਸੀਨ ਦੀ ਐਂਟਰੀ ਸਿਹਤ ਕਰਮੀਆਂ ਵੱਲੋਂ ਯੂ-ਵਿਨ ਪੋਰਟਲ 'ਤੇ ਕੀਤੀ ਜਾਵੇਗੀ ਅਤੇ ਨਾਲ ਹੀ ਕੋਲਡ ਚੇਨ ਮੈਨੇਜਮੈਂਟ ਸਬੰਧੀ ਹਦਾਇਤਾਂ ਵੀ ਜਾਰੀ ਕੀਤੀਆਂ ਹਨ।

ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਸੁਰਿੰਦਰ ਕੁਮਾਰ, ਬੱਚਿਆਂ ਦੇ ਮਾਹਿਰ ਵਿਪੁਲ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ ਡਾ. ਰਣਦੀਪ ਸਿੰਘ, ਐਲ ਐਚ ਵੀ ਜਸਬੀਰ ਕੌਰ, ਵੀ.ਸੀ.ਸੀ.ਐਮ ਮਨਦੀਪ ਸਿੰਘ ਆਦਿ ਮੌਜੂਦ ਰਹੇ।

# ਹੋਲਾ ਮਹੱਲਾ 2026 ਮੌਕੇ ਵਿਰਾਸਤ-ਏ-ਖਾਲਸਾ ਵਿਖੇ ਆਤਿਸ਼ਬਾਜ਼ੀ ਦੇ ਅਲੌਕਿਕ ਨਜ਼ਾਰ

**ਸ੍ਰੀ ਆਨੰਦਪੁਰ ਸਾਹਿਬ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹੋਲਾ ਮਹੱਲਾ 2026 ਮੌਕੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਸੰਗਤਾਂ ਦੀ ਸਹੂਲਤ ਲਈ ਵਿਆਪਕ ਅਤੇ ਸੁਚਾਰੂ ਪ੍ਰਬੰਧ ਕੀਤੇ ਗਏ ਹਨ। ਇਸ ਦੌਰਾਨ ਵਿਰਾਸਤ-ਏ-ਖਾਲਸਾ ਵਿਖੇ ਸ਼ਾਮ ਸਮੇਂ ਕਰਵਾਈ ਗਈ ਆਤਿਸ਼ਬਾਜ਼ੀ ਨੇ ਅਸਮਾਨ ਨੂੰ ਰੰਗੀਨ ਕਰ ਦਿੱਤਾ, ਜਿਸ ਦਾ ਅਲੌਕਿਕ ਦ੍ਰਿਸ਼ ਦੇਖਣ ਲਈ ਸੰਗਤਾਂ ਦਾ ਵੱਡਾ ਹਜੂਮ ਉਮੜਿਆ। ਰੌਸ਼ਨੀਆਂ ਨਾਲ ਸਜੀ ਪਵਿੱਤਰ ਨਗਰੀ ਨੇ ਰਾਤ ਦੇ ਸਮੇਂ ਰੂਹਾਨੀ ਅਨੁਭਵ ਪੇਸ਼ ਕੀਤਾ ਅਤੇ ਸ਼ਰਧਾਲੂਆਂ ਨੇ ਇਤਿਹਾਸਿਕ ਮੇਲੇ ਦੀ ਰੌਣਕ ਦਾ ਭਰਪੂਰ ਆਨੰਦ ਮਾਣਿਆ।

ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੀ ਆਤਿਸ਼ਬਾਜ਼ੀ ਦੇ ਮਨਮੋਹਕ ਨਜ਼ਾਰਿਆਂ ਦੇ ਗਵਾਹ ਬਣੇ। ਉਨ੍ਹਾਂ ਨੇ ਸੰਗਤ ਨੂੰ ਹੋਲਾ ਮਹੱਲਾ ਦੀਆਂ ਲੱਖ-ਲੱਖ ਵਧਾਈਆਂ ਦਿੰਦਿਆਂ ਕਿਹਾ ਕਿ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਕੀਤੇ ਗਏ ਪ੍ਰਬੰਧ ਸ਼ਲਾਘਾਯੋਗ ਹਨ। ਵਿਰਾਸਤੀ ਖੇਡਾਂ, ਕਰਾਫਟ ਮੇਲਾ, ਐਲਈਡੀ ਸਕ੍ਰੀਨਾਂ, ਹੈਲਪ ਡੈਸਕ, ਟਰਾਲੀ ਸਿਟੀ ਅਤੇ ਟੈਂਟ ਸਿਟੀ ਵਰਗੀਆਂ ਵਿਸ਼ੇਸ਼ ਸਹੂਲਤਾਂ ਇਸ ਵਾਰ ਸੰਗਤਾਂ ਲਈ ਖਾਸ ਖਿੱਚ ਦਾ ਕੇਂਦਰ ਬਣੀਆਂ ਹਨ। ਭੀੜ ਪ੍ਰਬੰਧਨ, ਸੁਰੱਖਿਆ ਅਤੇ ਆਵਾਜਾਈ ਲਈ ਵਿਸਥਾਰਪੂਰਵਕ ਯੋਜਨਾ ਤਹਿਤ ਪਾਰਕਿੰਗ ਜ਼ੋਨ ਅਤੇ ਸ਼ਟਲ ਸੇਵਾਵਾਂ ਚਲਾਈਆਂ ਗਈਆਂ, ਤਾਂ ਜੋ ਧਾਰਮਿਕ ਦਰਸ਼ਨਾਂ ਵਿੱਚ ਕੋਈ ਰੁਕਾਵਟ ਨਾ ਆਵੇ। ਸੰਗਤ ਦੀ ਸੁਵਿਧਾ ਲਈ ਸਥਾਈ ਏਅਰ-ਕੰਡੀਸ਼ਨਡ ਟੈਂਟ ਸਿਟੀ ਦੀ ਸਥਾਪਨਾ ਕੀਤੀ ਗਈ ਹੈ, ਜਿਸ ਨਾਲ ਸਾਲ ਭਰ ਆਉਣ ਵਾਲੇ ਸ਼ਰਧਾਲੂਆਂ ਨੂੰ ਆਰਾਮਦਾਇਕ ਰਿਹਾਇਸ਼ ਮਿਲੇਗੀ। ਇਸਦੇ ਨਾਲ ਹੀ ਗ੍ਰੀਨ ਹੋਲਾ ਮਹੱਲਾ ਤਹਿਤ ਸਿੰਗਲ-ਯੂਜ਼ ਪਲਾਸਟਿਕ 'ਤੇ ਪਾਬੰਦੀ ਲਾਗੂ ਕਰਕੇ ਬਾਇਓਡੀਗ੍ਰੇਡੇਬਲ ਵਿਕਲਪ ਉਪਲਬਧ ਕਰਵਾਏ ਗਏ ਹਨ। ਵਾਤਾਵਰਣ ਸੰਭਾਲ ਪ੍ਰਤੀ ਇਹ ਕਦਮ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੇ ਹਨ।

ਸਿਹਤ ਅਤੇ ਸੁਰੱਖਿਆ ਪ੍ਰਬੰਧਾਂ ਤਹਿਤ ਮੁੱਖ ਸਥਾਨਾਂ 'ਤੇ ਐਂਬੂਲੈਂਸਾਂ, ਆਮ ਆਦਮੀ ਕਲੀਨਿਕ ਅਤੇ ਸੀਸੀਟੀਵੀ ਨਿਗਰਾਨੀ ਦੀ ਵਿਵਸਥਾ ਕੀਤੀ ਗਈ ਹੈ। ਮੁੱਖ ਸਮਾਗਮਾਂ ਦੀ ਅਸਲ-ਸਮੇਂ ਜਾਣਕਾਰੀ ਅਤੇ ਲਾਈਵ ਪ੍ਰਸਾਰਣ ਲਈ ਵੱਡੀਆਂ ਐਲਈਡੀ ਸਕ੍ਰੀਨਾਂ ਦਾ ਜਾਲ ਬਿਛਾਇਆ ਗਿਆ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਇਹ ਵਿਸ਼ਾਲ ਪ੍ਰਬੰਧ ਹੋਲਾ ਮਹੱਲਾ 2026 ਨੂੰ ਸੁਰੱਖਿਅਤ, ਸੁਚਾਰੂ ਅਤੇ ਯਾਦਗਾਰ ਬਣਾਉਣ ਵਿੱਚ ਮਹੱਤਵਪੂਰਣ ਭੂਮਿਕਾ ਨਿਭਾ ਰਹੇ ਹਨ।

# ਅਮਰੀਕਾ-ਇਜ਼ਰਾਇਲ ਵੱਲੋਂ ਇਰਾਨ 'ਤੇ ਕੀਤਾ ਹਮਲਾ ਨਿੰਦਣਯੋਗ: ਸੇਖੋਂ



**ਸੰਗਰੂਰ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ ਪੀ ਆਈ ਐੱਮ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਅਮਰੀਕਾ-ਇਜ਼ਰਾਇਲ ਵੱਲੋਂ ਇਰਾਨ 'ਤੇ ਕੀਤੇ ਹਮਲੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਅਮਰੀਕਾ ਦਾ ਰਾਸ਼ਟਰਪਤੀ ਡੋਨਲਡ ਟਰੰਪ ਇੱਕ ਪਾਸੇ ਆਪਣੇ ਆਪ ਨੂੰ ਸ਼ਾਂਤੀ ਦਾ ਮਹਾਂਦੂਤ ਅਖਵਾ ਕੇ ਆਪਣੇ ਲਈ ਨੋਬਲ ਪੁਰਸਕਾਰ ਦੀ ਮੰਗ ਕਰ ਰਿਹਾ ਹੈ ਜਦੋਂਕਿ ਦੂਜੇ ਪਾਸੇ ਵੈਂਜ਼ੂਏਲਾ ਵਰਗੇ ਦੇਸ਼ ਨਾਲ ਉਸ ਨੇ ਕਿਸ ਤਰ੍ਹਾਂ ਦਾ ਵਿਵਹਾਰ ਕੀਤਾ ਹੈ, ਇਸ ਬਾਰੇ ਸਾਰਾ ਸੰਸਾਰ ਜਾਣਦਾ ਹੈ। ਕਾਮਰੇਡ ਸੇਖੋਂ ਇਥੇ ਪਾਰਟੀ ਦਫ਼ਤਰ ਚਮਕ ਭਵਨ ਵਿੱਚ ਜ਼ਿਲ੍ਹਾ ਜਨਰਲ ਬਾਡੀ ਦੀ ਮੀਟਿੰਗ ਵਿੱਚ ਹਿੱਸਾ ਲੈਣ ਆਏ ਸਨ। ਇਸ ਮੌਕੇ ਪਾਰਟੀ ਦੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਭੂਪ ਚੰਦ ਚੰਨੋ, ਕਾਮਰੇਡ ਨਛੱਤਰ ਸਿੰਘ ਗੰਢੂਆਂ ਅਤੇ ਕਾਮਰੇਡ ਚਮਕੌਰ ਸਿੰਘ ਖੇੜੀ ਵੀ ਮੌਜੂਦ ਸਨ। ਕਾਮਰੇਡ ਸੇਖੋਂ ਨੇ ਕਿਹਾ ਕਿ ਇਸ ਜੰਗ ਨਾਲ ਸਮੁੱਚੇ ਸੰਸਾਰ ਦੇ ਨਾਲ ਭਾਰਤ ਵਿੱਚ ਗਰੀਬੀ, ਬੇਰੁਜ਼ਗਾਰੀ, ਮਹਿੰਗਾਈ ਵਿੱਚ ਅਥਾਹ ਵਾਧਾ ਹੋਵੇਗਾ। ਤੇਲ, ਰਸੋਈ ਗੈਸ ਦੀਆਂ ਕੀਮਤਾਂ ਵਿੱਚ ਵਾਧਾ ਹੋਵੇਗਾ। ਉਨ੍ਹਾਂ ਕਿਹਾ ਕਿ ਭਾਰਤ ਵੱਲੋਂ ਅਮਰੀਕਾ ਨਾਲ ਜਿਹੜੀ ਵਪਾਰ ਸੰਧੀ ਕੀਤੀ ਹੈ, ਉਸ ਵਿੱਚ ਵੀ ਅਮਰੀਕਾ ਨੇ ਮਨਮਰਜ਼ੀ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸੀ ਪੀ ਆਈ ਐੱਮ ਵੱਲੋਂ 11 ਤੋਂ 20 ਮਾਰਚ ਤੱਕ ਪੰਜਾਬ ਭਰ ਵਿੱਚ ਜਥਾ ਮਾਰਚ ਕੀਤੇ ਜਾਣਗੇ ਜੋ ਕਿ ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਸ਼ਹੀਦਾਂ ਦੇ ਪਿੰਡ ਸੁਰ ਸਿੰਘ ਵਾਲਾ ਤੋਂ ਸ਼ੁਰੂ ਹੋਵੇਗਾ ਅਤੇ 11 ਮਾਰਚ ਨੂੰ ਸਵੇਰੇ 11 ਵਜੇ ਜਲ੍ਹਿਆ ਵਾਲੇ ਬਾਗ ਵਿਚ ਪੁੱਜੇਗਾ ਮਗਰੋਂ ਜਥਾ ਮਾਰਚ 20 ਮਾਰਚ ਨੂੰ ਖੜਕੜ ਕਲਾਂ ਪੁੱਜੇਗਾ। ਇਸ ਤੋਂ ਇਲਾਵਾ 24 ਮਾਰਚ ਨੂੰ ਦਿੱਲੀ ਦੇ ਰਾਮ ਲੀਲਾ ਮੈਦਾਨ ਵਿਚ ਦੇਸ਼ ਵਿਆਪੀ ਰੈਲੀ ਕੀਤੀ ਜਾਵੇਗੀ।

## ਵਿਆਹੁਤਾ ਨੇ ਫਾਹਾ ਲਿਆ; ਪਤੀ, ਸੱਸ ਅਤੇ ਦਿਉਰ ਖ਼ਿਲਾਫ਼ ਕੇਸ ਦਰਜ

**ਚੀਮਾ ਮੰਡੀ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਨੇੜਲੇ ਪਿੰਡ ਚੌਵਾਸ ਜਖੇਪਲ ਦੀ ਵਿਆਹੁਤਾ ਨੇ ਫਾਹਾ ਲੈ ਲਿਆ। ਪੁਲੀਸ ਥਾਣਾ ਚੀਮਾ ਦੇ ਸਹਾਇਕ ਥਾਣੇਦਾਰ ਬੇਅੰਤ ਸਿੰਘ ਨੇ ਦੱਸਿਆ ਕਿ ਹਰਪ੍ਰੀਤ ਕੌਰ ਪੁੱਤਰੀ ਹੰਸਾ ਸਿੰਘ ਵਾਸੀ ਪਿੰਡ ਭੱਟੀਵਾਲ ਕਲਾਂ ਦਾ ਡੇਢ ਕੁ ਸਾਲ ਪਹਿਲਾਂ ਚੌਵਾਸ ਜਖੇਪਲ ਦੇ ਗੁਰਵਿੰਦਰ ਸਿੰਘ ਨਾਲ ਵਿਆਹ ਹੋਇਆ ਸੀ। ਵਿਆਹ ਤੋਂ ਬਾਅਦ ਹਰਪ੍ਰੀਤ ਕੌਰ ਦੇ ਦੋ ਜੌੜੀਆਂ ਬੱਚੀਆਂ ਪੈਦਾ ਹੋਈਆਂ ਸਨ। ਪੁਲੀਸ ਅਨੁਸਾਰ ਇਸੇ ਨੂੰ ਲੈ ਕੇ ਸਹੁਰਾ ਪਰਿਵਾਰ ਉਸ ਨੂੰ ਪ੍ਰੇਸ਼ਾਨ ਕਰਦਾ ਰਹਿੰਦਾ ਸੀ। ਬੀਤੀ ਸ਼ਾਮ ਹਰਪ੍ਰੀਤ ਕੌਰ (23) ਨੇ ਛੱਤ ਵਾਲੇ ਪੱਖੇ ਨਾਲ ਚੁੰਨੀ ਬੰਨ੍ਹ ਕੇ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ। ਪੁਲੀਸ ਵੱਲੋਂ ਮ੍ਰਿਤਕਾ ਦੀ ਮਾਤਾ ਜਸਵੀਰ ਕੌਰ ਭੱਟੀਵਾਲ ਕਲਾਂ ਦੇ ਬਿਆਨਾਂ 'ਤੇ ਮ੍ਰਿਤਕਾ ਦੇ ਪਤੀ ਗੁਰਵਿੰਦਰ ਸਿੰਘ, ਦਿਉਰ ਰਘਵੀਰ ਸਿੰਘ ਉਰਫ ਕਾਕਾ ਅਤੇ ਸੱਸ ਅਮਰਜੀਤ ਕੌਰ ਦੇ ਖਿਲਾਫ ਕੇਸ ਦਰਜ ਕਰ ਲਿਆ ਗਿਆ ਹੈ।

# 20 ਐਲ.ਈ.ਡੀ ਸਕਰੀਨਾਂ ਅਤੇ 20 ਹੈਲਪ ਡੈਸਕਾਂ ਰਾਹੀਂ ਸ਼ਰਧਾਲੂਆਂ ਨੂੰ ਮਿਲੀਆਂ ਮਿਸਾਲੀ ਸਹੂਲਤਾਂ

**ਸ੍ਰੀ ਆਨੰਦਪੁਰ ਸਾਹਿਬ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਚੜ੍ਹਦੀਕਲਾਂ ਦਾ ਪ੍ਰਤੀਕ ਕੌਮੀ ਤਿਉਹਾਰ ਹੋਲਾ ਮਹੱਲਾ ਅੱਜ ਆਪਣੇ ਸਮਾਪਤੀ ਪੜਾਅ ਵੱਲ ਵੱਧ ਰਿਹਾ ਹੈ। ਇਸ ਵਿਸ਼ਾਲ ਧਾਰਮਿਕ ਸਮਾਗਮ ਦੌਰਾਨ ਪ੍ਰਸਾਸ਼ਨ ਵੱਲੋਂ ਕੀਤੇ ਗਏ ਪ੍ਰਬੰਧ ਸ਼ਰਧਾਲੂਆਂ ਲਈ ਬੇਹੱਦ ਕਾਰਗਰ ਅਤੇ ਸੁਚਾਰੂ ਸਾਬਤ ਹੋਏ। ਹਲਕਾ ਵਿਧਾਇਕ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਅਤੇ ਡਿਪਟੀ ਕਮਿਸ਼ਨਰ ਅਦਿੱਤਿਆ ਡੇਚਲਵਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਿਭਿੰਨ ਵਿਭਾਗਾਂ ਨੇ ਮਿਲਜੁਲ ਕੇ ਐਸੇ ਪ੍ਰਬੰਧ ਕੀਤੇ, ਜਿਨ੍ਹਾਂ ਨਾਲ ਲੱਖਾਂ ਦੀ ਗਿਣਤੀ ਵਿੱਚ ਪਹੁੰਚੀ ਸੰਗਤ ਨੂੰ ਸੁਵਿਧਾਜਨਕ ਵਾਤਾਵਰਣ ਪ੍ਰਦਾਨ ਕੀਤਾ ਗਿਆ।

ਇਸ ਵਾਰ ਵਿਸ਼ੇਸ਼ ਉਪਰਾਲੇ ਤਹਿਤ ਮੇਲਾ ਖੇਤਰ ਵਿੱਚ 20 ਐਲ.ਈ.ਡੀ ਸਕਰੀਨਾਂ ਅਤੇ 20 ਹੈਲਪ ਡੈਸਕਾਂ ਦੀ ਸਥਾਪਨਾ ਕੀਤੀ ਗਈ। ਕੈਬਨਿਟ ਮੰਤਰੀ ਵੱਲੋਂ ਪਹਿਲਾਂ ਹੀ ਹਦਾਇਤ ਕੀਤੀ ਗਈ ਸੀ ਕਿ ਸ਼ਰਧਾਲੂਆਂ ਦੀ ਸਹੂਲਤ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਵੇ। ਇਸ ਅਨੁਸਾਰ ਐਲ.ਈ.ਡੀ ਸਕਰੀਨਾਂ ਨੂੰ ਢੁਕਵੀਆਂ ਥਾਵਾਂ 'ਤੇ ਲਗਾਇਆ ਗਿਆ ਤਾਂ ਜੋ ਮੇਲਾ ਖੇਤਰ ਵਿੱਚ ਹੋ ਰਹੀਆਂ ਧਾਰਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਦਾ ਲਾਈਵ ਪ੍ਰਸਾਰਣ ਕੀਤਾ ਜਾ ਸਕੇ। ਇੰਟਰਨੈੱਟ ਸਹੂਲਤ ਨਾਲ ਜੋੜੀਆਂ ਇਹ ਸਕਰੀਨਾਂ 24 ਘੰਟੇ ਕਾਰਜਸ਼ੀਲ ਰਹੀਆਂ ਅਤੇ ਸੰਗਤ ਨੂੰ ਸਮੇਂ-ਸਿਰ ਜਾਣਕਾਰੀ ਪ੍ਰਦਾਨ ਕਰਦੀਆਂ ਰਹੀਆਂ।

ਹੈਲਪ ਡੈਸਕਾਂ ਨੇ ਵਿਸ਼ੇਸ਼ ਤੌਰ 'ਤੇ ਗੁੰਮਸ਼ੁਦਾ ਵਿਅਕਤੀਆਂ ਦੀ ਭਾਲ, ਮੇਲਾ ਖੇਤਰ ਦੀ ਜਾਣਕਾਰੀ, ਅਤੇ ਐਮਰਜੈਂਸੀ ਸਹਾਇਤਾ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਹਰ ਹੈਲਪ ਡੈਸਕ 'ਤੇ ਤਾਇਨਾਤ ਕਰਮਚਾਰੀਆਂ ਨੂੰ ਸੇਵਾ ਭਾਵਨਾ ਨਾਲ ਡਿਊਟੀ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ ਸੀ। ਡਿਪਟੀ ਕਮਿਸ਼ਨਰ ਨੇ ਲਗਾਤਾਰ ਬੈਠਕਾਂ ਕਰਕੇ ਸਾਰੇ ਵਿਭਾਗਾਂ ਨੂੰ ਜ਼ਿੰਮੇਵਾਰੀ ਨਾਲ ਕੰਮ ਕਰਨ ਦੀ ਹਦਾਇਤ ਕੀਤੀ, ਜਿਸ ਦਾ ਸਕਾਰਾਤਮਕ ਨਤੀਜਾ ਮੇਲਾ ਦੌਰਾਨ ਸਾਫ਼ ਤੌਰ 'ਤੇ ਵੇਖਣ ਨੂੰ ਮਿਲਿਆ।

ਐਲ.ਈ.ਡੀ ਸਕਰੀਨਾਂ ਰਾਹੀਂ ਸੁਰੱਖਿਆ ਸਬੰਧੀ ਐਲਾਨ, ਟਰੈਫਿਕ ਡਾਈਵਰਜਨ, ਸਿਹਤ ਸੇਵਾਵਾਂ ਅਤੇ ਲੰਗਰਾਂ ਦੀ ਜਾਣਕਾਰੀ ਵੀ ਲਗਾਤਾਰ ਦਿਖਾਈ ਗਈ। ਇਸ ਨਾਲ ਸ਼ਰਧਾਲੂਆਂ ਨੂੰ ਕਿਸੇ ਵੀ ਕਿਸਮ ਦੀ ਉਲਝਣ ਦਾ ਸਾਹਮਣਾ ਨਹੀਂ ਕਰਨਾ ਪਿਆ। ਗੁਆਚੇ ਬੱਚਿਆਂ ਅਤੇ ਬਜ਼ੁਰਗਾਂ ਨੂੰ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲਾਉਣ ਵਿੱਚ ਵੀ ਇਹ ਪ੍ਰਬੰਧ ਬਹੁਤ ਹੀ ਲਾਭਦਾਇਕ ਸਾਬਤ ਹੋਏ। ਹੈਲਪ ਡੈਸਕਾਂ 'ਤੇ ਮਿਲੀ ਤੁਰੰਤ ਜਾਣਕਾਰੀ ਨਾਲ ਕਈ ਮਾਮਲੇ ਥੋੜ੍ਹੇ ਸਮੇਂ ਵਿੱਚ ਹੀ ਸੁਲਝਾਏ ਗਏ।

ਪ੍ਰਸਾਸ਼ਨਿਕ ਟੀਮਾਂ ਵੱਲੋਂ ਦਿਨ-ਰਾਤ ਕੀਤੀ ਮਿਹਨਤ ਅਤੇ ਸਹਿਯੋਗ ਦੇ ਸਦਕਾ ਹੋਲਾ ਮਹੱਲਾ ਸੁਚਾਰੂ, ਸੁਰੱਖਿਅਤ ਅਤੇ ਯਾਦਗਾਰ ਢੰਗ ਨਾਲ ਮਨਾਇਆ ਗਿਆ। ਕੈਬਨਿਟ ਮੰਤਰੀ ਅਤੇ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਸਥਾਨਾਂ ਦਾ ਦੌਰਾ ਕਰਕੇ ਪ੍ਰਬੰਧਾਂ ਦੀ ਨਿਗਰਾਨੀ ਕੀਤੀ ਅਤੇ ਮੌਕੇ 'ਤੇ ਹੀ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ। ਇਸ ਮਿਸਾਲੀ ਪ੍ਰਬੰਧਨ ਨਾਲ ਸਪੱਸ਼ਟ ਹੈ ਕਿ ਸ਼ਰਧਾਲੂਆਂ ਦੀ ਸਹੂਲਤ ਅਤੇ ਸੁਰੱਖਿਆ ਪ੍ਰਸਾਸ਼ਨ ਦੀ ਪਹਿਲੀ ਤਰਜੀਹ ਰਹੀ, ਜਿਸ ਕਾਰਨ ਇਸ ਵਾਰ ਦਾ ਹੋਲਾ ਮਹੱਲਾ ਹਰ ਪੱਖੋਂ ਸਫਲ ਅਤੇ ਸੁਚਾਰੂ ਸਾਬਤ ਹੋਇਆ।

# ਨਸ਼ਾ ਤਸਕਰ ਪੰਜਾਬ ਛੱਡ ਦੇਣ ਜਾਂ ਸਖ਼ਤ ਅਤੇ ਬੇਮਿਸਾਲ ਕਾਰਵਾਈ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ : ਬਲਤੇਜ ਪੰਨੂ

**ਲੁਧਿਆਣਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਅਤੇ ਨਸ਼ਾ ਮੁਕਤੀ ਮੋਰਚਾ ਦੇ ਮੁੱਖ ਬੁਲਾਰੇ ਬਲਤੇਜ ਪੰਨੂ ਨੇ ਬੁੱਧਵਾਰ ਨੂੰ ਮੋਹਨ ਦਈ ਹਸਪਤਾਲ ਵਿਖੇ ਜ਼ੇਰੇ ਇਲਾਜ ਇੱਕ ਨਸ਼ਾ ਵਿਰੋਧੀ ਕਾਰਕੁਨ ਨਾਲ ਮੁਲਾਕਾਤ ਕੀਤੀ।



ਦੱਸਣਯੋਗ ਹੈ ਕਿ ਇਹ ਕਾਰਕੁਨ ਨਸ਼ਾ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ ਵੱਲੋਂ ਕੀਤੇ ਗਏ ਹਮਲੇ ਵਿੱਚ ਜ਼ਖਮੀ ਹੋ ਗਿਆ ਸੀ। ਆਪਣੀ ਫੇਰੀ ਦੌਰਾਨ ਬਲਤੇਜ ਪੰਨੂ ਨੇ ਪੀੜਤ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਮੁਲਾਕਾਤ ਕਰਕੇ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ ਅਤੇ ਪੰਜਾਬ ਸਰਕਾਰ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

ਬਲਤੇਜ ਪੰਨੂ ਦੇ ਨਾਲ ਵਿਧਾਇਕ ਕੁਲਵੰਤ ਸਿੰਘ ਸਿੱਧੂ ਅਤੇ ਨਸ਼ਾ ਮੁਕਤੀ ਮੋਰਚਾ ਪੰਜਾਬ ਦੇ ਮੈਂਬਰ ਵੀ ਮੌਜੂਦ ਸਨ।

ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਉਨ੍ਹਾਂ ਲੋਕਾਂ ਦੇ ਨਾਲ ਚਟਾਨ ਵਾਂਗ ਖੜ੍ਹੀ ਹੈ ਜੋ ਨਸ਼ਿਆਂ ਦੀ ਅਲਾਮਤ ਦਾ ਦਲੇਰੀ ਨਾਲ ਸਾਹਮਣਾ ਕਰ ਰਹੇ ਹਨ ਅਤੇ ਤਸਕਰੀ ਵਿੱਚ ਸ਼ਾਮਲ ਲੋਕਾਂ ਨੂੰ ਬੇਨਕਾਬ ਕਰ ਰਹੇ ਹਨ।

ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨਸ਼ਾ ਤਸਕਰਾਂ ਅਤੇ ਸਮੱਗਲਰਾਂ ਵਿਰੁੱਧ ਨਿਰੰਤਰ ਅਤੇ ਬਹੁ-ਪੱਖੀ ਜੰਗ ਲੜ ਰਹੀ ਹੈ। ਅਸੀਂ ਪੰਜਾਬ ਵਿੱਚੋਂ ਇਸ ਸਰਾਪ ਨੂੰ ਪੂਰੀ ਤਰ੍ਹਾਂ ਖ਼ਤਮ ਕਰਕੇ ਦਮ ਲਵਾਂਗੇ।

ਉਨ੍ਹਾਂ ਨੇ ਦੁਹਰਾਇਆ ਕਿ 'ਨਸ਼ਿਆਂ ਵਿਰੁੱਧ ਯੁੱਧ' ਮੁਹਿੰਮ ਆਪਣੇ ਅੰਤਿਮ ਅਤੇ ਸਭ ਤੋਂ ਗੰਭੀਰ ਪੜਾਅ ਵਿੱਚ ਦਾਖਲ ਹੋ ਚੁੱਕੀ ਹੈ ਅਤੇ ਪੰਜਾਬ ਸਰਕਾਰ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਸਫਾਏ ਲਈ ਦ੍ਰਿੜ ਸੰਕਲਪ ਹੈ।

ਨਸ਼ਾ ਤਸਕਰੀ ਵਿੱਚ ਸ਼ਾਮਲ ਲੋਕਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਨਸ਼ਾ ਤਸਕਰ ਜਾਂ ਤਾਂ ਪੰਜਾਬ ਛੱਡ ਦੇਣ ਜਾਂ ਫਿਰ ਸਖ਼ਤ ਅਤੇ ਬਿਨਾਂ ਕਿਸੇ ਸਮਝੌਤੇ ਵਾਲੀ ਕਾਰਵਾਈ ਦਾ ਸਾਹਮਣਾ ਕਰਨ। ਜਦੋਂ ਤੱਕ ਪੰਜਾਬ ਵਿੱਚੋਂ ਨਸ਼ਿਆਂ ਦੀ ਅਲਾਮਤ ਪੂਰੀ ਤਰ੍ਹਾਂ ਖ਼ਤਮ ਨਹੀਂ ਹੋ ਜਾਂਦੀ, ਅਸੀਂ ਚੈਨ ਨਾਲ ਨਹੀਂ ਬੈਠਾਂਗੇ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਵੱਡੇ ਪੱਧਰ 'ਤੇ ਗ੍ਰਿਫਤਾਰੀਆਂ, ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਕੁਰਕ ਕਰਨ, ਐਨਡੀਪੀਐਸ ਐਕਟ ਤਹਿਤ ਸਜ਼ਾਵਾਂ ਦਿਵਾਉਣ ਅਤੇ ਲੋਕਾਂ ਦੀ ਸ਼ਮੂਲੀਅਤ ਰਾਹੀਂ ਆਪਣੀ ਕਾਰਵਾਈ ਤੇਜ਼ ਕਰ ਦਿੱਤੀ ਹੈ।

ਨਸ਼ਾ ਮੁਕਤੀ ਮੋਰਚਾ ਦੇ ਲਗਭਗ 1.5 ਲੱਖ ਵਲੰਟੀਅਰ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਦੀ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਸਹਿਯੋਗ ਦੇ ਰਹੇ ਹਨ।

# ਗੁਰਦੁਆਰਾ ਗੁਰ ਗਿਆਨ ਪ੍ਰਕਾਸ਼ ਜਵੱਦੀ ਟਕਸਾਲ ਵਿਖੇ 8 ਮਾਰਚ ਨੂੰ 47ਵਾਂ ਅੱਖਾਂ ਦਾ ਫ੍ਰੀ ਆਪਰੇਸ਼ਨ ਤੇ ਜਨਰਲ ਮੈਡੀਕਲ ਕੈਂਪ

**ਲੁਧਿਆਣਾ, 8 ਮਾਰਚ**
**ਕੁਲਦੀਪ ਦੁੱਗਰੀ**
**-ਕੌਮੀ ਪੱਤ੍ਰਿਕਾ ਬਿਊਰੋ-**

ਸੱਚਖੰਡ ਵਾਸੀ ਸੰਤ ਬਾਬਾ ਸੁਚਾ ਸਿੰਘ ਜੀ ਸੰਸਥਾਪਕ ਜਵੱਦੀ ਟਕਸਾਲ ਅਤੇ ਸਵਰਗੀ ਪੰਥ ਰਤਨ ਭਾਈ ਜਸਬੀਰ ਸਿੰਘ ਖੰਨੇ ਵਾਲਿਆਂ ਦੀ ਅਸੀਸ ਸਦਕਾ ਪਿਛਲੇ ਲਗਭਗ 40 ਸਾਲਾਂ ਤੋਂ ਸਮਾਜਿਕ ਸੇਵਾ ਅਤੇ ਧਾਰਮਿਕ ਕਾਰਜਾਂ ਨੂੰ ਸਮਰਪਿਤ ਸ਼੍ਰੀ ਕੀਰਤਨ ਸੇਵਾ ਸੁਸਾਇਟੀ (ਰਜਿ.) ਮਾਡਲ ਟਾਊਨ, ਲੁਧਿਆਣਾ ਵੱਲੋਂ ਪਰਮ ਸਤਿਕਾਰਯੋਗ ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਦੀ ਸੁਝੱਜੀ ਰਹਿਨੁਮਾਈ ਹੇਠ ਗੁਰਦੁਆਰਾ ਗੁਰ ਗਿਆਨ ਪ੍ਰਕਾਸ਼ ਜਵੱਦੀ ਟਕਸਾਲ ਵਿਖੇ 47ਵਾਂ ਅੱਖਾਂ ਦਾ ਫ੍ਰੀ ਆਪਰੇਸ਼ਨ ਅਤੇ ਜਨਰਲ ਮੈਡੀਕਲ ਕੈਂਪ 8 ਮਾਰਚ ਦਿਨ ਐਤਵਾਰ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਜਾਵੇਗਾ।



ਸੁਸਾਇਟੀ ਦੇ ਚੇਅਰਮੈਨ ਮਾਸਟਰ ਤਰਲੋਚਨ ਸਿੰਘ, ਪ੍ਰਧਾਨ ਸ. ਪਰੇਮ ਸਿੰਘ, ਬੀਬੀ ਬਲਦੇਵ ਕੌਰ, ਸੁਰਿੰਦਰ ਸਿੰਘ, ਗੁਰਚਰਨ ਪਾਲ ਸਿੰਘ, ਰਮਨਜੋਤ ਸਿੰਘ, ਸੁਖਵਿੰਦਰ ਸਿੰਘ, ਸ. ਮਨਪ੍ਰੀਤ ਸਿੰਘ ਅਤੇ ਗੁਰਿੰਦਰ ਸਿੰਘ ਨੇ ਮੀਟਿੰਗ ਦੌਰਾਨ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਖੇਤਰਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦੀ ਜਾਂਚ ਕਰਨਗੇ।

ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਡਾ. ਐਚ.ਪੀ. ਸਿੰਘ (ਆਈ ਸਰਜਨ), ਡਾ. ਬੀ.ਐਸ. ਸ਼ਾਹ (ਐਮ.ਡੀ. ਪੈਥਾਲੋਜਿਸਟ), ਡਾ. ਬਰਿੰਦਰ ਸਿੰਘ ਪੌਲ (ਐਮ.ਡੀ. ਮੈਡੀਸਨ, ਡੀ.ਐਮ. ਨਿਊਰੋਲੋਜੀ), ਡਾ. ਬਿਕਰਮ ਸਿੰਘ ਰਾਜਪਾਲ (ਹੱਡੀਆਂ ਅਤੇ ਜੋੜਾਂ ਦੇ ਮਾਹਿਰ), ਡਾ. ਐਮ.ਐਸ. ਨੰਦਾ (ਚਮੜੀ ਰੋਗ ਵਿਸ਼ੇਸ਼ਗਿਆ), ਡਾ. ਹਰਵਿੰਦਰ ਸਿੰਘ (ਈ.ਐਨ.ਟੀ.), ਡਾ. ਭਜਨਦੀਪ ਸਿੰਘ (ਡੈਂਟਲ), ਡਾ. ਰਵੀਕਾਂਤ (ਮੈਡੀਕਲ ਪ੍ਰੈਕਟੀਸ਼ਨਰ), ਡਾ. ਅਵਰੀਨ ਸਿੰਘ ਸ਼ਾਹ (ਸਰਜਰੀ ਅਤੇ ਸੰਤਾਨ ਸਮੱਸਿਆ ਮਾਹਿਰ), ਡਾ. ਅਜੀਤ ਤਿਆਗੀ-ਆਰਤੀ ਤਿਆਗੀ (ਐਕੂਪ੍ਰੈਸ਼ਰ), ਡਾ. ਸੁਚਿਤਾ ਬਤੇਰਾ (ਗਾਇਨੀ), ਡਾ. ਹਰਮੀਤ ਸਿੰਘ ਸੈਣੀ (ਫਿਜਿਓਥੈਰਪੀ) ਅਤੇ ਵੈਦ ਬਿਧਪਾਲ ਸਿੰਘ (ਨਾਡੀ ਪਰੀਖਿਆ) ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕਰਨਗੇ।

ਉਨ੍ਹਾਂ ਹੋਰ ਦੱਸਿਆ ਕਿ ਕੈਂਪ ਵਿੱਚ ਚਿੱਟੇ ਮੋਤੀਆ ਵਾਲੇ ਮਰੀਜ਼ਾਂ ਲਈ ਅੱਖਾਂ ਦੇ ਲੈਂਜ਼ ਮੁਫ਼ਤ ਪਾਏ ਜਾਣਗੇ, ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਣਗੀਆਂ।

# ਕਲੀਨ ਪਟਿਆਲਾ ਮੁਹਿੰਮ ਤਹਿਤ ਸਕੂਲ ਵਿੱਚ ਵੇਸਟ ਸੇਗਰੇਗੇਸ਼ਨ ਬਾਰੇ ਜਾਗਰੂਕਤਾ ਪ੍ਰੋਗਰਾਮ



**ਪਟਿਆਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਕਲੀਨ ਪਟਿਆਲਾ ਮੁਹਿੰਮ ਦੇ ਤਹਿਤ ਵਾਰਡ ਨੰਬਰ 28 ਵਿੱਚ ਸਥਿਤ ਵੀਰ ਹਕੀਕਤ ਰਾਇ ਮਾਡਲ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਵਿੱਚ ਇੰਡਿਅਨ ਪੋਲਿਊਸ਼ਨ ਕੰਟਰੋਲ ਅਸੋਸੀਏਸ਼ਨ (IPCA) ਵੱਲੋਂ ਵੇਸਟ ਸੇਗਰੇਗੇਸ਼ਨ ਸੰਬੰਧੀ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਪੰਜਾਬ ਪਲਾਸਟਿਕ ਵੇਸਟ ਮੈਨੇਜਮੈਂਟ ਸੋਸਾਇਟੀ (PPWMS) ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਕੂਲ ਸਟਾਫ ਨੂੰ ਕਚਰੇ ਨੂੰ ਸਰੋਤ 'ਤੇ ਹੀ ਵੱਖ-ਵੱਖ ਕਰਨ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਸੈਸ਼ਨ ਦੌਰਾਨ ਗੀਲੇ, ਸੁੱਕੇ ਅਤੇ ਪਲਾਸਟਿਕ ਕਚਰੇ ਨੂੰ ਅਲੱਗ-ਅਲੱਗ ਇਕੱਠਾ ਕਰਨ ਦੇ ਤਰੀਕਿਆਂ, ਇਸਦੇ ਪਰਿਆਵਰਣਕ ਲਾਭਾਂ ਅਤੇ ਰੋਜ਼ਾਨਾ ਜੀਵਨ ਵਿੱਚ ਇਸ ਪ੍ਰਣਾਲੀ ਨੂੰ ਅਪਣਾਉਣ ਦੀ ਲੋੜ ਬਾਰੇ ਸਮਝਾਇਆ ਗਿਆ।

ਇੰਟਰਐਕਟਿਵ ਚਰਚਾ ਅਤੇ ਡੈਮੋ ਰਾਹੀਂ ਵਿਦਿਆਰਥੀਆਂ ਨੂੰ ਪਲਾਸਟਿਕ ਪ੍ਰਦੂਸ਼ਣ ਘਟਾਉਣ, ਜ਼ਿੰਮੇਵਾਰ ਵੇਸਟ ਮੈਨੇਜਮੈਂਟ ਅਪਣਾਉਣ ਅਤੇ ਘਰਾਂ ਤੇ ਸਕੂਲਾਂ ਵਿੱਚ ਵੱਖ-ਵੱਖ ਡਸਟਬਿਨ ਵਰਤਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਜਾਗਰੂਕਤਾ ਪੰਫਲੈਟ ਵੀ ਵੰਡੇ ਗਏ ਤਾਂ ਜੋ ਵਿਦਿਆਰਥੀ ਆਪਣੇ ਘਰਾਂ ਅਤੇ ਸਮਾਜ ਵਿੱਚ ਵੀ ਇਸ ਸੰਦੇਸ਼ ਨੂੰ ਅੱਗੇ ਤੱਕ ਪਹੁੰਚਾ ਸਕਣ।

ਇਸ ਪਹਿਲ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਅਤੇ ਵਿਦਿਅਕ ਸੰਸਥਾਵਾਂ ਨੂੰ ਜੋੜਦਿਆਂ ਪਟਿਆਲਾ ਨੂੰ ਸਾਫ਼-ਸੁਥਰਾ ਅਤੇ ਟਿਕਾਊ ਵਾਤਾਵਰਣ ਵਾਲਾ ਸ਼ਹਿਰ ਬਣਾਉਣ ਵੱਲ ਕਦਮ ਵਧਾਉਣਾ ਹੈ।

# ਕੋਹਲੀ ਅਤੇ ਮੇਅਰ ਗੋਗੀਆ ਵੱਲੋਂ 1 ਕਰੋੜ 7 ਲੱਖ ਤੋਂ ਵੱਧ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ



**ਪਟਿਆਲਾ, 8 ਮਾਰਚ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਨੇ ਅੱਜ ਇਥੇ ਸ਼ਹਿਰ ਦੇ ਕਈ ਇਲਾਕਿਆ ਚ 1 ਕਰੋੜ 7 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਹ ਕਾਰਜ ਨਾਭਾ ਗੇਟ ਤੋਂ ਕਾਰ ਪਾਰਕਿੰਗ ਏਸੀ ਮਾਰਕੀਟ ਤੱਕ ਕਰਵਾਏ ਜਾਣਗੇ। ਇਨ੍ਹਾਂ ਵਿਕਾਸ ਕਾਰਜਾਂ ਦਾ ਕੰਮ ਅੱਜ ਸ਼ੁਰੂ ਹੋ ਚੁੱਕਾ ਹੈ। ਇਸ ਮੌਕੇ ਕੌਂਸਲਰ ਜਗਤਾਰ ਸਿੰਘ ਤਾਰੀ ਵਾਰਡ ਨੰਬਰ 46 ਅਤੇ ਕੌਂਸਲਰ ਮੀਨਾ ਦੇਵੀ ਵਾਰਡ ਨੰਬਰ 45 ਵੀ ਮੌਜੂਦ ਸਨ।

ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਹਿਤੈਸ਼ੀ ਅਤੇ ਵਿਕਾਸ ਕੇਂਦਰਿਤ ਸੋਚ ਦੇ ਤਹਿਤ ਅਮਲ ਵਿੱਚ ਲਿਆਂਦੇ ਗਏ ਹਨ। ਕੋਹਲੀ ਨੇ ਕਿਹਾ ਕਿ ਵਿਕਾਸ ਕਾਰਜਾਂ ਤਹਿਤ ਨਾਭਾ ਗੇਟ ਤੋਂ ਏਸੀ ਮਾਰਕੀਟ ਪਾਰਕਿੰਗ ਤੱਕ, ਸਮੇਤ ਕਈ ਪ੍ਰਮੁੱਖ ਇਲਾਕਿਆਂ ਵਿੱਚ ਸੜਕਾਂ ਦੀ ਨਵੀਂ ਬਣਤ, ਇੰਟਰਲਾਕਿੰਗ ਟਾਈਲਾਂ ਅਤੇ ਆਵਾਜਾਈ ਸੁਵਿਧਾਵਾਂ ਵਿੱਚ ਵਾਧਾ ਕੀਤਾ ਗਿਆ ਹੈ। ਇਨ੍ਹਾਂ ਕਾਰਜਾਂ ਨਾਲ ਨਾ ਸਿਰਫ ਟ੍ਰੈਫਿਕ ਪ੍ਰਬੰਧਨ ਸੁਧਰੇਗਾ, ਸਗੋਂ ਇਲਾਕੇ ਦੀ ਸੂਰਤ ਵੀ ਨਿਖਰੇਗੀ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਇਤਿਹਾਸਕ ਵਿਕਾਸ ਦੀ ਲਹਿਰ ਚੱਲ ਰਹੀ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਨਵੇਂ ਪ੍ਰੋਜੈਕਟਾਂ ਦੀ ਘੋਸ਼ਣਾ ਕੀਤੀ ਜਾਵੇਗੀ ਤਾਂ ਜੋ ਸ਼ਹਿਰ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਸਕੇ।

ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਸਾਰੇ ਵਿਕਾਸ ਕਾਰਜ ਮਿਆਰੀ ਤਰੀਕੇ ਨਾਲ ਅਤੇ ਸਮੇਂ ਸਿਰ ਮੁਕੰਮਲ ਕਰਵਾਏ ਜਾ ਰਹੇ ਹਨ।

ਸ਼ਹਿਰ ਵਾਸੀਆਂ ਨੇ ਵੀ ਇਨ੍ਹਾਂ ਉਪਰਾਲਿਆਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਵਿਕਾਸ ਕਾਰਜਾਂ ਨਾਲ ਸੁਵਿਧਾਵਾਂ ਵਿੱਚ ਵਾਧਾ ਹੋਇਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਸੁਧਾਰ ਦੀ ਉਮੀਦ ਹੈ।

# ਵਿਕਰਮ ਕੁਮਾਰ ਨੂੰ ਸ਼ਿਵ ਸੈਨਾ ਹਿੰਦੂਸਤਾਨ ਹਿਮਾਚਲ ਇਕਾਈ ਦਾ ਸੂਬਾ ਕਨਵੀਨਰ ਨਿਯੁਕਤ



**ਪਟਿਆਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਿਵ ਸੈਨਾ ਹਿੰਦੁਸਤਾਨ ਦੀ ਹਿਮਾਚਲ ਇਕਾਈ ਦੇ ਪੁਨਰਗਠਨ ਦੇ ਹਿੱਸੇ ਵਜੋਂ, ਸ਼ਿਮਲਾ ਜ਼ਿਲ੍ਹੇ ਦੇ ਰਾਮਪੁਰ ਬੁਸ਼ਹਾਰਾ ਦੇ ਨਿਵਾਸੀ ਸ਼੍ਰੀ ਵਿਕਰਮ ਕੁਮਾਰ ਨੂੰ ਸ਼ਿਵ ਸੈਨਾ ਹਿੰਦੁਸਤਾਨ ਹਿਮਾਚਲ ਇਕਾਈ ਦਾ ਸੂਬਾ ਕਨਵੀਨਰ ਨਿਯੁਕਤ ਕੀਤਾ ਗਿਆ ਹੈ।

ਉਹ ਅੱਜ ਹਿਮਾਚਲ ਤੋਂ ਪਟਿਆਲਾ, ਪੰਜਾਬ ਵਿੱਚ ਪਾਰਟੀ ਦੇ ਰਾਸ਼ਟਰੀ ਦਫਤਰ ਵਿਚ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਨੂੰ ਮਿਲਣ ਲਈ ਆਏ ਸਨ ਅਤੇ ਹਿਮਾਚਲ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਲਈ ਕੰਮ ਕਰਨ ਦੀ ਇੱਛਾ ਪ੍ਰਗਟ ਕੀਤੀ। ਉਨ੍ਹਾਂ ਦਾ ਪਰਿਵਾਰ ਪਹਿਲਾਂ ਹੀ ਸ਼ਿਵ ਸੈਨਾ ਹਿੰਦੁਸਤਾਨ ਨਾਲ ਜੁੜਿਆ ਹੋਇਆ ਹੈ। ਪਾਰਟੀ ਪ੍ਰਤੀ ਉਨ੍ਹਾਂ ਦੇ ਪਰਿਵਾਰ ਦੀ ਸੇਵਾ ਨੂੰ ਮਾਨਤਾ ਦਿੰਦੇ ਹੋਏ, ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਨੇ ਸ਼੍ਰੀ ਵਿਕਰਮ ਕੁਮਾਰ ਨੂੰ ਪਾਰਟੀ ਦੀ ਹਿਮਾਚਲ ਪ੍ਰਦੇਸ਼ ਇਕਾਈ ਦਾ ਸੂਬਾ ਕਨਵੀਨਰ ਨਿਯੁਕਤ ਕੀਤਾ। ਉਨ੍ਹਾਂ ਨੂੰ ਹਿਮਾਚਲ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਮੈਂਬਰਸ਼ਿਪ ਮੁਹਿੰਮ ਦੀ ਅਗਵਾਈ ਕਰਨ ਲਈ ਅਧਿਕਾਰਤ ਕੀਤਾ ਗਿਆ ਸੀ। ਉਹ ਹਿਮਾਚਲ ਇਕਾਈ ਦੇ ਪੁਨਰਗਠਨ ਵਿੱਚ ਪਾਰਟੀ ਦੀ ਰਾਸ਼ਟਰੀ ਲੀਡਰਸ਼ਿਪ ਦੀ ਸਹਾਇਤਾ ਕਰਨਗੇ। ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਨੇ ਉਨ੍ਹਾਂ ਨੂੰ ਪਾਰਟੀ ਦੇ ਰਾਸ਼ਟਰੀ ਦਫਤਰ ਵਿੱਚ ਪਾਰਟੀ ਦੀ ਭਗਵਾ ਪਟਕਾ ਪਵਾ ਕੇ ਇਸ ਅਹੁਦੇ 'ਤੇ ਨਿਯੁਕਤ ਕੀਤਾ। ਉਨ੍ਹਾਂ ਦੀ ਮਾਤਾ, ਸ਼੍ਰੀਮਤੀ ਵੀਨਾ ਬਾਂਸਲ ਵੀ ਉਨ੍ਹਾਂ ਨੂੰ ਆਸ਼ੀਰਵਾਦ ਦੇਣ ਲਈ ਮੌਜੂਦ ਸਨ। ਆਪਣੀ ਨਿਯੁਕਤੀ ਤੋਂ ਬਾਅਦ, ਸ਼੍ਰੀ ਵਿਕਰਮ ਕੁਮਾਰ ਨੇ ਰਾਸ਼ਟਰੀ ਪ੍ਰਧਾਨ ਸ਼੍ਰੀ ਪਵਨ ਗੁਪਤਾ ਦਾ ਵਿਸੇਸ ਧੰਨਵਾਦ ਕੀਤਾ ਅਤੇ ਹਿਮਾਚਲ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਦੇ ਪੁਨਰਗਠਨ ਲਈ ਆਪਣਾ ਪੂਰਾ ਸਮਰਥਨ ਪ੍ਰਗਟ ਕੀਤਾ।

# ਹੋਲਾ ਮਹੱਲੇ ਮੌਕੇ ਸੰਗਤਾਂ ਲਈ ਲਗਾਏ ਗਏ ਪੰਜ ਦਿਨਾਂ ਲੰਗਰਾਂ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਪੁੱਜੀਆਂ



**ਮਾਛੀਵਾੜਾ ਸਾਹਿਬ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਨਵਾਂ ਸ਼ਹਿਰ ਰੋਡ ਤੇ ਸਥਿਤ ਪਿੰਡ ਉਧੋਵਾਲ ਨਜ਼ਦੀਕ ਅੱਡਾ ਬੁੱਲੇਵਾਲ ਦੇ ਸਥਾਨ ਸਿੰਘਾ ਸ਼ਹੀਦਾਂ ਵਿਖੇ ਇਕ ਮਾਰਚ ਤੋਂ 8 ਮਾਰਚ ਤੱਕ ਹੋਲੇ ਮਹੱਲੇ ਨੂੰ ਮੁੱਖ ਰੱਖਦਿਆਂ ਸੰਗਤਾਂ ਲਈ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ ।

ਮੁੱਖ ਸੇਵਾਦਾਰ ਬਾਬਾ ਜਗੀਰ ਸਿੰਘ ਢੋਲਣਵਾਲ ਵਾਲਿਆਂ ਨੇ ਦੇਸ਼ ਵਿਦੇਸ਼ ਵਸਦੀਆਂ ਸੰਗਤਾਂ ਨੂੰ ਹੋਲੇ ਮਹੱਲੇ ਦੀ ਵਧਾਈ ਦਿੰਦਿਆਂ ਦੱਸਿਆ ਕਿ ਖਾਲਸੇ ਦੀ ਪਾਵਨ ਤੇ ਪਵਿੱਤਰ ਧਰਤੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਦੇਸ਼ ਵਿਦੇਸ਼ ਦੀ ਧਰਤੀ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਹੋਲਾ ਮਹੱਲਾ ਮਨਾਉਂਦਿਆਂ ਗੁਰੂ ਘਰ ਨਤਮਸਤਕ ਹੋਣ ਲਈ ਪੁਜੀਆਂ ਜਿਨਾਂ ਲਈ ਪੰਜਾਬ ਭਰ ਵਿੱਚ ਵੱਖ-ਵੱਖ ਥਾਵਾਂ ਤੇ ਲੰਗਰ ਲਗਾਏ ਗਏ ਉਹਨਾਂ ਦੱਸਿਆ ਕਿ ਸੰਗਤਾਂ ਦੇ ਵੱਡੇ ਸਹਿਯੋਗ ਸਦਕਾ ਸਥਾਨ ਸਿੰਘਾਂ ਸ਼ਹੀਦਾਂ ਅੱਡਾ ਬੁੱਲੇਵਾਲ ਵਿਖੇ ਜਿੱਥੇ 24 ਘੰਟੇ ਸੰਗਤਾਂ ਲਈ ਚਾਹ ਪ੍ਰਸ਼ਾਦੇ ਦਾ ਲੰਗਰ ਚੱਲਦਾ ਰਹਿੰਦਾ ਹੈ ਉੱਥੇ ਹੀ ਇਹਨਾਂ ਖਾਸ ਮੌਕਿਆਂ ਤੇ ਸੰਗਤਾਂ ਇੱਕਜੁੱਟ ਹੁੰਦਿਆਂ ਵਿਸ਼ੇਸ਼ ਤੌਰ ਤੇ ਲੰਗਰਾਂ ਦਾ ਪ੍ਰਬੰਧ ਕਰਦੀਆਂ ਹਨ। ਇਸ ਵਾਰ ਵੀ ਹੋਲੇ ਮਹੱਲੇ ਦੀ ਆਮਦ ਮੌਕੇ ਇਕ ਮਾਰਚ ਤੋਂ 8 ਮਾਰਚ ਤੱਕ ਇਲਾਕਾ ਨਿਵਾਸੀ ਸਹਿਯੋਗੀ ਸੱਜਣਾਂ ਸੰਗਤਾਂ ਦੇ ਵੱਡੇ ਸਹਿਯੋਗ ਸਦਕਾ ਸ੍ਰੀ ਅਨੰਦਪੁਰ ਸਾਹਿਬ ਜਾਣ ਵਾਲੀਆਂ ਸੰਗਤਾਂ ਲਈ ਵੱਖ-ਵੱਖ ਭਗਵਾਨਾਂ ਦੇ ਲੰਗਰ ਲਗਾਏ ਗਏ। ਉਹਨਾਂ ਦੱਸਿਆ ਕਿ ਸੰਗਤਾਂ ਦੀ ਸੇਵਾ ਵਿੱਚ ਟਿੱਕੀਆਂ ਛੋਲੇ, ਨਿਊਡਲ,, ਮਨਚੂਰੀਅਨ ਦੇ ਲੰਗਰਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਇਹਨਾਂ ਲੰਗਰਾਂ ਵਿੱਚ ਜਿੱਥੇ ਸੇਵਾ ਕਰਨ ਲਈ ਇਲਾਕੇ ਭਰ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਉੱਥੇ ਹੀ ਦੂਰ ਦੁਰਾਡਿਓਂ ਆ ਜਾ ਰਹੀਆਂ ਸੰਗਤਾਂ ਨੇ ਵੀ ਲੰਗਰ ਛਕਦਿਆਂ ਪਰਮਾਤਮਾ ਦਾ ਸਿਮਰਨ ਕੀਤਾ। ਉਹਨਾਂ ਪੰਜ ਦਿਨਾਂ ਲੰਗਰਾਂ ਵਿੱਚ ਸੇਵਾ ਕਰਨ ਵਾਲੇ ਸੇਵਾਦਾਰਾਂ ਦਾਨੀ ਅਤੇ ਸਹਿਯੋਗੀ ਸੱਜਣਾਂ ਦਾ ਧੰਨਵਾਦ ਪ੍ਰਗਟ ਕੀਤਾ ਜਿਨਾਂ ਦੇ ਸਹਿਯੋਗ ਸਦਕਾ ਇਹ ਕਾਰਜ ਸਫਲਤਾ ਪੂਰਵਕ ਨੇਪਰੇ ਚਾੜੇ ਗਏ।

# ਮੁਲਾਜ਼ਮਾਂ ਵਲੋਂ ਪੰਜਾਬ ਸਰਕਾਰ ਖਿਲਾ.ਫ ਜ਼ਬਰਦਸਤ ਰੋਸ-ਪ੍ਰਦਰਸ਼ਨ

## ਪੁਰਾਣੀ ਪੈਨਸ਼ਨ ਲਾਗੂ ਕਰਨਾ, ਬਣਦਾ ਡੀ. ਏ. ਦੇਣਾ, ਨਵੇਂ ਮੁਲਾਜ਼ਮਾਂ ਨੂੰ ਪੰਜਾਬ ਸਰਕਾਰ ਦੇ ਪੇ-ਸਕੇਲ ਦੇਣੇ ਅਤੇ ਪਰਬੇਸ਼ਨ ਪੀਰੀਅਡ ਦੌਰਾਨ ਪੂਰੀ ਤਨਖਾਹ ਦੇਣਾ ਮੁੱਖ ਮੰਗਾਂ



**ਪਟਿਆਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ ਪੀ ਐਫ ਕਰਮਚਾਰੀ ਯੂਨੀਅਨ ਵਲੋਂ ਅੱਜ ਫਿਰ ਬਕਾਇਆ ਡੀ ਏ ਜਾਰੀ ਕਰਨ ਅਤੇ ਪੁਰਾਣੀ ਪੈਨਸ਼ਨ ਦੀ ਬਹਾਲੀ ਅਤੇ ਹੋਰ ਮੁੱਖ ਮੰਗਾਂ ਲਈ ਜ਼ਿਲ੍ਹਾ ਪ੍ਰਧਾਨ ਗੁਰਮੇਲ ਵਿਰਕ ਦੀ ਅਗਵਾਈ ਹੇਠ ਡੀ ਸੀ ਦਫਤਰ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਸਰਕਾਰ ਦੇ ਮੁਲਾਜ਼ਮ ਵਿਰੋਧੀ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ੍ਹੀਆਂ ਗਈਆਂ। ਇਸ ਰੋਸ ਪ੍ਰਦਰਸ਼ਨ ਦੌਰਾਨ ਵੱਖ-ਵੱਖ ਵਿਭਾਗਾਂ ਦੇ ਸੈਂਕੜੇ ਕਰਮਚਾਰੀਆਂ ਨੇ ਹਿੱਸਾ ਲਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਮੇਲ ਵਿਰਕ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਮੁਲਾਜ਼ਮ ਸਾਥੀਆਂ ਦੀਆਂ ਅਹਿਮ ਮੰਗਾਂ ਲਈ ਅੱਜ ਜ਼ਿਲ੍ਹੇ ਦੇ ਸਮੂਹ ਮੁਲਾਜ਼ਮਾਂ ਵਲੋਂ ਡੀ. ਸੀ. ਦਫਤਰ ਅੱਗੇ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਕੇ ਤੁਰੰਤ ਜੀ ਪੀ ਐਫ ਖਾਤੇ ਖੋਲ੍ਹੇ ਜਾਣ। ਇਸ ਤੋਂ ਬਿਨ੍ਹਾਂ ਬਕਾਇਆ 16 ਫੀਸਦੀ ਡੀ. ਏ. ਜਾਰੀ ਕਰਨ ਦੀ ਮੰਗ ਅਤੇ ਪੰਜਾਬ ਸਰਕਾਰ ਵਲੋਂ ਨਵੀਂ ਭਰਤੀ ਮੁਲਾਜ਼ਮਾਂ 'ਤੇ ਸੈਂਟਰ ਦਾ ਪੇ-ਸਕੇਲ ਥੋਪਿਆ ਹੋਇਆ ਹੈ, ਜਿਸ ਕਾਰਨ ਨਵੇਂ ਕਲਰਕਾਂ ਨੂੰ ਪੁਰਾਣਿਆਂ ਦੇ ਮੁਕਾਬਲੇ ਬਹੁਤ ਹੀ ਘੱਟ ਤਨਖਾਹ ਮਿਲ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਨਵੇਂ ਭਰਤੀ ਮੁਲਾਜ਼ਮਾਂ ਨੂੰ ਪੰਜਾਬ ਪੇ-ਕਮਿਸ਼ਨ ਦੇ ਅਧੀਨ ਕੀਤਾ ਜਾਵੇ। ਚੌਥੀ ਮੰਗ ਪਰਖਕਾਲ ਸਮੇਂ ਦੌਰਾਨ ਪੂਰੀ ਤਨਖਾਹ ਦੇਣੀ। ਇਹ ਸਾਡੀਆਂ ਅਹਿਮ ਮੰਗਾਂ ਹਨ, ਜਿਸ ਲਈ ਮੁਲਾਜ਼ਮਾਂ ਦਾ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਾਡੀਆਂ ਇਹ ਮੰਗਾਂ ਪੂਰੀਆਂ ਨਹੀਂ ਹੋ ਜਾਂਦੀਆਂ ਉਦੋਂ ਤੱਕ ਅਸੀਂ ਸਰਕਾਰ ਖਿਲਾਫ ਇਸੇ ਤਰ੍ਹਾਂ ਰੋਸ-ਪ੍ਰਦਰਸ਼ਨ, ਅਰਥੀ ਫੂਕ ਮੁਹਾਜ਼ਰੇ ਤੇ ਰੋਸ ਰੈਲੀਆਂ ਜਾਰੀ ਰੱਖਾਂਗੇ। ਮੁਲਾਜ਼ਮ ਜਥੇਬੰਦੀ ਵੱਲੋਂ ਆਉਣ ਵਾਲੇ ਦਿਨਾਂ ਵਿੱਚ ਮੁਲਾਜ਼ਮ ਹਿੱਤ ਵਿੱਚ ਤਕੜਾ ਸੰਘਰਸ਼ ਉਲੀਕਿਆ ਜਾਵੇਗਾ। ਇਸ ਮੌਕੇ ਜ਼ਿਲ੍ਹਾ ਚੇਅਰਮੈਨ ਰਵਿੰਦਰ ਸ਼ਰਮਾ ਵਲੋਂ ਸਮੂਹ ਮੁਲਾਜ਼ਮ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪ੍ਰਧਾਨ ਗੁਰਮੇਲ ਸਿੰਘ ਵਿਰਕ, ਗੁਰਜੰਟ ਸਿੰਘ, ਰਵਿੰਦਰ ਸ਼ਰਮਾ, ਗੁਰਪ੍ਰੀਤ ਪਨੇਸਰ, ਸੰਦੀਪ ਕੌਰ ਬਰਨਾਲਾ, ਜਤਿੰਦਰ ਕੰਬੋਜ ਪ੍ਰੈਸ ਸੈਕਟਰੀ, ਪ੍ਰਧਾਨ ਸਤਵਿੰਦਰ ਸਿੰਘ ਦਰਸ਼ਨ ਸਿੰਘ, ਪ੍ਰਧਾਨ ਡੀ.ਸੀ. ਦਰਫਤਰ ਯੂਨੀਅਨ, ਰਾਮ ਕ੍ਰਿਸ਼ਨ ਪ੍ਰਧਾਨ ਖਜ਼ਾਨਾ ਵਿਭਾਗ, ਹਿੰਮਤ ਸਿੰਘ, ਅੰਮਿਤ ਕੰਬੋਜ, ਭੁਪਿੰਦਰ ਯਾਦਵ, ਬਿਨੈ ਕੁਮਾਰ ਆਈ ਟੀ ਆਈ, ਤੇਜਿੰਦਰ ਸਿੰਘ ਡੀ ਸੀ ਦਫਤਰ, ਨਿਸ਼ਾ ਰਾਧੀ ਪ੍ਰਧਾਨ ਬੀ ਐਂਡ ਆਰ, ਮਨਪ੍ਰੀਤ ਕੌਰ, ਰਵਿੰਦਰ ਸਿੰਘ ਸਿਹਤ ਵਿਭਾਗ, ਰਘਬੀਰ ਸਿੰਘ, ਲਵਜੀਤ ਸਿੰਘ, ਕੁਲਵੰਤ ਸਿੰਘ, ਮਹਿੰਦਰਪਾਲ, ਮਨਦੀਪ ਸਿੰਘ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ, ਸੁਮਨ ਰਾਣੀ, ਪੱਲਬੀ, ਭੁਪਿੰਦਰ ਸਿੰਘ, ਦਵਿੰਦਰ ਸਿੰਘ, ਮਹਿੰਦਰ ਕੁਮਾਰ ਗਰਗ, ਗੁਰਪ੍ਰੀਤ ਸਿੰਘ ਐਕਸਾਈਜ਼ ਆਦਿ ਹਾਜ਼ਰ ਸਨ।

# ਪਟਿਆਲਾ ਦੇ ਭੀੜ-ਭਾੜ ਵਾਲੇ ਇਲਾਕਿਆਂ ਵਿੱਚ ਟ੍ਰੈਫਿਕ ਪ੍ਰਬੰਧਨ ਸੁਧਾਰਨ ਦੀ ਯੋਜਨਾ : ਡਿਪਟੀ ਕਮਿਸ਼ਨਰ




**ਪਟਿਆਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਵਿੱਚ ਸੜਕ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਟ੍ਰੈਫਿਕ ਪ੍ਰਬੰਧਨ ਨੂੰ ਸੁਧਾਰਨ ਲਈ ਡਿਪਟੀ ਕਮਿਸ਼ਨਰ ਸ੍ਰੀ ਵਰਜੀਤ ਵਾਲੀਆ ਦੀ ਅਗਵਾਈ ਹੇਠ ਇੱਕ ਸਮੀਖਿਆ ਮੀਟਿੰਗ ਕੀਤੀ ਗਈ। ਓਹਨਾ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਵੀ ਮੌਜੂਦ ਸਨ। ਮੀਟਿੰਗ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਵਿੱਚ ਆ ਰਹੀਆਂ ਟ੍ਰੈਫਿਕ ਸਮੱਸਿਆਵਾਂ ਅਤੇ ਹਾਦਸਿਆਂ ਵਾਲੇ ਅਤੇ ਬਲੈਕ ਸਪੋਟਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਵਿੱਚ ਖਾਸ ਤੌਰ 'ਤੇ ਖੰਡਾ ਚੌਂਕ, ਪੁਰਾਣਾ ਬੱਸ ਸਟੈਂਡ ਅਤੇ ਨਵਾਂ ਬੱਸ ਸਟੈਂਡ ਦੇ ਇਲਾਕਿਆਂ ਵਿੱਚ ਟ੍ਰੈਫਿਕ ਦੀ ਭੀੜ ਅਤੇ ਸੁਰੱਖਿਆ ਸੰਬੰਧੀ ਮੁੱਦਿਆਂ 'ਤੇ ਵਿਚਾਰ ਕੀਤਾ ਗਿਆ। ਇਸ ਤੋਂ ਇਲਾਵਾ ਰਾਜਪੁਰਾ ਵਿੱਚ ਟ੍ਰੈਫਿਕ ਪ੍ਰਬੰਧਨ, ਪੰਜਾਬੀ ਯੂਨੀਵਰਸਿਟੀ ਦੇ ਬਾਹਰ ਟ੍ਰੈਫਿਕ ਦੀ ਸਮੱਸਿਆ, ਨਾਭਾ ਵਿੱਚ ਟ੍ਰੈਫਿਕ ਸਥਿਤੀ ਅਤੇ ਸ਼ਹਿਰ ਦੇ ਹੋਰ ਭੀੜ ਵਾਲੇ ਇਲਾਕਿਆਂ ਜਿਵੇਂ ਗੁੜ ਮੰਡੀ, ਪੁਰਾਣਾ ਬੱਸ ਸਟੈਂਡ, ਕੋਹਲੀ ਸਵੀਟਸ ਅਤੇ ਮੋਦੀ ਕਾਲਜ ਚੌਂਕ ਆਦਿ ਬਾਰੇ ਵੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ।

## 341ਵੇਂ ਲੜੀਵਾਰ ਖ਼ੂਨਦਾਨ ਕੈਂਪ 'ਚ 12 ਯੂਨਿਟ ਖ਼ੂਨਦਾਨ

# ਅੱਜ ਦੇ ਯੁੱਗ ਵਿਚ ਸਰੀਰਕ ਤੰਦਰੁਸਤੀ ਕੁਦਰਤੀ ਦਾਤ: ਹਰਦੀਪ ਸਨੌਰ

**ਪਟਿਆਲਾ, 8 ਮਾਰਚ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਮਨੁੱਖਤਾ ਦੇ ਭਲੇ ਲਈ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ 341ਵਾਂ ਰੈਗੂਲਰ ਖੂਨਦਾਨ ਕੈਂਪ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਖੇ ਲਗਾਇਆ ਗਿਆ। ਜਿਸ ਦਾ ਰਸਮੀ ਉਦਘਾਟਨ ਚਰਨਪ੍ਰੀਤ ਸਿੰਘ ਪਟਿਆਲਾ ਨੇ ਆਪਣੇ ਜਨਮ ਦਿਨ ਮੌਕੇ ਖੂਨਦਾਨ ਕਰਕੇ ਕੀਤਾ। ਇਸ ਮੌਕੇ ਪਰਦੀਪ ਸਿੰਘ ਮੁੰਜਾਲ ਕਲਾਂ ਨੇ 21ਵੀਂ ਵਾਰ, ਜੱਗਾ ਸਿੰਘ ਫਤਿਹਪੁਰ ਨੇ 19ਵੀਂ ਵਾਰ, ਜਗਦੀਸ਼ ਸਿੰਘ ਮੰਡੀ ਨੇ 12 ਵੀਂ ਵਾਰ, ਏ. ਐਸ. ਆਈ. ਬਲਜਿੰਦਰ ਸਿੰਘ ਰਾਠੀਆਂ, ਕਰਨਵੀਰ ਵਰਮਾ, ਜੋਗਾ ਸਿੰਘ ਨਰੈਣਗੜ੍ਹ, ਗੁਰਤੇਜ ਸਿੰਘ, ਆਕਾਸ਼ਦੀਪ, ਤੇਜਿੰਦਰ ਤੇਜੀ, ਹਰਦੀਪ ਸਿੰਘ ਝੰਡੀ, ਦਮਨਜੀਤ ਸਿੰਘ ਨੇ ਵੀ ਖੂਨਦਾਨ ਕੀਤਾ। ਖੂਨਦਾਨੀਆਂ ਨੂੰ ਸਰਟੀਫਿਕੇਟ ਤੇ ਮਫਲਰ ਦੇ ਕੇ ਸਨਮਾਨਤ ਕਰਦਿਆਂ ਮਿਸ਼ਨ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਲੋੜਵੰਦ ਮਰੀਜ਼ਾਂ ਲਈ ਖੂਨਦਾਨ ਕਰਨ ਵਾਲੇ ਤੰਦਰੁਸਤ ਨੌਜਵਾਨ ਹੀ ਰੈਗੂਲਰ ਡੋਨਰ ਬਣਨਗੇ ਜੋ ਹਰ ਤਿੰਨ ਜਾਂ ਚਾਰ ਮਹੀਨੇ ਬਾਅਦ ਖੂਨਦਾਨ ਕਰ ਸਕਦੇ ਹਨ।



ਉਨ੍ਹਾਂ ਕਿਹਾ ਕਿ ਖੂਨ ਦਾ ਗਾੜ੍ਹਾਪਣ ਕਈ ਬਿਮਾਰੀਆਂ ਦੀ ਜੜ੍ਹ ਬਣਦਾ ਹੈ, ਇਸ ਲਈ ਸਮੇਂ ਸਿਰ ਆਪਣੇ ਖੂਨ ਦਾ ਹੋਮਿਓਗਲੋਬਿਨ ਚੈੱਕ ਕਰਵਾ ਕੇ ਖੂਨਦਾਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿਸ ਪ੍ਰਕਾਰ ਦੁਨੀਆਂ ਦੇ ਹਾਲਾਤ ਬਣਦੇ ਦਿਖਾਈ ਦੇ ਰਹੇ ਹਨ, ਅਜੋਕੇ ਸਮੇਂ ਸਰੀਰਕ ਤੰਦਰੁਸਤੀ ਨੂੰ ਕੁਦਰਤ ਦੀ ਵੱਡੀ ਦਾਤ ਮੰਨਿਆ ਜਾ ਸਕਦਾ ਹੈ। ਇਸ ਮੌਕੇ ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਅੰਤਰ ਰਾਸ਼ਟਰੀ ਸਿੱਖਿਆ ਸ਼ਾਸ਼ਤਰੀ ਅਨਿਲ ਭਾਰਤੀ, ਠੇਕੇਦਾਰ ਗੁਰਬਚਨ ਸਿੰਘ, ਕ੍ਰਿਪਾਲ ਸਿੰਘ ਪੰਜੋਲਾ, ਹਰਸ਼, ਭਾਈ ਜਰਨੈਲ ਸਿੰਘ ਝੰਡੀ, ਭਾਈ ਰਵਿੰਦਰ ਸਿੰਘ ਭਾਂਖਰ, ਅਮਰੀਕ ਸਿੰਘ, ਸੁਰਜਨ ਸਿੰਘ ਤੇ ਗੁਰਸੇਵਕ ਸਿੰਘ ਵੀ ਹਾਜ਼ਰ ਸਨ।

# ਹੋਲਾ ਮਹੱਲਾ ਤੋ ਬਾਅਦ ਪ੍ਰਸਾਸ਼ਨ ਤੇ ਭੂਰੀ ਵਾਲਿਆਂ ਨੇ ਵਿੱਢੀ ਵਿਆਪਕ ਸਫਾਈ ਮੁਹਿੰਮ

**ਸ੍ਰੀ ਆਨੰਦਪੁਰ ਸਾਹਿਬ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਦਿੱਤਿਆ ਡੇਚਲਵਾਲ ਡਿਪਟੀ ਕਮਿਸ਼ਨਰ ਰੂਪਨਗਰ ਵੱਲੋਂ ਜਾਰੀ ਕੀਤੇ ਨਿਰਦੇਸ਼ਾ ਤਹਿਤ ਨਗਰ ਕੌਂਸਲਾਂ ਦੇ ਸਫਾਈ ਕਰਮਚਾਰੀ ਅਤੇ ਕਾਰ ਸੇਵਾ ਭੂਰੀ ਵਾਲਿਆਂ ਲਗਾਤਾਰ ਹੋਲਾ ਮਹੱਲਾ ਤੋ ਬਾਅਦ ਵੀ ਮੇਲਾ ਖੇਤਰ ਦੀ ਸਫਾਈ ਵਿਚ ਜੁਟੇ ਹੋਏ ਹਨ।

ਹੋਲੇ ਮਹੱਲੇ ਦੇ ਤਿਉਹਾਰ ਤੋ ਬਾਅਦ ਵੀ ਮੇਲਾ ਖੇਤਰ ਨੂੰ ਸਵੱਛ ਰੱਖਣ ਲਈ ਪ੍ਰਸਾਸ਼ਨ ਅਤੇ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵੱਲੋਂ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਗਈ ਹੈ। ਇਸ ਮੌਕੇ ਸੰਤ ਭੂਰੀ ਵਾਲਿਆਂ ਜੀ ਦੀ ਅਗਵਾਈ ਵਿਚ ਦਿਨ ਰਾਤ ਵਿਆਪਕ ਸਫਾਈ ਅਭਿਆਨ ਚਲਾ ਰਹੇ ਹਨ। ਗੁਰੂ ਨਗਰੀ ਦੇ ਬਜ਼ਾਰਾ ਗਲੀਆਂ, ਮੁੱਖ ਮਾਰਗਾਂ ਤੇ ਸੰਪਰਕ ਮਾਰਗਾਂ ਦੀ ਨਿਰੰਤਰ ਸਫਾਈ ਕਰਵਾਈ ਜਾ ਰਹੀ ਹੈ। ਗੁਰਦੀਪ ਸਿੰਘ ਕਾਰਜ ਸਾਧਕ ਅਫਸਰ ਸ੍ਰੀ ਅਨੰਦਪੁਰ ਸਾਹਿਬ ਨੇ ਦੱਸਿਆ ਕਿ ਨਗਰ ਕੋਸਲ ਦੇ ਸਫਾਈ ਕਰਮਚਾਰਿਆਂ ਵੱਲੋਂ ਸਫਾਈ ਅਭਿਆਨ ਜਾਰੀ ਹੈ, ਉਨ੍ਹਾਂ ਨੇ ਕਿਹਾ ਕਿ ਗੁਰੂ ਨਗਰੀ ਦੇ ਰੱਖ ਰਖਾਓ ਤੇ ਸਵੱਛਤਾ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

# ਹਿਊਮਨ ਪੈਪੀਲੋਮਾ ਵਾਇਰਸ ਰੋਕੂ ਟੀਕਾਕਰਨ ਦੀ ਹੋਈ ਸ਼ੁਰੂਆਤ



**ਮਾਛੀਵਾੜਾ ਸਾਹਿਬ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਲੁਧਿਆਣਾ ਡਾ ਰਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ ਜਸਦੇਵ ਸਿੰਘ ਦੀ ਅਗਵਾਈ ਹੇਠ ਸੀ.ਐਚ. ਸੀ. ਮਾਛੀਵਾੜਾ ਸਾਹਿਬ ਵਿਖੇ ਹਿਊਮਨ ਪੈਪੀਲੋਮਾ ਵਾਇਰਸ ਰੋਕੂ ਟੀਕਾਕਰਨ ਦੀ ਸ਼ੁਰੂਆਤ ਕੀਤੀ ਗਈ।

ਐਸ ਐਮ ਓ ਡਾ ਜਸਦੇਵ ਸਿੰਘ ਨੇ ਦੱਸਿਆ ਕਿ ਹਿਊਮਨ ਪੈਪੀਲੋਮਾ ਵਾਇਰਸ ਨੂੰ ਰੋਕਣ ਲਈ ਟੀਕਾਕਰਨ ਦੀ ਸ਼ੁਰੂਆਤ ਕੀਤੀ ਗਈ ਹੈ, ਇਹ ਵਾਇਰਸ ਬੱਚਾਦਾਨੀ ਦੇ ਮੂੰਹ ਦੇ ਕੈਂਸਰ ਦਾ ਮੁੱਖ ਕਾਰਨ ਬਣਦਾ ਹੈ ਅਤੇ ਟੀਕਾਕਰਨ ਕਰਵਾਉਣ ਨਾਲ ਬੱਚੀਆਂ ਨੂੰ ਕੈਂਸਰ ਤੋਂ ਸੁਰੱਖਿਅਤ ਕੀਤਾ ਜਾ ਸਕਦਾ ਹੈ।

ਪਰਦੀਪ ਸਿੰਘ ਬਲਾਕ ਐਜੂਕੇਟਰ ਨੇ ਕਿਹਾ ਕਿ ਮਾਪਿਆਂ ਨੂੰ ਆਪਣਾ ਫਰਜ਼ ਸਮਝਦੇ ਹੋਏ 14 ਤੋਂ 15 ਸਾਲ ਉਮਰ ਦੇ ਵਿਚਕਾਰ ਦੀਆਂ ਧੀਆਂ ਦਾ ਟੀਕਾਕਰਨ ਜਰੂਰ ਕਰਵਾਉਣਾ ਚਾਹੀਦਾ ਹੈ। ਇਸ ਮੌਕੇ ਡਾ ਹਿਤੇਸ਼ ਕੁਲਵੀਰ ਕੌਰ ਐਲ ਐਚ ਵੀ ਗੁਰਜੀਤ ਕੌਰ ਏ ਐਨ ਐਮ ਗੁਰਪ੍ਰੀਤ ਕੌਰ ਕਮਿਊਨਿਟੀ ਹੈਲਥ ਅਫ਼ਸਰ ਤੋਂ ਇਲਾਵਾ ਆਸ਼ਾ ਵਰਕਰਜ਼ ਅਤੇ ਲਾਭਪਾਤਰੀ ਹਾਜ਼ਰ ਸਨ।

# ਸਰਕਾਰੀ ਕੰਨਿਆ ਸਕੂਲ ਮਾਛੀਵਾੜਾ ਸਾਹਿਬ ਦੀਆ ਵਿਦਿਆਰਥਣਾ ਨੇ ਜੈਪੁਰ ਦੇ ਇਤਿਹਾਸਕ ਸਥਾਨਾਂ ਦੀ ਕੀਤੀ ਯਾਤਰਾ



**ਮਾਛੀਵਾੜਾ ਸਾਹਿਬ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਿੰਸੀਪਲ ਹਰਦੀਪ ਕੌਰ ਹਰਦੀਪ ਕੌਰ, ਕਮੇਟੀ ਚੇਅਰਮੈਨ ਸੰਦੀਪ ਕੌਰ ,ਰੀਨਾ ਰਾਣੀ ਲਵਪ੍ਰੀਤ ਕੌਰ ਅਤੇ, ਅਮਨਦੀਪ ਸਿੰਘ ਤਨੇਜਾ, ਦੀ ਅਗਵਾਈ ਵਿੱਚ ਟੂਰ ਰਵਾਨਾ ਕੀਤਾ ਗਿਆ ਜਿਸ ਵਿੱਚ ਮੈਰੀਟੋਰੀਅਸ ਵਿਦਿਆਰਥਣਾ ਨੇ ਭਾਗ ਲਿਆ। ਵਿਦਿਆਰਥਣਾ ਲਈ ਬਹੁਤ ਹੀ ਵਧੀਆ ਢੰਗ ਨਾਲ ਰਹਿਣ ਦਾ ਅਤੇ ਖਾਣ ਪੀਣ ਅਤੇ ਘੁੰਮਣ ਫਿਰਨ ਅਤੇ ਮਨੋਰੰਜਨ ਦਾ ਬਹੁਤ ਵਧੀਆ ਪ੍ਰਬੰਧ ਕੀਤਾ ਗਿਆ ਵਿਦਿਆਰਥਣਾਂ ਨੂੰ ਜੈਪੁਰ ਵਿੱਚ ਸਥਿਤ ਇਤਿਹਾਸਿਕ ਸਥਾਨਾਂ ਦੀ ਜਾਣਕਾਰੀ ਦੇਣ ਲਈ ਇੱਕ ਗਾਈਡ ਅਧਿਆਪਕ ਮੁਹਈਆ ਕਰਵਾਇਆ ਗਿਆ ।

ਵਿਦਿਆਰਥਣਾ ਨੇ ਜੈਪੁਰ ਵਿੱਚ ਅਮਰ ਪੈਲੇਸ , ਜਲ ਮਹਿਲ ਕਣਕ ਬਾਗ ਹੱਥ ਬਣਤ ਮਾਰਕੀਟ, ਐਲਬਰਟ ਮਿਊਜੀਅਮ , ਤਾਰਾ ਮੰਡਲ ਸੋਅ, ਜੰਤਰ ਮੰਤਰ, ਹਵਾ ਮਹਿਲ , ਪਿੰਕ ਸਿਟੀ , ਚੌਖ਼ਾ ਪੰਜਾਬ, ਵਰਲਡ ਟਰੇਡ ਮਾਲ ,ਚਿੜੀਆ ਘਰ , ਅਤੇ ਕਈ ਹੋਰ ਸਥਾਨ ਦਿਖਾਏ ਗਏ , ਇਸ ਤੋਂ ਇਲਾਵਾ ਵਿਦਿਆਰਥਣਾ ਨੂੰ ਜੈਪੁਰ ਵਿੱਚ ਸਥਿਤ ਗੁਰਦੁਆਰਾ ਸਾਹਿਬ ਅਤੇ ਵੱਖ ਵੱਖ ਮਾਰਕੀਟਾਂ ਵੀ ਦਿਖਾਈਆਂ ਗਈਆਂ ਅਤੇ ਅਖੀਰ ਵਿੱਚ ਵਿਦਿਆਰਥਣਾ ਨੇ ਪੰਜਾਬ ਸਰਕਾਰ ਅਤੇ ਸਕੂਲ ਸਿੱਖਿਆ ਬੋਰਡ ਦਾ ਇਹ ਟੂਰ ਕਰਾਉਣ ਤੇ ਬਹੁਤ ਬਹੁਤ ਧੰਨਵਾਦ ਕੀਤਾ ਅਤੇ ਵਿਦਿਆਰਥਣਾਂ ਵੱਲੋਂ ਕਿਹਾ ਗਿਆ ਕਿ ਸਰਕਾਰ ਨੂੰ ਇਹੋ ਜਿਹੇ ਟੂਰ ਕਰਵਾਉਣੇ ਚਾਹੀਦੇ ਹਨ ਜੋ ਕਿ ਵਧੀਆ ਪੜ ਰਹੇ ਬੱਚਿਆਂ ਨੂੰ ਆਪਣੇ ਇਤਿਹਾਸਕ ਬਾਰੇ ਜਾਣਕਾਰੀ ਮਿਲੇ, ਇਸ ਟੂਰ ਵਿੱਚ ਪ੍ਰਿੰਸੀਪਲ ਹਰਦੀਪ ਕੌਰ , ਗੁਰਮੀਤ ਸਿੰਘ , ਗੁਰਪ੍ਰੀਤ ਸਿੰਘ ਅਤੇ ਬਲਜੀਤ ਕੌਰ ਅਧਿਆਪਕ ਇਸ ਟੂਰ ਵਿੱਚ ਵਿਦਿਆਰਥਣਾਂ ਦੇ ਨਾਲ ਸ਼ਾਮਿਲ ਸਨ।

# ਰਾਜੇਸ਼ਵਰੀ ਸੇਵਾ ਦਲ ਅਤੇ ਸ਼੍ਰੀ ਮਹਾ ਪੰਜਾਬ ਸੇਵਾ ਸੰਘ ਵੱਲੋਂ ਅਪਾਹਜ ਆਸ਼ਰਮ ਵਿੱਚ ਧੂਮ-ਧਾਮ ਨਾਲ ਮਨਾਈ ਗਈ ਹੋਲੀ




**ਪਟਿਆਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਦੀਆਂ ਪ੍ਰਮੁੱਖ ਸਮਾਜ ਸੇਵੀ ਸੰਸਥਾਵਾਂ ਸ਼੍ਰੀ ਰਾਜੇਸ਼ਵਰੀ ਸੇਵਾ ਦਲ ਪਟਿਆਲਾ ਅਤੇ ਸ਼੍ਰੀ ਮਹਾ ਪੰਜਾਬ ਸੇਵਾ ਸੰਘ ਪਟਿਆਲਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਹੋਲੀ ਦਾ ਤਿਉਹਾਰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਪ੍ਰੋਗਰਾਮ ਰਾਜਪੁਰਾ ਰੋਡ 'ਤੇ ਸਥਿਤ ਦਸੌਂਧੀ ਰਾਮ ਵੀਰ ਜੀ ਅਪਾਹਜ ਆਸ਼ਰਮ ਵਿਖੇ ਆਯੋਜਿਤ ਕੀਤਾ ਗਿਆ, ਜਿੱਥੇ ਸੰਸਥਾ ਦੇ ਮੈਂਬਰਾਂ ਨੇ ਆਸ਼ਰਮ ਦੇ ਨਿਵਾਸੀਆਂ ਨਾਲ ਰੰਗਾਂ ਦੀ ਖੁਸ਼ੀ ਸਾਂਝੀ ਕੀਤੀ।

ਇਸ ਖੁਸ਼ੀ ਦੇ ਮੌਕੇ 'ਤੇ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੇਅਰ ਨੇ ਆਸ਼ਰਮ ਵਿੱਚ ਰਹਿ ਰਹੇ ਲੋਕਾਂ ਨਾਲ ਹੋਲੀ ਖੇਡੀ ਅਤੇ ਉਨ੍ਹਾਂ ਦਾ ਹਾਲ-ਚਾਲ ਜਾਣਿਆ। ਉਨ੍ਹਾਂ ਸੰਸਥਾਵਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਸਲੀ ਤਿਉਹਾਰ ਉਹੀ ਹੈ ਜੋ ਲੋੜਵੰਦਾਂ ਦੇ ਚਿਹਰਿਆਂ 'ਤੇ ਮੁਸਕਾਨ ਲੈ ਕੇ ਆਵੇ।

ਮੇਅਰ ਕੁੰਦਨ ਗੋਗੀਆ ਨੇ ਹੋਰ ਕਿਹਾ ਕਿ ਤਿਉਹਾਰਾਂ ਦੀ ਅਸਲੀ ਖ਼ੁਸ਼ੀ ਸਾਂਝੀਵਾਲਤਾ ਵਿੱਚ ਹੀ ਹੈ। ਉਹਨਾਂ ਕਿਹਾ ਕਿ ਇਸ ਆਸ਼ਰਮ ਵਿੱਚ ਆ ਕੇ ਜੋ ਸਕੂਨ ਮਿਲਿਆ ਹੈ, ਉਹ ਬਿਆਨ ਨਹੀਂ ਕੀਤਾ ਜਾ ਸਕਦਾ। ਸਮਾਜ ਦੇ ਲੋੜਵੰਦ ਅਤੇ ਅਪਾਹਜ ਵੀਰਾਂ-ਭੈਣਾਂ ਨਾਲ ਹੋਲੀ ਮਨਾਉਣਾ ਸਾਨੂੰ ਇਨਸਾਨੀਅਤ ਦੀ ਸੇਵਾ ਦਾ ਸਬਕ ਦਿੰਦਾ ਹੈ। ਮੇਅਰ ਨੇ ਅੱਗੇ ਕਿਹਾ ਕਿ ਸ਼੍ਰੀ ਰਾਜੇਸ਼ਵਰੀ ਸੇਵਾ ਦਲ ਅਤੇ ਮਹਾ ਪੰਜਾਬ ਸੇਵਾ ਸੰਘ ਵਰਗੀਆਂ ਸੰਸਥਾਵਾਂ ਪਟਿਆਲਾ ਦੀ ਸ਼ਾਨ ਹਨ, ਜੋ ਹਰ ਖ਼ੁਸ਼ੀ ਦੇ ਮੌਕੇ 'ਤੇ ਅਜਿਹੇ ਨੇਕ ਕਾਰਜ ਕਰਦੀਆਂ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਨਗਰ ਨਿਗਮ ਅਜਿਹੀਆਂ ਸਮਾਜ ਸੇਵੀ ਸੰਸਥਾਵਾਂ ਦੇ ਹਰ ਕਾਰਜ ਵਿੱਚ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ ਤਾਂ ਜੋ ਸ਼ਹਿਰ ਦੇ ਹਰ ਵਰਗ ਤੱਕ ਖ਼ੁਸ਼ੀਆਂ ਪਹੁੰਚਾਈਆਂ ਜਾ ਸਕਣ।

ਪ੍ਰੋਗਰਾਮ ਦੌਰਾਨ ਮਹਾ ਪੰਜਾਬ ਸੇਵਾ ਸੰਘ ਪੰਜਾਬ ਦੇ ਪ੍ਰਧਾਨ ਬਲਜਿੰਦਰ ਧੀਮਾਨ, ਮਹਾਂ ਸਕੱਤਰ ਗੈਰੀ ਗਿੱਲ ਅਤੇ ਪ੍ਰੈੱਸ ਸਕੱਤਰ ਕੇਵਲ ਕ੍ਰਿਸ਼ਨ ਜੀ ਨੇ ਸ਼ਮੂਲੀਅਤ ਕੀਤੀ। ਇਸੇ ਤਰ੍ਹਾਂ ਸ਼੍ਰੀ ਰਾਜੇਸ਼ਵਰੀ ਸੇਵਾ ਦਲ ਪੰਜਾਬ (ਰਜਿ.) ਪਟਿਆਲਾ ਦੇ ਪ੍ਰਧਾਨ ਸੁਰਜੀਤ ਕੁਮਾਰ ਯਾਦਵ, ਮਹਾਂ ਸਕੱਤਰ ਨੀਰਜ ਕੁਮਾਰ ਅਤੇ ਸਕੱਤਰ ਨੀਰਜ ਗੋਇਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹੋਲੀ ਦੇ ਜਸ਼ਨ ਵਿੱਚ ਜਗਜੀਤ ਸਿੰਘ, ਜਿਪਸਾ, ਪ੍ਰੀਤੀ, ਪੂਜਾ, ਅਭਿਸ਼ੇਕ ਗੋਇਲ, ਸੁਮਿਤ ਕੁਮਾਰ, ਪ੍ਰਵੀਨ ਕੁਮਾਰ, ਮੁਨੀਸ਼, ਹਨੀ, ਪ੍ਰਦੀਪ ਕੁਮਾਰ, ਹਿਮਾਂਸ਼ੂ ਬਾਂਸਲ, ਸਤਿੰਦਰ ਸ਼ਰਮਾ, ਵਾਸੂ ਸ਼ਰਮਾ, ਦੇਵ ਸ਼ਰਮਾ, ਪੁਸ਼ਯ, ਪੁਨੀਤ ਅਤੇ ਸੰਸਥਾ ਦੇ ਹੋਰ ਮੈਂਬਰਾਂ ਨੇ ਵੀ ਵੱਧ-ਚੜ੍ਹ ਕੇ ਹਿੱਸਾ ਲਿਆ। ਸੰਸਥਾਵਾਂ ਵੱਲੋਂ ਆਸ਼ਰਮ ਦੇ ਨਿਵਾਸੀਆਂ ਲਈ ਮਿਠਾਈਆਂ ਅਤੇ ਖਾਣ-ਪੀਣ ਦਾ ਵਿਸ਼ੇਸ਼ ਪ੍ਰਬੰਧ ਵੀ ਕੀਤਾ ਗਿਆ ਸੀ।

# ਬੇਰੁਜ਼ਗਾਰ ਮਲਟੀ ਪਰਪਜ਼ ਹੈਲਥ ਵਰਕਰ ਮੇਲ ਯੂਨੀਅਨ ਵੱਲੋਂ 270 ਪੋਸਟਾਂ ਦੇ ਨਿਯੁਕਤੀ ਪੱਤਰ ਜਲਦੀ ਕਰਨ ਦੀ ਮੰਗ




**ਪਟਿਆਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਯੂਨੀਅਨ ਦੇ ਸੂਬਾ ਪ੍ਰਧਾਨ ਹਰਵਿੰਦਰ ਸਿੰਘ ਬੂਹੀ ਵਲੋਂ ਦੱਸਿਆ ਗਿਆ ਹੈ ਕਿ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਵੱਲੋਂ ਕੱਢੀ ਗਈ MPHW (Male) ਦੀਆਂ 270 ਅਸਾਮੀਆਂ ਦਾ ਪੇਪਰ ਲਿਆ ਗਿਆ ਸੀ, ਅਤੇ ਉਸ ਦਾ ਰਿਜਲਟ ਵੀ ਬਾਬਾ ਫ਼ਰੀਦ ਯੂਨੀਵਰਸਿਟੀ ਵੱਲੋਂ ਜਾਰੀ ਕਰ ਦਿੱਤਾ ਗਿਆ ਸੀ, ਪਰ ਅਜੇ ਤੱਕ ਸਿਲੇਕਟ 270 ਸਾਥੀਆਂ ਨੂੰ ਜੁਆਇੰਨਿੰਗ ਲੈਟਰ ਜਾਰੀ ਨਹੀਂ ਕੀਤੇ ਗਏ।ਇਹ ਗੱਲ ਸਿਹਤ ਮੰਤਰੀ ਜੀ ਦੇ ਧਿਆਨ ਵਿੱਚ ਲਿਆਉਣਾ ਜ਼ਰੂਰੀ ਹੈ ਕਿ ਸਿਹਤ ਵਿਭਾਗ ਵਿੱਚ ਮੈਦਾਨੀ ਪੱਧਰ 'ਤੇ ਕਰਮਚਾਰੀਆਂ ਦੀ ਭਾਰੀ ਘਾਟ ਹੈ ਅਤੇ ਦੂਜੇ ਪਾਸੇ ਮੇਰਿਟ ਅਨੁਸਾਰ ਚੁਣੇ ਗਏ ਉਮੀਦਵਾਰ ਬਿਨਾਂ ਕਿਸੇ ਵਜ੍ਹਾ ਦੇ ਬੇਰੁਜ਼ਗਾਰੀ ਦਾ ਸਾਹਮਣਾ ਕਰ ਰਹੇ ਹਨ। ਇਹ ਸਥਿਤੀ ਨਾ ਸਿਰਫ਼ ਉਮੀਦਵਾਰਾਂ ਨਾਲ ਅਨਿਆਂ ਹੈ, ਸਗੋਂ ਸਰਕਾਰੀ ਸਿਹਤ ਸੇਵਾਵਾਂ 'ਤੇ ਵੀ ਨਕਾਰਾਤਮਕ ਪ੍ਰਭਾਵ ਪਾ ਰਹੀ ਹੈ, ਅਸੀਂ ਇਸ ਸੰਬੰਧੀ ਵਾਰ ਵਾਰ ਮਾਨਯੋਗ ਡਾਇਰੈਕਟਰ ਸਾਹਿਬ ਸਿਹਤ ਅਤੇ ਪਰਿਵਾਰ ਭਲਾਈ ਨੂੰ ਮਿਲ ਕੇ ਆਪਣੀ ਮੰਗ ਤੋਂ ਜਾਣੂ ਕਰਵਾ ਚੁੱਕੇ ਹਾਂ , ਪਰ ਲਗਾਤਾਰ ਨਿਯੁਕਤੀ ਪੱਤਰ ਜਾਰੀ ਕਰਨ ਵਿੱਚ ਦੇਰੀ ਕੀਤੀ ਜਾ ਰਹੀ ਹੈ। ਇਸ ਲਈ ਅਸੀਂ ਮੇਰਿਟ ਸੂਚੀ ਵਿੱਚ ਸ਼ਾਮਲ ਸਾਰੇ ਯੋਗ ਉਮੀਦਵਾਰਾਂ ਨੂੰ ਤੁਰੰਤ ਨਿਯੁਕਤੀ ਪੱਤਰ ਜਾਰੀ ਕਰਵਾਉਣ ਲਈ 18 ਮਾਰਚ ਨੂੰ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਹੈ ਤਾਂ ਜੋ ਜਾਇਜ ਮੰਗਾਂ ਜਲਦੀ ਤੋਂ ਜਲਦੀ ਹੱਲ ਕਰਵਾਈਆਂ ਜਾ ਸਕਣ। ਇਸ ਮੌਕੇ ਰਾਜ ਸੰਗਤੀਵਾਲਾ, ਨਾਹਰ ਸਿੰਘ, ਲਖਵਿੰਦਰ ਸਿੰਘ, ਸਾਹਿਬ ਸਿੰਘ, ਰਵਿੰਦਰ ਸਿੰਘ ਅਜਨਾਲਾ, ਨੀਰਜ਼ ਕੁਮਾਰ, ਵਿਕਰਮ ਫਿਰੋਜ਼ਪੁਰ, ਨਵਦੀਪ ਸਿੰਘ, ਗਗਨਦੀਪ ਸਿੰਘ, ਹਰਮਨ ਸਿੰਘ, ਦੀਪ ਸਿੰਘ, ਜਗਤਾਰ ਸਿੰਘ, ਮਨਪ੍ਰੀਤ ਸਿੰਘ, ਮੇਜਰ ਪਾਤੜਾਂ, ਮਨਦੀਪ ਝੁਨੀਰ, ਹਰਕੀਰਤ ਸਿੰਘ, ਸਤਵੀਰ ਸਿੰਘ, ਭੁਪਿੰਦਰ ਸੁਨਾਮ, ਗੁਰਪਿਆਰ ਸਿੰਘ ਮਾਨਸਾ ਆਦਿ ਹਾਜ਼ਰ ਸਨ।

# ਆਯੂਸ਼ ਯੂਨੀਵਰਸਿਟੀ ’ਚ ਫੁੱਲਾਂ ਨਾਲ ਹੋਲੀ ਖੇਡੀ



**ਸ਼ਾਹਬਾਦ ਮਾਰਕੰਡਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਕ੍ਰਿਸ਼ਨ ਆਯੂਸ਼ ਯੂਨੀਵਰਸਿਟੀ ਵਿੱਚ ਰੰਗਾਂ ਦਾ ਤਿਉਹਾਰ ਹੋਲੀ ਬੜੇ ਉਤਸ਼ਾਹ ਅਤੇ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਾਈਸ ਚਾਂਸਲਰ ਪ੍ਰੋ. ਵੈਦਿਆ ਕਰਤਾਰ ਸਿੰਘ ਧੀਮਾਨ ਅਤੇ ਰਜਿਸਟਰਾਰ ਪ੍ਰੋ. ਬ੍ਰਿਜੇਂਦਰ ਸਿੰਘ ਤੋਮਰ ਨੇ ਅਧਿਆਪਕਾਂ, ਸਟਾਫ ਅਤੇ ਵਿਦਿਆਰਥੀਆਂ ਨਾਲ ਫੁੱਲਾਂ ਤੇ ਗੁਲਾਲ ਨਾਲ ਹੋਲੀ ਖੇਡੀ ਅਤੇ ਸਾਰਿਆਂ ਨੂੰ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।

ਸਮਾਗਮ ਦੌਰਾਨ ਵਿਦਿਆਰਥੀਆਂ ਨੇ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ। ਨਾਚ, ਗੀਤ, ਕਵਿਤਾਵਾਂ ਅਤੇ ਦੋਹਿਆਂ ਦੀ ਪੇਸ਼ਕਾਰੀ ਨੇ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ ਅਤੇ ਪੂਰਾ ਕੈਂਪਸ ਰੰਗਾਂ, ਹਾਸਿਆਂ ਤੇ ਉਤਸ਼ਾਹ ਨਾਲ ਭਰ ਗਿਆ।

ਆਪਣੇ ਸੰਬੋਧਨ ਵਿੱਚ ਵਾਈਸ ਚਾਂਸਲਰ ਪ੍ਰੋ. ਧੀਮਾਨ ਨੇ ਭਗਤ ਪ੍ਰਹਿਲਾਦ ਦੀ ਕਥਾ ਦਾ ਹਵਾਲਾ ਦਿੰਦਿਆਂ ਕਿਹਾ ਕਿ ਹੋਲੀ ਸਿਰਫ ਰੰਗਾਂ ਦਾ ਤਿਉਹਾਰ ਨਹੀਂ, ਸਗੋਂ ਸੱਚ, ਵਿਸ਼ਵਾਸ ਅਤੇ ਸਕਾਰਾਤਮਕਤਾ ਦੀ ਜਿੱਤ ਦਾ ਪ੍ਰਤੀਕ ਹੈ। ਉਨ੍ਹਾਂ ਪ੍ਰੇਰਨਾ ਦਿੱਤੀ ਕਿ ਜਿਵੇਂ ਭਗਤ ਪ੍ਰਹਿਲਾਦ ਨੇ ਔਖੇ ਹਾਲਾਤ ਵਿੱਚ ਵੀ ਆਪਣਾ ਸਿਦਕ ਨਹੀਂ ਛੱਡਿਆ, ਉਸੇ ਤਰ੍ਹਾਂ ਸਾਨੂੰ ਵੀ ਜੀਵਨ ਵਿੱਚ ਪਿਆਰ, ਸਦਭਾਵਨਾ ਅਤੇ ਏਕਤਾ ਦਾ ਪੱਲਾ ਫੜਨਾ ਚਾਹੀਦਾ ਹੈ।

ਰਜਿਸਟਰਾਰ ਪ੍ਰੋ. ਬ੍ਰਿਜੇਂਦਰ ਸਿੰਘ ਤੋਮਰ ਨੇ ਕਿਹਾ ਕਿ ਅਜਿਹੇ ਸਮਾਗਮ ਸੰਸਥਾ ਵਿੱਚ ਪਰਿਵਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ। ਇਸ ਮੌਕੇ ਇੰਸਟੀਚਿਊਟ ਆਫ ਆਯੁਰਵੈਦਿਕ ਸਟੱਡੀਜ਼ ਐਂਡ ਰਿਸਰਚ ਦੇ ਪ੍ਰਿੰਸੀਪਲ ਪ੍ਰੋ. ਆਸ਼ੀਸ਼ ਮਹਿਤਾ, ਮੈਡੀਕਲ ਸੁਪਰਡੈਂਟ ਪ੍ਰੋ. ਰਾਜਾ ਸਿੰਗਲਾ, ਪ੍ਰੋ. ਵਿਦੂਸ਼ੀ ਤਿਆਗੀ, ਡਾ. ਸੁਧੀਰ ਮਲਿਕ, ਪ੍ਰੋ. ਅਮਿਤ ਕਟਾਰੀਆ, ਪ੍ਰੋ. ਮਨੋਜ ਤੰਵਰ ਅਤੇ ਪ੍ਰੋ. ਸ਼ੀਤਲ ਸਿੰਗਲਾ ਸਮੇਤ ਵੱਡੀ ਗਿਣਤੀ ਵਿੱਚ ਸਟਾਫ ਮੈਂਬਰ ਹਾਜ਼ਰ ਸਨ।

ਸ਼ਾਹਬਾਦ ਮਾਰਕੰਡਾ (ਪੱਤਰ ਪ੍ਰੇਰਕ): ਰੋਟਰੀ ਕਲੱਬ ਵੱਲੋਂ ਲਾਡਵਾ ਰੋਡ ਸਥਿਤ ਰਿਜ਼ੋਰਟ ਵਿੱਚ ਹੋਲੀ ਮਨਾਈ ਗਈ। ਇਸ ਸਮਾਗਮ ਦੌਰਾਨ ਕਲੱਬ ਦੇ ਮੈਂਬਰਾਂ ਨੇ ਆਪਣੇ ਪਰਿਵਾਰਾਂ ਸਮੇਤ ਸ਼ਮੂਲੀਅਤ ਕੀਤੀ ਅਤੇ ਫੁੱਲਾਂ ਦੀ ਹੋਲੀ ਖੇਡੀ। ਲਾਈਵ ਬੈਂਡ ਦੇ ਸੰਗੀਤ ਅਤੇ ਦਿਲਚਸਪ ਖੇਡਾਂ, ਖਾਸ ਕਰਕੇ ਤੰਬੋਲਾ ਨੇ ਸਾਰਿਆਂ ਦਾ ਮਨ ਮੋਹ ਲਿਆ। ਕਲੱਬ ਦੇ ਪ੍ਰਧਾਨ ਡਾ. ਆਰ ਐੱਸ ਘੁੰਮਣ ਨੇ ਕਿਹਾ ਕਿ ਹੋਲੀ ਸਿਰਫ਼ ਰੰਗਾਂ ਦਾ ਹੀ ਨਹੀਂ, ਸਗੋਂ ਸਮਾਜਿਕ ਬਰਾਬਰੀ, ਭਾਈਚਾਰੇ ਅਤੇ ਆਪਸੀ ਵਿਸ਼ਵਾਸ ਦਾ ਪ੍ਰਤੀਕ ਹੈ। ਪ੍ਰਾਜੈਕਟ ਚੇਅਰਮੈਨ ਚੰਦਰ ਸ਼ੇਖਰ ਨੇ ਦੱਸਿਆ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਮੈਂਬਰਾਂ ਦੇ ਆਪਸੀ ਸਬੰਧਾਂ ਨੂੰ ਮਜ਼ਬੂਤ ਕਰਨਾ ਅਤੇ ਇੱਕ ਸਾਂਝਾ ਮੰਚ ਪ੍ਰਦਾਨ ਕਰਨਾ ਸੀ। ਕਲੱਬ ਸਕੱਤਰ ਵਿਕਰਮ ਗੁਪਤਾ ਨੇ ਕਿਹਾ ਕਿ ਰੋਟਰੀ ਸਿਰਫ਼ ਸੇਵਾ ਹੀ ਨਹੀਂ, ਸਗੋਂ ਭਾਈਚਾਰਕ ਸਾਂਝ ਨੂੰ ਵੀ ਤਰਜੀਹ ਦਿੰਦਾ ਹੈ।

# ਮੰਦਰ ਦੇ ਫੁੱਲਾਂ ਤੋਂ ਤਿਆਰ ਗੁਲਾਲ ਦੀ ਸ਼ਲਾਘਾ

**ਫਰੀਦਾਬਾਦ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰੀ ਮੰਤਰੀ ਮਨੋਹਰ ਲਾਲ ਖੱਟਰ ਨੇ ਵਿਕਟੋਰਾ ਲਾਈਫ ਫਾਊਂਡੇਸ਼ਨ ਵੱਲੋਂ ਚਲਾਈ ਜਾ ਰਹੀ ‘ਕਚਰੇ ਸੇ ਕੰਚਨ’ ਪਹਿਲਕਦਮੀ ਦੀ ਸ਼ਲਾਘਾ ਕੀਤੀ ਹੈ। ਇਸ ਮੁਹਿੰਮ ਤਹਿਤ ਮੰਦਰਾਂ ਵਿੱਚ ਚੜ੍ਹਾਏ ਜਾਣ ਵਾਲੇ ਫੁੱਲਾਂ ਦੀ ਮੁੜ ਵਰਤੋਂ ਕਰ ਕੇ ਕੁਦਰਤੀ ਗੁਲਾਲ ਤਿਆਰ ਕੀਤਾ ਜਾ ਰਿਹਾ ਹੈ।



ਖੱਟਰ ਨੇ ਇਸ ਨੂੰ ਨਵੀਨਤਾ ਅਤੇ ਸਮਾਜ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਫੈਲਾਉਣ ਦੀ ਇੱਕ ਮਿਸਾਲੀ ਕੋਸ਼ਿਸ਼ ਕਰਾਰ ਦਿੱਤਾ। ਪ੍ਰਾਜੈਕਟ ਡਾਇਰੈਕਟਰ ਸਤੇਂਦਰ ਸਿੰਘ ਬੰਗਾ ਨੇ ਕੇਂਦਰੀ ਮੰਤਰੀ ਨਾਲ ਮੁਲਾਕਾਤ ਦੌਰਾਨ ਦੱਸਿਆ ਕਿ ਮੰਦਰਾਂ ਤੋਂ ਇਕੱਠੇ ਕੀਤੇ ਫੁੱਲਾਂ ਨੂੰ ਧਿਆਨ ਨਾਲ ਸੁਕਾ ਕੇ ਉਨ੍ਹਾਂ ਦੀਆਂ ਪੱਤੀਆਂ ਨੂੰ ਬਾਰੀਕ ਪੀਸ ਕੇ ਗੁਲਾਲ ਤਿਆਰ ਕੀਤਾ ਜਾਂਦਾ ਹੈ। ਇਸ ਪੂਰੀ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੇ ਹਾਨੀਕਾਰਕ ਰਸਾਇਣ ਦੀ ਵਰਤੋਂ ਨਹੀਂ ਕੀਤੀ ਜਾਂਦੀ, ਜਿਸ ਕਾਰਨ ਇਹ ਗੁਲਾਲ ਚਮੜੀ ਅਤੇ ਵਾਤਾਵਰਣ ਦੋਵਾਂ ਲਈ ਪੂਰੀ ਤਰ੍ਹਾਂ ਸੁਰੱਖਿਅਤ ਹੈ। ਸ੍ਰੀ ਬੰਗਾ ਨੇ ਕਿਹਾ ਕਿ ਇਹ ਪਹਿਲ ਸਮਾਜ ਨੂੰ ਦੋਹਰਾ ਫਾਇਦਾ ਦੇ ਰਹੀ ਹੈ। ਇੱਕ ਪਾਸੇ ਜਿੱਥੇ ਲੋਕ ਕੁਦਰਤੀ ਗੁਲਾਲ ਨਾਲ ਸਿਹਤਮੰਦ ਅਤੇ ਸੁਰੱਖਿਅਤ ਹੋਲੀ ਖੇਡ ਸਕਣਗੇ, ਉੱਥੇ ਦੂਜੇ ਪਾਸੇ ਮੰਦਰਾਂ ਦੇ ਫੁੱਲਾਂ ਦੀ ਸਹੀ ਵਰਤੋਂ ਨਾਲ ਗੰਦਗੀ ਘਟੇਗੀ ਅਤੇ ਸਫਾਈ ਨੂੰ ਹੁਲਾਰਾ ਮਿਲੇਗਾ। ਕੇਂਦਰੀ ਮੰਤਰੀ ਨੇ ਇਸ ਉਪਰਾਲੇ ਨੂੰ ਹੋਰ ਅੱਗੇ ਵਧਾਉਣ ਲਈ ਹੌਸਲਾ ਅਫ਼ਜ਼ਾਈ ਕੀਤੀ।

# ਜੁਡੀਸ਼ਲ ਕਮਿਸ਼ਨ ਨੂੰ ਬਜਟ ਪਾਸ ਕਰਨ ਦੀ ਅਪੀਲ

**ਸ਼ਾਹਬਾਦ ਮਾਰਕੰਡਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀ ਕਾਰਜਕਾਰਨੀ ਦੀ ਅਹਿਮ ਮੀਟਿੰਗ ਕੁਰੂਕਸ਼ੇਤਰ ਸਥਿਤ ਸੰਸਥਾ ਦੇ ਮੁੱਖ ਦਫ਼ਤਰ ਵਿੱਚ ਹੋਈ। ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਪਿਛਲੇ ਸਮੇਂ ਦੌਰਾਨ ਕੀਤੇ ਗਏ ਕਾਰਜਾਂ ’ਤੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਸਰਬਸੰਮਤੀ ਨਾਲ ਉਨ੍ਹਾਂ ’ਤੇ ਮਨਜ਼ੂਰੀ ਦੀ ਮੋਹਰ ਲਾਈ ਗਈ।

ਮੀਟਿੰਗ ਦੌਰਾਨ ਜਥੇਦਾਰ ਝੀਂਡਾ ਨੇ ਕਮੇਟੀ ਮੈਂਬਰਾਂ ਇੰਦਰਜੀਤ ਸਿੰਘ, ਹਰਮਨਪ੍ਰੀਤ ਸਿੰਘ, ਕੁਲਦੀਪ ਸਿੰਘ ਫੱਗੂ, ਬਲਵਿੰਦਰ ਸਿੰਘ ਖਾਲਸਾ ਅਤੇ ਮੋਹਨਜੀਤ ਸਿੰਘ ਪਾਣੀਪਤ ਨਾਲ ਗੁਰੂ ਘਰਾਂ ਦੇ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣ ਲਈ ਡੂੰਘੀ ਵਿਚਾਰ-ਚਰਚਾ ਕੀਤੀ। ਉਨ੍ਹਾਂ ਦੱਸਿਆ ਕਿ ਕਾਰਜਕਾਰਨੀ ਕਮੇਟੀ ਨੇ ਪਿਛਲੇ ਸਾਰੇ ਫੈਸਲਿਆਂ ਅਤੇ ਕੰਮਾਂ ਦੀ ਪ੍ਰੋੜ੍ਹਤਾ ਕੀਤੀ ਹੈ। ਜਥੇਦਾਰ ਝੀਂਡਾ ਨੇ ਹਰਿਆਣਾ ਸਿੱਖ ਗੁਰਦੁਆਰਾ ਜੁਡੀਸ਼ੀਅਲ ਕਮਿਸ਼ਨ ਨੂੰ ਅਪੀਲ ਕੀਤੀ ਕਿ ਉਹ ਸੰਸਥਾ ਦਾ ਬਜਟ ਜਲਦ ਪਾਸ ਕਰੇ। ਉਨ੍ਹਾਂ ਚਿੰਤਾ ਜ਼ਾਹਰ ਕੀਤੀ ਕਿ ਬਜਟ ਪਾਸ ਨਾ ਹੋਣ ਕਾਰਨ ਹਰਿਆਣਾ ਕਮੇਟੀ ਦੇ ਵਿਕਾਸ ਕਾਰਜ ਅਤੇ ਰੋਜ਼ਮਰਾ ਦੇ ਕੰਮ ਪ੍ਰਭਾਵਿਤ ਹੋ ਸਕਦੇ ਹਨ, ਇਸ ਲਈ ਕਮਿਸ਼ਨ ਨੂੰ ਇਸ ਪਾਸੇ ਤੁਰੰਤ ਧਿਆਨ ਦੇਣਾ ਚਾਹੀਦਾ ਹੈ।

ਇਸ ਮੌਕੇ ਜਨਰਲ ਸਕੱਤਰ ਹਰਜੀਤ ਸਿੰਘ ਰਾਨੀਆ, ਸੰਯੁਕਤ ਸਕੱਤਰ ਬਲਵਿੰਦਰ ਸਿੰਘ ਭਿੰਡਰ, ਕਾਰਜਕਾਰਨੀ ਮੈਂਬਰ ਜਥੇਦਾਰ ਕਰਨੈਲ ਸਿੰਘ ਨਿਮਨਾਬਾਦ, ਪਲਵਿੰਦਰ ਸਿੰਘ, ਕੁਲਦੀਪ ਸਿੰਘ ਮੁਲਤਾਨੀ, ਰੁਪਿੰਦਰ ਸਿੰਘ, ਚੀਫ ਸੈਕਟਰੀ ਜਸਵਿੰਦਰ ਸਿੰਘ ਦੀਨਪੁਰ, ਵਧੀਕ ਸਕੱਤਰ ਰਾਜਪਾਲ ਸਿੰਘ ਦੂਨੀਆਂ ਮਾਜਰਾ, ਨਰਿੰਦਰ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੀਤ ਸਕੱਤਰ ਅਮਰਿੰਦਰ ਸਿੰਘ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ। ਮੀਟਿੰਗ ਦੌਰਾਨ ਸਾਰੇ ਮੈਂਬਰਾਂ ਨੇ ਕਮੇਟੀ ਦੇ ਕੰਮਕਾਜ ਨੂੰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਚਲਾਉਣ ਦਾ ਅਹਿਦ ਲਿਆ।

# ਸੇਵਾਮੁਕਤ ਪ੍ਰਿੰਸੀਪਲਾਂ ਤੇ ਅਧਿਆਪਕਾਂ ਨੇ ਸਮੇਂ ਸਿਰ ਪੈਨਸ਼ਨ ਮੰਗੀ

**ਯਮੁਨਾਨਗਰ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਰਿਟਾਇਰਡ ਕਾਲਜ ਪ੍ਰਿੰਸੀਪਲ ਐਂਡ ਟੀਚਰਜ਼ ਐਸੋਸੀਏਸ਼ਨ (ਆਰ ਸੀ ਪੀ ਟੀ ਏ) ਹਰਿਆਣਾ ਦੇ ਯਮੁਨਾਨਗਰ ਜ਼ੋਨ ਦੀ ਮੀਟਿੰਗ ਗੁਰੂ ਨਾਨਕ ਗਰਲਜ਼ ਕਾਲਜ, ਸੰਤਪੁਰਾ ਵਿੱਚ ਡਾ. ਅਮਰ ਸਿੰਘ ਮਲਹੋਤਰਾ ਦੀ ਪ੍ਰਧਾਨਗੀ ਹੇਠ ਹੋਈ।




ਇਸ ਦੌਰਾਨ ਐਸੋਸੀਏਸ਼ਨ ਦੀਆਂ ਵੱਖ-ਵੱਖ ਮੰਗਾਂ, ਖਾਸ ਕਰਕੇ ਪੈਨਸ਼ਨ ਨਾਲ ਸਬੰਧਤ ਮੁੱਦਿਆਂ ’ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਜ਼ੋਨਲ ਪ੍ਰਧਾਨ ਡਾ. ਸੁਭਾਸ਼ ਵੋਹਰਾ ਨੇ ਸਾਰਿਆਂ ਦਾ ਸਵਾਗਤ ਕਰਦਿਆਂ ਸਾਲ ਭਰ ਦੀਆਂ ਪ੍ਰਾਪਤੀਆਂ ਸਾਂਝੀਆਂ ਕੀਤੀਆਂ।

ਆਰ ਸੀ ਪੀ ਟੀ ਏ ਦੇ ਸੂਬਾ ਪ੍ਰਧਾਨ ਡਾ. ਅਮਰ ਸਿੰਘ ਮਲਹੋਤਰਾ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਜਟ ਦੀ ਘਾਟ ਕਾਰਨ ਸੇਵਾਮੁਕਤ ਕਾਲਜ ਅਧਿਆਪਕਾਂ ਨੂੰ ਪੈਨਸ਼ਨ ਮਿਲਣ ਵਿੱਚ ਦੇਰੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਹਾਲਾਂਕਿ, ਉੱਚ ਸਿੱਖਿਆ ਡਾਇਰੈਕਟੋਰੇਟ ਨਾਲ ਮੁਲਾਕਾਤ ਤੋਂ ਬਾਅਦ ਜਨਵਰੀ ਦੀ ਪੈਨਸ਼ਨ ਜਾਰੀ ਹੋ ਗਈ ਹੈ ਅਤੇ ਫਰਵਰੀ ਦੀ ਪੈਨਸ਼ਨ ਵੀ ਜਲਦ ਮਿਲਣ ਦੀ ਉਮੀਦ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਪੈਨਸ਼ਨ ਦਾ ਬਜਟ ਵਧਾਇਆ ਜਾਵੇ ਜਾਂ ‘ਖਜ਼ਾਨੇ ਰਾਹੀਂ ਪੈਨਸ਼ਨ’ ਦੇਣ ਦਾ ਪੱਕਾ ਪ੍ਰਬੰਧ ਕੀਤਾ ਜਾਵੇ।

ਮਲਹੋਤਰਾ ਨੇ ਹਾਈ ਕੋਰਟ ਵਿੱਚ ਚੱਲ ਰਹੇ ਕੇਸਾਂ ਬਾਰੇ ਜਾਣਕਾਰੀ ਦਿੰਦਿਆਂ ਉਮੀਦ ਜਤਾਈ ਕਿ 30 ਜੂਨ ਨੂੰ ਸੇਵਾਮੁਕਤ ਹੋਏ ਅਧਿਆਪਕਾਂ ਨੂੰ ਜਲਦੀ ਹੀ ‘ਨੋਸ਼ਨਲ ਇੰਕਰੀਮੈਂਟ’ ਦਾ ਲਾਭ ਮਿਲਣਾ ਸ਼ੁਰੂ ਹੋ ਜਾਵੇਗਾ। ਸੇਵਾਮੁਕਤ ਪ੍ਰਿੰਸੀਪਲ ਡਾ. ਹਰਿੰਦਰ ਸਿੰਘ ਕੰਗ ਨੇ ਸੁਝਾਅ ਦਿੱਤਾ ਕਿ ਸਰਕਾਰ ਨਾਲ ਗੱਲਬਾਤ ਲਈ ਜਾਣ ਵਾਲੇ ਵਫ਼ਦਾਂ ਵਿੱਚ ਨਵੇਂ ਮੈਂਬਰਾਂ ਨੂੰ ਵੀ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਮੀਟਿੰਗ ਵਿੱਚ ਡਾ. ਸ਼ੈਲੇਸ਼ ਕਪੂਰ, ਡਾ. ਵਰਿੰਦਰ ਗਾਂਧੀ, ਡਾ. ਆਭਾ ਖੇਤਰਪਾਲ, ਡਾ. ਆਰ ਐੱਸ ਵਾਲੀਆ, ਡਾ. ਜੇ ਐੱਸ ਅਰੋੜਾ ਅਤੇ ਵਿੱਤ ਸਕੱਤਰ ਡਾ. ਯੁਗੇਸ਼ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸੇਵਾਮੁਕਤ ਪ੍ਰੋਫੈਸਰ ਹਾਜ਼ਰ ਸਨ।

# ਜ਼ਮੀਨ ਤੇ ਜਾਇਦਾਦਾਂ ਦਾ ਸਰਵੇਖਣ ਕਰੇਗਾ ਯੂ ਟੀ ਪ੍ਰਸ਼ਾਸਨ

**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਯੂ ਟੀ ਪ੍ਰਸ਼ਾਸਨ ਵੱਲੋਂ ਸ਼ਹਿਰ ਦੇ ਜ਼ਮੀਨੀ ਰਿਕਾਰਡ ਨੂੰ ਆਧੁਨਿਕ ਬਣਾਉਣ ਲਈ ਜਲਦੀ ਹੀ ਸ਼ਹਿਰ ਦੇ ਪੰਜ ਪਿੰਡਾਂ ਅਟਾਵਾ, ਬੁੜੈਲ, ਕਜਹੇੜੀ, ਪਲਸੌਰਾ ਅਤੇ ਸਾਰੰਗਪੁਰ ਦੇ ਖੇਤਰਾਂ ਵਿੱਚ ਜ਼ਮੀਨ ਤੇ ਜਾਇਦਾਦਾਂ ਦਾ ਘਰ-ਘਰ ਸਰਵੇਖਣ ਸ਼ੁਰੂ ਕੀਤਾ ਜਾਵੇਗਾ। ਜਾਣਕਾਰੀ ਅਨੁਸਾਰ ਪ੍ਰਸ਼ਾਸਨ ਵੱਲੋਂ ਸ਼ਹਿਰ ਦੇ 15 ਸੈਕਟਰਾਂ ਅਤੇ ਪੰਜ ਪਿੰਡਾਂ ਨੂੰ ਪਾਇਲਟ ਪ੍ਰਾਜੈਕਟ ਵਜੋਂ ਚੁਣਿਆ ਹੈ।

ਇਸ ਦੌਰਾਨ ਸੈਕਟਰ 2 ਤੋਂ ਸੈਕਟਰ 17 ਤੱਕ (ਸੈਕਟਰ 13 ਨੂੰ ਛੱਡ ਕੇ) ਅਤੇ ਪਿੰਡ ਅਟਾਵਾ, ਬੁੜੈਲ, ਕਜਹੇੜੀ, ਪਲਸੌਰਾ ਅਤੇ ਸਾਰੰਗਪੁਰ ਸ਼ਾਮਲ ਹਨ, ਜਿੱਥੇ ਡਿਜੀਟਲ ਸਰਵੇਖਣ ਕੀਤੇ ਜਾ ਰਹੇ ਹਨ। ਇਸ ਤੋਂ ਪਹਿਲਾਂ ਯੂ ਟੀ ਪ੍ਰਸ਼ਾਸਨ ਨੇ 15 ਸੈਕਟਰਾਂ ਦੇ 7000 ਤੋਂ ਵੱਧ ਘਰਾਂ ਵਿੱਚ ਇਹ ਸਰਵੇਖਣ ਪੂਰਾ ਕਰ ਲਿਆ ਹੈ। ਇਸ ਸਰਵੇਖਣ ਲਈ 20 ਟੀਮਾਂ ਨੂੰ ਤਾਇਨਾਤ ਕੀਤਾ ਗਿਆ।

ਇਸ ਸਰਵੇਖਣ ਦੌਰਾਨ ਯੂ ਟੀ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਜ਼ਮੀਨਾਂ ਦੀ ਮਾਲਕੀ ਦਸਤਾਵੇਜ਼ਾਂ ਦੀ ਤਸਦੀਕ ਕੀਤੀ ਜਾਵੇਗੀ। ਇਸ ਲਈ ਡਿਪਟੀ ਕਮਿਸ਼ਨਰ ਨੇ ਸ਼ਹਿਰ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦਸਤਾਵੇਜ਼ਾਂ ਦੀ ਤਸਦੀਕ ਦੌਰਾਨ ਜਾਇਦਾਦ ਦੇ ਅਸਲ ਦਸਤਾਵੇਜ਼ਾਂ ਦੀਆਂ ਕਾਪੀਆਂ ਦਿਖਾਉਣ।

ਉਨ੍ਹਾਂ ਕਿਹਾ ਕਿ ਸਰਵੇਖਣ ਦੌਰਾਨ ਦਸਤਾਵੇਜ਼ ਡਿਜੀਟਲ ਰੂਪ ਵਿੱਚ ਅਪਲੋਡ ਕੀਤੇ ਜਾਣਗੇ ਅਤੇ ਤੁਰੰਤ ਵਾਪਸ ਕਰ ਦਿੱਤੇ ਜਾਣਗੇ। ਜ਼ਿਕਰਯੋਗ ਹੈ ਕਿ ਯੂ ਟੀ ਪ੍ਰਸ਼ਾਸਨ ਵੱਲੋਂ ਇਹ ਸਰਵੇਖਣ ਡਿਜੀਟਲ ਇੰਡੀਆ ਲੈਂਡ ਰਿਕਾਰਡਜ਼ ਆਧੁਨਿਕੀਕਰਨ ਪ੍ਰੋਗਰਾਮ ਤਹਿਤ ਕੀਤਾ ਜਾ ਰਿਹਾ ਹੈ। ਇਸ ਦੌਰਾਨ ਟੀਮਾਂ ਵੱਲੋਂ ਡਰੋਨ ਸਰਵੇਖਣ, ਉੱਚ-ਰੈਜ਼ੋਲੂਸ਼ਨ ਇਮੇਜਰੀ ਅਤੇ ਭੂਗੋਲਿਕ ਸੂਚਨਾ ਪ੍ਰਣਾਲੀ ਮੈਪਿੰਗ ਦੀ ਵਰਤੋਂ ਕੀਤੀ ਜਾ ਰਹੀ ਹੈ।

# ਸਿੰਘ ਸਭਾ ਦਾ 33ਵਾਂ ਸਥਾਪਨਾ ਦਿਵਸ ਮਨਾਇਆ



**ਫਰੀਦਾਬਾਦ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰੂ ਸਿੰਘ ਸਭਾ ਸੈਕਟਰ-15 ਦਾ 33ਵਾਂ ਸਥਾਪਨਾ ਦਿਵਸ ਗੁਰਦੁਆਰਾ ਸਿੰਘ ਸਭਾ ਵਿਖੇ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਧਾਰਮਿਕ ਅਤੇ ਸਮਾਜਿਕ ਖੇਤਰ ਵਿੱਚ ਲੰਬੇ ਸਮੇਂ ਤੋਂ ਸੇਵਾਵਾਂ ਨਿਭਾ ਰਹੀਆਂ ਸ਼ਖ਼ਸੀਅਤਾਂ ਅਤੇ ਸੁਸਾਇਟੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਗੁਰਬਾਣੀ ਕੀਰਤਨ ਦਾ ਅਟੁੱਟ ਪ੍ਰਵਾਹ ਚੱਲਿਆ, ਜਿਸ ਨਾਲ ਸੰਗਤ ਨਿਹਾਲ ਹੋਈ। ਸਿੰਘ ਸਭਾ ਦੀ ਪ੍ਰਧਾਨ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਾਬਕਾ ਮੈਂਬਰ ਰਾਣਾ ਕੌਰ ਭੱਟੀ ਨੇ ਦੱਸਿਆ ਕਿ ਹੋਮਿਓਪੈਥੀ ਦੀ ਪ੍ਰਸਿੱਧ ਡਾ. ਸਿਮਰਨ ਕੌਰ ਦਾ ਉਚੇਚੇ ਤੌਰ ’ਤੇ ਸਨਮਾਨ ਕੀਤਾ ਗਿਆ। ਡਾ. ਸਿਮਰਨ ਕੌਰ ਪਿਛਲੇ ਕਈ ਸਾਲਾਂ ਤੋਂ ਮਰੀਜ਼ਾਂ ਦਾ ਮੁਫ਼ਤ ਇਲਾਜ ਕਰ ਰਹੇ ਹਨ ਅਤੇ ਉਨ੍ਹਾਂ ਦੀਆਂ ਸੇਵਾਵਾਂ ਸਦਕਾ ਅਨੇਕਾਂ ਮਰੀਜ਼ ਤੰਦਰੁਸਤ ਹੋਏ ਹਨ।

ਇਸੇ ਤਰ੍ਹਾਂ ਬੀਬੀ ਨਾਨਕੀ ਇਸਤਰੀ ਸਿੰਘ ਸਭਾ ਦੀ ਪ੍ਰਧਾਨ ਰਵਿੰਦਰਪਾਲ ਕੌਰ ਅਤੇ ਸਭਾ ਦੀਆਂ ਮੈਂਬਰ ਬੀਬੀਆਂ ਨੂੰ ਵੀ ਉਨ੍ਹਾਂ ਦੀਆਂ ਨਿਸ਼ਕਾਮ ਸੇਵਾਵਾਂ ਬਦਲੇ ਗੁਰਦੁਆਰਾ ਕਮੇਟੀ ਦੇ ਪ੍ਰਬੰਧਕਾਂ ਵੱਲੋਂ ਸਨਮਾਨਿਤ ਕੀਤਾ ਗਿਆ।

ਰਾਣਾ ਕੌਰ ਭੱਟੀ ਨੇ ਕਿਹਾ ਕਿ ਸ੍ਰੀ ਗੁਰੂ ਸਿੰਘ ਸਭਾ ਜਿੱਥੇ ਧਾਰਮਿਕ ਕਾਰਜਾਂ ਵਿੱਚ ਮੋਹਰੀ ਰੋਲ ਅਦਾ ਕਰ ਰਹੀ ਹੈ, ਉੱਥੇ ਹੀ ਸਮਾਜਿਕ ਖੇਤਰ ਵਿੱਚ ਵੀ ਪ੍ਰਸ਼ਾਸਨ ਅਤੇ ਹੋਰ ਸਿੱਖ ਸੰਸਥਾਵਾਂ ਨਾਲ ਮਿਲ ਕੇ ਲੋਕ ਭਲਾਈ ਦੇ ਕੰਮ ਕਰਦੀ ਹੈ। ਉਨ੍ਹਾਂ ਕਰੋਨਾ ਕਾਲ ਦੌਰਾਨ ਸਿੰਘ ਸਭਾ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਨਿਭਾਈਆਂ ਗਈਆਂ ਸੇਵਾਵਾਂ ਨੂੰ ਵੀ ਯਾਦ ਕੀਤਾ। ਇਸ ਮੌਕੇ ਸਭਾ ਦੇ ਬਾਨੀ ਮੈਂਬਰਾਂ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ।

# ਹਮਲੇ ਦਾ ਇਨਾਮੀ ਮੁਲਜ਼ਮ ਕਾਬੂ

**ਸ਼ਾਹਬਾਦ ਮਾਰਕੰਡਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਰਤੀਆ ਸਿਟੀ ਪੁਲੀਸ ਨੇ ਇਨਾਮੀ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਮੁਲਜ਼ਮ ਦੀ ਪਛਾਣ ਨਿਤੇਸ਼ ਉਰਫ਼ ਨੀਰੂ ਪੁੱਤਰ ਬਲਬੀਰ ਸਿੰਘ ਵਾਸੀ ਰਤੀਆ ਵਜੋਂ ਹੋਈ ਹੈ, ਜਿਸ ’ਤੇ 5,000 ਰੁਪਏ ਦਾ ਇਨਾਮ ਰੱਖਿਆ ਗਿਆ ਸੀ। ਉਹ ਪਿਛਲੇ ਸਾਲ ਨਵੰਬਰ ਵਿੱਚ ਹੋਏ ਇੱਕ ਜਾਨਲੇਵਾ ਹਮਲੇ ਦੇ ਮਾਮਲੇ ਵਿੱਚ ਲੰਬੇ ਸਮੇਂ ਤੋਂ ਫਰਾਰ ਚੱਲ ਰਿਹਾ ਸੀ।

ਥਾਣਾ ਇੰਚਾਰਜ ਇੰਸਪੈਕਟਰ ਪੁਸ਼ਪਾ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਪੁਲੀਸ ਸੁਪਰਡੈਂਟ ਸਿਧਾਂਤ ਜੈਨ ਦੀ ਅਗਵਾਈ ਹੇਠ ਕੀਤੀ ਗਈ ਹੈ। ਮਾਮਲੇ ਦੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਗੁਰਪਾਲ ਸਿੰਘ ਪੁੱਤਰ ਕਾਕਾ ਸਿੰਘ ਵਾਸੀ ਵਾਰਡ ਨੰਬਰ-14, ਰਾਮਨਗਰ ਕਲੋਨੀ, ਰਤੀਆ ਨੇ ਪੁਲੀਸ ਨੂੰ ਸ਼ਿਕਾਇਤ ਦਿੱਤੀ ਸੀ। ਸ਼ਿਕਾਇਤ ਮੁਤਾਬਕ 10 ਨਵੰਬਰ 2025 ਦੀ ਰਾਤ ਜਦੋਂ ਉਹ ਕੰਮ ਤੋਂ ਘਰ ਪਰਤ ਰਿਹਾ ਸੀ ਤਾਂ ਰਸਤੇ ਵਿੱਚ ਰਘੂ ਉਰਫ਼ ਸੋਨੀ, ਪਵਨ ਬਲੈਕੀਆ, ਨਿਤੇਸ਼ ਉਰਫ਼ ਨੀਰੂ ਅਤੇ ਕੁਝ ਹੋਰ ਨੌਜਵਾਨਾਂ ਨੇ ਉਸ ਨੂੰ ਘੇਰ ਲਿਆ। ਮੁਲਜ਼ਮਾਂ ਨੇ ਉਸ ’ਤੇ ਲੋਹੇ ਦੀਆਂ ਰਾਡਾਂ, ਡੰਡਿਆਂ ਅਤੇ ਕੁਹਾੜੀਆਂ ਨਾਲ ਹਮਲਾ ਕਰ ਦਿੱਤਾ, ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਗਿਆ। ਲੋਕਾਂ ਦਾ ਇਕੱਠ ਦੇਖ ਕੇ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ। ਗੰਭੀਰ ਹਾਲਤ ਵਿੱਚ ਗੁਰਪਾਲ ਸਿੰਘ ਨੂੰ ਪਹਿਲਾਂ ਸਥਾਨਕ ਹਸਪਤਾਲ ਅਤੇ ਬਾਅਦ ਵਿੱਚ ਮੈਡੀਕਲ ਕਾਲਜ ਅਗਰੋਹਾ ਦਾਖਲ ਕਰਵਾਇਆ ਗਿਆ ਸੀ। ਪੁਲੀਸ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਤਿੰਨ ਮੁਲਜ਼ਮਾਂ ਨੂੰ ਪਹਿਲਾਂ ਹੀ ਕਾਬੂ ਕੀਤਾ ਜਾ ਚੁੱਕਾ ਹੈ। ਹੁਣ ਪੁਲੀਸ ਟੀਮ ਦੀ ਸਖ਼ਤ ਮਿਹਨਤ ਸਦਕਾ ਚੌਥੇ ਇਨਾਮੀ ਮੁਲਜ਼ਮ ਨਿਤੇਸ਼ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

# ਵਿਅਕਤੀ ਵੱਲੋਂ ਪਤਨੀ ਦੀ ਗੋਲੀ ਮਾਰ ਕੇ ਹੱਤਿਆ ਕੀਤੀ

**ਝੱਜਰ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੋਂ ਦੇ ਪਿੰਡ ਬਿਰਧਾਨਾ ਵਿੱਚ ਸੋਮਵਾਰ ਸ਼ਾਮ ਨੂੰ ਇੱਕ ਮਹਿਲਾ ਦੀ ਉਸ ਦੇ ਪਤੀ ਵੱਲੋਂ ਘਰ ਵਿੱਚ ਹੀ ਕਥਿਤ ਤੌਰ ’ਤੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਇਸ ਵਾਰਦਾਤ ਪਿੱਛੇ ਘਰੇਲੂ ਕਲੇਸ਼ ਕਾਰਨ ਹੋਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ। ਮੁਲਜ਼ਮ ਸੰਜੇ ਵਾਰਦਾਤ ਨੂੰ ਅੰਜਾਮ ਦੇਣ ਤੋਂ ਤੁਰੰਤ ਬਾਅਦ ਮੌਕੇ ਤੋਂ ਫ਼ਰਾਰ ਹੋ ਗਿਆ, ਜਦਕਿ ਪੁਲੀਸ ਨੇ ਉਸ ਨੂੰ ਕਾਬੂ ਕਰਨ ਲਈ ਭਾਲ ਸ਼ੁਰੂ ਕਰ ਦਿੱਤੀ ਹੈ।

ਏਸੀਪੀ ਅਨਿਲ ਕੁਮਾਰ ਨੇ ਦੱਸਿਆ ਕਿ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲੀਸ ਟੀਮ ਘਰ ਪਹੁੰਚੀ ਸੀ। ਸਬੂਤ ਇਕੱਠੇ ਕਰਨ ਲਈ ਫੋਰੈਂਸਿਕ ਮਾਹਿਰਾਂ ਨੂੰ ਮੌਕੇ ’ਤੇ ਬੁਲਾਇਆ ਗਿਆ ਅਤੇ ਖੂਨ ਨਾਲ ਲੱਥਪੱਥ ਹਾਲਤ ਵਿੱਚ ਮਿਲੀ ਅੰਜਲੀ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ। ਏਸੀਪੀ ਨੇ ਅੱਗੇ ਦੱਸਿਆ ਕਿ ਸੰਜੇ ਪਹਿਲਾਂ ਹੀ ਇੱਕ ਅਪਰਾਧਿਕ ਮਾਮਲੇ ਵਿੱਚ ਮੁਲਜ਼ਮ ਹੈ ਅਤੇ ਜ਼ਮਾਨਤ ’ਤੇ ਰਿਹਾਅ ਹੋਇਆ ਸੀ। ਉਹ ਇਸ ਸਮੇਂ ਫ਼ਰਾਰ ਹੈ ਅਤੇ ਉਸ ਨੂੰ ਗ੍ਰਿਫ਼ਤਾਰ ਕਰਨ ਲਈ ਯਤਨ ਕੀਤੇ ਜਾ ਰਹੇ ਹਨ।

# ਮ੍ਰਿਤਕ ਨੂੰ ਹਸਪਤਾਲ ਲਿਆਉਣ ਵਾਲੇ ਹੀ ਨਿਕਲੇ ਕਾਤਲ



**ਮੁਹਾਲੀ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁਹਾਲੀ ਵਿੱਚ ਐਤਵਾਰ ਤੇ ਸੋਮਵਾਰ ਰਾਤ ਨੂੰ ਇੱਕ ਵਿਅਕਤੀ ਨੂੰ ਮ੍ਰਿਤਕ ਹਾਲਤ ਵਿੱਚ ਜ਼ਿਲ੍ਹਾ ਹਸਪਤਾਲ ਲਿਆਉਣ ਵਾਲੇ ਵਿਅਕਤੀ ਹੀ ਉਸ ਦੇ ਕਥਿਤ ਕਾਤਲ ਨਿਕਲੇ ਹਨ। ਮੁਹਾਲੀ ਦੇ ਫੇਜ਼ 1 ਦੇ ਐੱਸ ਐੱਚ ਓ ਇੰਸਪੈਕਟਰ ਸੁਖਵੀਰ ਸਿੰਘ ਦੀ ਅਗਵਾਈ ਹੇਠਲੀ ਪੁਲੀਸ ਨੇ ਸਬੰਧਤ ਕਤਲ ਦੀ ਗੁੱਥੀ ਸੁਲਝਾਉਂਦਿਆਂ ਦੋ ਨਾਬਾਲਗਾਂ ਸਮੇਤ ਤਿੰਨ ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮ੍ਰਿਤਕ ਦੀ ਪਛਾਣ ਦਿਆਲ ਸਿੰਘ ਵਾਸੀ ਤਲਵਾੜੀ ਖਾਲਸਾ, ਜ਼ਿਲ੍ਹਾ ਚਮੋਲੀ, ਉਤਰਾਖੰਡ ਵਜੋਂ ਹੋਈ ਹੈ, ਜੋ ਇਸ ਸਮੇਂ ਆਪਣੇ ਭਰਾ ਕੋਲ ਪਿੰਡ ਮੁਹਾਲੀ ਵਿੱਚ ਰਹਿੰਦਾ ਸੀ। ਦਿਆਲ ਵੇਟਰ ਦਾ ਕੰਮ ਕਰਦਾ ਸੀ। ਕਤਲ ਕਰਨ ਵਾਲੇ ਮੁਲਜ਼ਮਾਂ ਵਿਚੋਂ ਦੋ ਨੌਜਵਾਨ ਮ੍ਰਿਤਕ ਦੇ ਭਤੀਜੇ ਹਨ ਅਤੇ ਉਸ ਦੇ ਨਾਲ ਹੀ ਰਹਿੰਦੇ ਹਨ।

ਡੀ ਐੱਸ ਪੀ ਸਿਟੀ-1 ਪ੍ਰਿਥਵੀ ਸਿੰਘ ਚਹਿਲ ਨੇ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੁਲੀਸ ਨੂੰ ਸੂਚਨਾ ਮਿਲੀ ਸੀ ਕਿ ਇੱਕ ਵਿਅਕਤੀ ਨੂੰ ਹਸਪਤਾਲ ਵਿੱਚ ਮ੍ਰਿਤਕ ਹਾਲਤ ਵਿਚ ਲਿਆਂਦਾ ਗਿਆ ਹੈ। ਉਸ ਦੇ ਨਾਲ ਵਾਲਿਆਂ ਦਾ ਕਹਿਣਾ ਸੀ ਕਿ ਸਬੰਧਤ ਵਿਅਕਤੀ ਸ਼ਰਾਬ ਪੀ ਕੇ ਕਿਸੇ ਨਾਲ ਲੜ ਪਿਆ ਤੇ ਗੰਭੀਰ ਜ਼ਖ਼ਮੀ ਹੋ ਗਿਆ। ਡੀ ਐੱਸ ਪੀ ਨੇ ਦੱਸਿਆ ਕਿ ਪੁਲੀਸ ਨੂੰ ਸਬੰਧਤ ਮੁਲਜ਼ਮਾਂ ਦੀਆਂ ਗੱਲਾਂ ’ਤੇ ਸ਼ੱਕ ਹੋਇਆ, ਜਦੋਂ ਉਨ੍ਹਾਂ ਨੂੰ ਕਾਬੂ ਕਰਕੇ ਪੁੱਛਗਿੱਛ ਕੀਤੀ ਗਈ ਤਾਂ ਆਪਣਾ ਗੁਨਾਹ ਕਬੂਲ ਕਰ ਲਿਆ। ਉਨ੍ਹਾਂ ਦੱਸਿਆ ਕਿ ਦਿਆਲ ਸਿੰਘ ਸ਼ਰਾਬ ਪੀ ਕੇ ਆਪਣੀ ਭਤੀਜੀ ’ਤੇ ਕਥਿਤ ਨਿਗ੍ਹਾ ਰੱਖਦਾ ਸੀ। ਇਸ ਗੱਲੋਂ ਮੁਲਜ਼ਮ ਮਨੀਸ਼ ਦਾ ਆਪਣੇ ਚਾਚੇ ਨਾਲ ਝਗੜਾ ਰਹਿੰਦਾ ਸੀ। ਫਿਰ ਉਸ ਨੇ ਆਪਣੇ ਤਾਏ ਦੇ ਲੜਕੇ ਅਤੇ ਇੱਕ ਹੋਰ ਦੋਸਤ (ਦੋਵੇਂ ਨਾਬਾਲਗ) ਨੂੰ ਬੁਲਾ ਕੇ ਦਿਆਲ ਸਿੰਘ ਦਾ ਕਤਲ ਕਰ ਦਿੱਤਾ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਨੂੰ ਅਦਾਲਤ ਵਿਚ ਪੇਸ਼ ਕਰਕੇ ਰਿਮਾਂਡ ਲੈਣ ਉਪਰੰਤ ਅਗਲੇਰੀ ਕਾਰਵਾਈ ਵਿੱਢ ਦਿੱਤੀ ਹੈ।

# ਏਮਸ ਮੁਹਾਲੀ ਵਿੱਚ ਭਗਤ ਪੂਰਨ ਸਿੰਘ ਵਾਰਡ ਦਾ ਉਦਘਾਟਨ

**ਮੁਹਾਲੀ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਡਾ. ਬੀ ਆਰ ਅੰਬੇਡਕਰ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ (ਏਮਸ) ਅਤੇ ਅਟੈਚ ਸਿਵਲ ਹਸਪਤਾਲ, ਫ਼ੇਜ਼ 6 ਮੁਹਾਲੀ ਵਿੱਚ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਅਤੇ ਲੋੜਵੰਦ ਮਰੀਜ਼ ਸਹਾਇਤਾ ਸੁਸਾਇਟੀ ਏਮਸ ਮੁਹਾਲੀ ਦੇ ਸਾਂਝੇ ਉਪਰਾਲੇ ਨਾਲ ਭਗਤ ਪੂਰਨ ਸਿੰਘ ਵਾਰਡ ਸਥਾਪਤ ਕੀਤਾ ਗਿਆ ਹੈ।

ਬੇਸਹਾਰਾ ਮਰੀਜ਼ਾਂ ਦੇ ਇਲਾਜ ਅਤੇ ਸਾਂਭ-ਸੰਭਾਲ ਲਈ ਸਮਰਪਿਤ ਇਸ ਵਾਰਡ ਦਾ ਉਦਘਾਟਨ ਅੱਜ ਪਿੰਗਲਵਾੜਾ ਅੰਮ੍ਰਿਤਸਰ ਦੀ ਮੁਖੀ ਬੀਬੀ ਡਾ. ਇੰਦਰਜੀਤ ਕੌਰ ਵੱਲੋਂ ਹਸਪਤਾਲ ਦੇ ਕਮਰਾ ਨੰਬਰ 212, ਦੂਜੀ ਮੰਜ਼ਿਲ, ਬਲਾਕ 1 ਵਿੱਚ ਕੀਤਾ ਗਿਆ।

ਇਸ ਮੌਕੇ ਡਾਇਰੈਕਟਰ ਪ੍ਰਿੰਸੀਪਲ ਡਾ. ਨਵਦੀਪ ਸੈਣੀ, ਮੈਡੀਕਲ ਸੁਪਰਡੈਂਟ ਡਾ. ਮਨੀਸ਼ ਗੁਪਤਾ, ਸੀਨੀਅਰ ਮੈਡੀਕਲ ਅਫ਼ਸਰ ਡਾ. ਐੱਚ ਐੱਸ ਚੀਮਾ, ਡਾ. ਪ੍ਰਮਿੰਦਰਜੀਤ ਸਿੰਘ ਅਤੇ ਨਰਸਿੰਗ ਸੁਪਰਡੈਂਟ ਸੁਖਵਿੰਦਰ ਕੌਰ ਵੱਲੋਂ ਬੀਬੀ ਇੰਦਰਜੀਤ ਕੌਰ ਦਾ ਸਵਾਗਤ ਕੀਤਾ ਗਿਆ।

ਉਨ੍ਹਾਂ ਏਮਜ਼ ਮੁਹਾਲੀ ਵਿੱਚ ਭਗਤ ਪੂਰਨ ਸਿੰਘ ਦੀ ਵਾਤਾਵਰਨ ਸੰਭਾਲ ਸਬੰਧੀ ਆ ਰਹੀ ਸ਼ਤਾਬਦੀ (1927-2027) ਦੇ ਸਨਮੁੱਖ ਪੌਦਾ ਵੀ ਲਗਾਇਆ।

ਇਸ ਮੌਕੇ ਪਿੰਗਲਵਾੜਾ ਸੰਸਥਾ ਦੇ ਅੰਮ੍ਰਿਤਸਰ ਅਤੇ ਪਲਸੌਰਾ ਬਰਾਂਚ ਤੋਂ ਗੁਲਸ਼ਨ ਰੰਜਨ, ਮਹਿੰਦਰ ਸਿੰਘ, ਹਰੀਸ਼ ਚੰਦ ਗੁਲਾਟੀ, ਦਲਵਿੰਦਰ ਸਿੰਘ, ਗੁਰਪ੍ਰੀਤ ਕੌਰ, ਹਰਪਾਲ ਸਿੰਘ ਹਾਜ਼ਰ ਸਨ। ਇਸ ਮੌਕੇ ਡਾ. ਨਿਧੀ ਮਲਹੋਤਰਾ, ਡਾ. ਕਰਨਬੀਰ ਸਿੰਘ, ਡਾ. ਅਮਿਤ ਅਗਰਵਾਲ, ਡਾ. ਅਸ਼ਵਨੀ ਗੁਪਤਾ, ਡਾ. ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਜਸਪ੍ਰੀਤ ਕੌਰ ਆਦਿ ਹਾਜ਼ਰ ਸਨ।

# ਲਾਇਨਜ਼ ਕਲੱਬ ਪ੍ਰਾਈਮ ਦੇ ਪ੍ਰਧਾਨ ਨੇ ਪਰਿਵਾਰ ਸਮੇਤ ਪ੍ਰਭਾਤ ਫੇਰੀ ਦਾ ਕੀਤਾ ਭਰਵਾਂ ਸਵਾਗਤ



**ਸੁਨਾਮ ਊਧਮ ਸਿੰਘ ਵਾਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਹਰੀਦਾਸ ਨਿਕੁੰਜ ਬਿਹਾਰੀ ਸੇਵਾ ਸਮਿਤੀ ਵੱਲੋਂ ਰੋਜ਼ਾਨਾ ਕੱਢੀ ਜਾ ਰਹੀ ਪ੍ਰਭਾਤ ਫੇਰੀ ਦਾ ਲਾਇਨਜ਼ ਕਲੱਬ ਪ੍ਰਾਈਮ ਦੇ ਪ੍ਰਧਾਨ ਪਵਿੱਤਰ ਸਿੰਗਲਾ ਨੇ ਆਪਣੇ ਨਿਵਾਸ ਸਥਾਨ ‘ਤੇ ਪਰਿਵਾਰ ਸਮੇਤ ਭਰਵਾਂ ਸਵਾਗਤ ਕੀਤਾ। ਇਸ ਮੌਕੇ ਠਾਕੁਰ ਜੀ ਦਾ ਹੋਲੀ ਦੇ ਰੰਗਾਂ ਅਤੇ ਫੁੱਲਾਂ ਦੀ ਵਰਖਾ ਨਾਲ ਅਭਿਨੰਦਨ ਕੀਤਾ ਗਿਆ, ਜਿਸ ਨਾਲ ਪੂਰਾ ਮਾਹੌਲ ਭਗਤੀਮਈ ਬਣ ਗਿਆ। ਪ੍ਰਭਾਤ ਫੇਰੀ ਵਿੱਚ ਸ਼ਾਮਲ ਸੰਗਤ ਵੱਲੋਂ ਭਜਨ-ਕੀਰਤਨ ਕਰਦੇ ਹੋਏ ਧਾਰਮਿਕ ਉਤਸ਼ਾਹ ਪ੍ਰਗਟਾਇਆ ਗਿਆ। ਸਮਿਤੀ ਵੱਲੋਂ ਪਵਿੱਤਰ ਸਿੰਗਲਾ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਵਿਸ਼ੇਸ਼ ਤੌਰ ‘ਤੇ ਸਨਮਾਨਿਤ ਕੀਤਾ ਗਿਆ।

ਇਸ ਦੌਰਾਨ ਲਾਇਨਜ਼ ਕਲੱਬ ਦੇ ਚੇਅਰਮੈਨ ਅੰਕੁਰ ਜਖਮੀ, ਉਮੇਸ਼ ਸਿੰਗਲਾ, ਕਰੁਣ ਬਾਂਸਲ (ਕੰਨੂ) ਅਤੇ ਅਮਿਤ ਕੌਸ਼ਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਭਾਤ ਫੇਰੀਆਂ ਨਿਰੰਤਰ ਜਾਰੀ ਹਨ। ਉਨ੍ਹਾਂ ਕਿਹਾ ਕਿ 8 ਮਾਰਚ ਤੋਂ 18 ਮਾਰਚ ਤੱਕ ਸ੍ਰੀਮਦ ਭਾਗਵਤ ਕਥਾ ਦਾ ਆਯੋਜਨ ਕੀਤਾ ਜਾਵੇਗਾ ਅਤੇ 8 ਮਾਰਚ ਨੂੰ ਸਵੇਰੇ ਕਲਸ਼ ਅਤੇ ਝੰਡਾ ਯਾਤਰਾ ਨਾਲ ਕਥਾ ਦੀ ਸ਼ੁਰੂਆਤ ਹੋਵੇਗੀ। ਉਨ੍ਹਾਂ ਦੱਸਿਆ ਕਿ ਠਾਕੁਰ ਜੀ ਦੀ ਪਾਵਨ ਛਵੀ ਵਿਸ਼ੇਸ਼ ਤੌਰ ‘ਤੇ ਸ਼੍ਰੀ ਬ੍ਰਿੰਦਾਵਨ ਧਾਮ ਤੋਂ ਇੱਥੇ ਲਿਆਂਦੀ ਜਾ ਰਹੀ ਹੈ, ਜਿਸ ਨੂੰ ਲੈ ਕੇ ਭਗਤਾਂ ਵਿੱਚ ਖਾਸ ਉਤਸ਼ਾਹ ਵੇਖਿਆ ਜਾ ਰਿਹਾ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਇਸ ਧਾਰਮਿਕ ਸਮਾਗਮ ਨਾਲ ਸੁਨਾਮ ਦੀ ਧਰਤੀ ਦੁਬਾਰਾ ਬ੍ਰਿੰਦਾਵਨ ਧਾਮ ਵਾਂਗ ਭਗਤੀ ਰੰਗ ਵਿੱਚ ਰੰਗੀ ਨਜ਼ਰ ਆਵੇਗੀ।

ਪ੍ਰਸਿੱਧ ਸੰਤ ਆਚਾਰਿਆ ਗੌਰਵ ਕ੍ਰਿਸ਼ਨ ਗੋਸਵਾਮੀ ਜੀ ਆਪਣੇ ਸ਼੍ਰੀਮੁਖ ਤੋਂ ਸ੍ਰੀਮਦ ਭਾਗਵਤ ਕਥਾ ਦਾ ਪ੍ਰਵਚਨ ਕਰਨਗੇ।

# ਅਦਾਕਾਰ ਵਿਜੈ ਸਕਸੈਨਾ ਦਾ ਦੇਹਾਂਤ

**ਪੰਚਕੂਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਅਤੇ ਹਿੰਦੀ ਫਿਲਮਾਂ ਦੇ ਕਲਾਕਾਰ ਵਿਜੈ ਸਕਸੈਨਾ (76) ਦਾ ਦੇਹਾਂਤ ਹੋ ਗਿਆ ਹੈ। ਉਹ ਪਿਛਲੇ ਕੁਝ ਦਿਨਾਂ ਤੋਂ ਕੈਂਸਰ ਨਾਲ ਜੂਝ ਰਹੇ ਸਨ। ਅੱਜ ਸਵੇਰੇ ਮਨੀਮਾਜਰਾ ਦੇ ਸ਼ਮਸ਼ਾਨਘਾਟ ਵਿੱਚ ਉਨ੍ਹਾਂ ਦਾ ਸਸਕਾਰ ਕੀਤਾ ਗਿਆ।

ਉਨ੍ਹਾਂ ਦੇ ਪੁੱਤਰਾਂ ਰੋਬਿਨ ਸਕਸੈਨਾ ਅਤੇ ਸਚਿਨ ਸਕਸੈਨਾ ਨੇ ਚਿਖਾ ਨੂੰ ਅਗਨੀ ਦਿਖਾਈ।

ਇਸ ਮੌਕੇ ਸੁਮਨ ਬੱਤਾ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਕਲਾਕਾਰਾਂ ਨੇ ਨਮ ਅੱਖਾਂ ਨਾਲ ਵਿਦਾਇਗੀ ਦਿੱਤੀ। ਉਨ੍ਹਾਂ ਨੇ ‘ਮੇਰੇ ਬ੍ਰਦਰ ਕੀ ਦੁਲਹਨ’, ‘ਸ਼ਹੀਦ-ਏ-ਮੁਹੱਬਤ ਬੂਟਾ ਸਿੰਘ’, ‘ਡੈਡ ਕੀ ਮਾਰੂਤੀ’ ਅਤੇ ‘ਕਤਲੇਆਮ’ ਵਰਗੀਆਂ ਫਿਲਮਾਂ ਵਿੱਚ ਕੰਮ ਕੀਤਾ।

ਇਸ ਤੋਂ ਇਲਾਵਾ ਉਹ ਟੀਵੀ ਸੀਰੀਅਲ ‘ਕ੍ਰਾਈਮ ਪੈਟਰੋਲ’ ਅਤੇ ‘ਸਾਵਧਾਨ ਇੰਡੀਆ’ ਵਿੱਚ ਵੀ ਨਜ਼ਰ ਆਏ ਸਨ।

ਉਹ ਹਰਿਆਣਾ ਸਰਕਾਰ ਵਿੱਚ ਡਿਪਟੀ ਸੈਕਟਰੀ ਦੇ ਅਹੁਦੇ ਤੋਂ ਸੇਵਾਮੁਕਤ ਹੋਏ ਸਨ।

# ਕੈਥਲ-ਯਮੁਨਾਨਗਰ ਸੜਕ ਚਾਰ ਮਾਰਗੀ ਬਣਾਉਣ ਦਾ ਸਵਾਗਤ

**ਸ਼ਾਹਬਾਦ ਮਾਰਕੰਡਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਥਾਨੇਸਰ ਦੇ ਵਿਧਾਇਕ ਅਸ਼ੋਕ ਅਰੋੜਾ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਬਜਟ ਵਿੱਚ ਕੈਥਲ-ਯਮੁਨਾਨਗਰ ਸੜਕ ਨੂੰ ਚਾਰ ਮਾਰਗੀ ਬਣਾਉਣ ਦੇ ਐਲਾਨ ਦਾ ਭਰਵਾਂ ਸਵਾਗਤ ਕੀਤਾ ਹੈ। ਅਰੋੜਾ ਨੇ ਕਿਹਾ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਇਹ ਮੰਗ ਉਠਾ ਰਹੇ ਸਨ ਅਤੇ ਉਨ੍ਹਾਂ ਪਿਛਲੇ ਬਜਟ ਸੈਸ਼ਨ ਦੌਰਾਨ ਵੀ ਇਸ ਮੁੱਦੇ ਨੂੰ ਪ੍ਰਮੁੱਖਤਾ ਨਾਲ ਰੱਖਿਆ ਸੀ। ਉਨ੍ਹਾਂ ਕਿਹਾ ਕਿ ਇਸ ਫੈਸਲੇ ਨਾਲ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ।

ਹਾਲਾਂਕਿ, ਅਰੋੜਾ ਨੇ ਸਮੁੱਚੇ ਬਜਟ ’ਤੇ ਪ੍ਰਤੀਕਿਰਿਆ ਦਿੰਦਿਆਂ ਇਸ ਨੂੰ ਘਾਟੇ ਵਾਲਾ ਬਜਟ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਬਜਟ ਵਿੱਚ ਵਿਆਜ ਦੀਆਂ ਕਿਸ਼ਤਾਂ ਚੁਕਾਉਣ ਲਈ ਹੋਰ ਕਰਜ਼ਾ ਲੈਣ ਦੀ ਵਿਵਸਥਾ ਕੀਤੀ ਗਈ ਹੈ। ਅੰਕੜੇ ਪੇਸ਼ ਕਰਦਿਆਂ ਉਨ੍ਹਾਂ ਦੱਸਿਆ ਕਿ ਪ੍ਰਸਤਾਵਿਤ ਬਜਟ ਵਿੱਚ 34 ਫੀਸਦੀ ਰਕਮ ਉਧਾਰ ਲਈ ਜਾਵੇਗੀ।

# ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਵਿਖੇ ਵਿਗਿਆਨ ਦਿਵਸ ਮਨਾਇਆ




**ਸੁਨਾਮ ਊਧਮ ਸਿੰਘ ਵਾਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰ ਜੇ. ਸੀ. ਬੋਸ ਸਾਇੰਟਿਫਿਕ ਅਵੇਅਰਨੈਸ ਕਲੱਬ ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਵਿਖੇ ਰਾਸ਼ਟਰੀ ਵਿਗਿਆਨ ਦਿਵਸ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ।

ਪ੍ਰੋਗਰਾਮ ਕੋਆਰਡੀਨੇਟਰ ਪਰਮਿੰਦਰ ਕੁਮਾਰ ਲੌਂਗਵਾਲ ਪ੍ਰੋਗਰਾਮ ਅਫਸਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਮਨੁੱਖੀ ਜੀਵਨ ਵਿੱਚ ਵਿਗਿਆਨ ਦੀ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਇਸਦੇ ਲਾਭ ਅਤੇ ਹਾਨੀਆਂ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ।

ਉਹਨਾਂ ਇਸ ਦਿਨ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਡਾਕਟਰ ਸੀ. ਵੀ. ਰਮਨ ਜਿਨਾਂ ਨੂੰ ਅੱਜ ਦੇ ਦਿਨ ਆਪਣੀ ਖੋਜ ਰਮਨ ਪ੍ਰਭਾਵ ਨੂੰ ਪੂਰੇ ਵਿਸ਼ਵ ਵਿੱਚ ਦੱਸਿਆ ਅਤੇ ਇਸ ਲਈ ਉਹਨਾਂ ਨੂੰ ਨੋਬਲ ਪੁਰਸਕਾਰ ਵੀ ਮਿਲਿਆ ਸੀ। ਉਹਨਾਂ ਦੀ ਇਸ ਖੋਜ ਨੂੰ ਸਮਰਪਿਤ ਇਹ ਦਿਨ ਰਾਸ਼ਟਰੀ ਵਿਗਿਆਨ ਦਿਵਸ ਵਜੋਂ ਮਨਾਇਆ ਜਾਂਦਾ ਹੈ। ਇਸ ਮੌਕੇ ਸਾਇੰਸ ਮਿਸਟਰੈਸ ਮੈਡਮ ਗਗਨਜੋਤ ਕੌਰ, ਚਰਨਦੀਪ ਸੋਨੀਆ, ਕੰਚਨ ਸਿੰਗਲਾ ਨੇ ਵਿਦਿਆਰਥੀਆਂ ਨੂੰ ਸਵਾਲ-ਜਵਾਬ ਕਰਕੇ ਉਹਨਾਂ ਦਾ ਨਜ਼ਰੀਆ ਵਿਗਿਆਨਕ ਬਣਾਉਣ ਲਈ ਯਤਨ ਕੀਤਾ।

ਵਿਗਿਆਨ ਪ੍ਰਤੀ ਰੁਚੀ ਪੈਦਾ ਕਰਨ ਲਈ ਇਸ ਮੌਕੇ ਵਿਦਿਆਰਥੀਆਂ ਲਈ ਕੁਇਜ਼ ਮੁਕਾਬਲਾ ਵੀ ਕਰਵਾਇਆ ਗਿਆ ਜਿਸ ਵਿੱਚ ਜੇਤੂ ਵਿਦਿਆਰਥੀਆਂ ਨੂੰ ਮੌਕੇ ਤੇ ਇਨਾਮ ਦਿੱਤੇ ਗਏ।

ਸਮਾਗਮ ਦੌਰਾਨ ਇੰਚਾਰਜ ਪ੍ਰਿੰਸੀਪਲ ਪਰਮਿੰਦਰ ਕੁਮਾਰ ਲੌਂਗੋਵਾਲ, ਰਾਜੇਸ਼ ਕੁਮਾਰ ਲੈਕਚਰਾਰ ਹਿਸਟਰੀ ਨੇ ਵਿਦਿਆਰਥੀਆਂ ਨੂੰ ਆਪਣਾ ਨਜ਼ਰੀਆ ਵਿਗਿਆਨਕ ਬਣਾ ਕੇ ਸਮਾਜ ਦੀ ਤਰੱਕੀ ਲਈ ਕਿਰਿਆਸ਼ੀਲ ਹੋਣ ਲਈ ਪ੍ਰੇਰਿਤ ਕੀਤਾ।

ਉਹਨਾਂ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਵਿਗਿਆਨ ਦੇ ਯੋਗਦਾਨ ਨੂੰ ਮਾਨਵਤਾ ਦੀ ਭਲਾਈ ਲਈ ਵਰਤਿਆ ਜਾਵੇ ਨਾ ਕਿ ਮਨੁੱਖਤਾ ਨੂੰ ਖਤਮ ਕਰਨ ਲਈ।

ਇਸ ਮੌਕੇ ਨਵਰਾਜ ਕੌਰ ਸੀਨੀਅਰ ਲੈਕਚਰਾਰ, ਰਾਜੇਸ਼ ਕੁਮਾਰ ਲੈਕਚਰਾਰ ਹਿਸਟਰੀ, ਗੁਰਦੀਪ ਸਿੰਘ ਲੈਕਚਰਾਰ ਪੰਜਾਬੀ, ਰਕੇਸ਼ ਕੁਮਾਰ ਲੈਕਚਰਾਰ ਸਰੀਰਕ ਸਿੱਖਿਆ, ਗੁਰਮੀਤ ਕੌਰ ਲੈਕਚਰਾਰ, ਬਲਵਿੰਦਰ ਕੌਰ, ਸ਼ਮਸ਼ੇਰ ਸਿੰਘ, ਕਰਨੈਲ ਸਿੰਘ, ਸੁਖਵਿੰਦਰ ਕੌਰ ਮੜਾਹਰ, ਅੰਜਨ ਅੰਜੂ, ਸ਼ਵੇਤਾ ਰਾਣੀ, ਪ੍ਰੀਤੀ ਰਾਣੀ, ਹਰਵਿੰਦਰ ਸਿੰਘ, ਭਰਤ ਸ਼ਰਮਾ, ਦੀਪਸ਼ਿਖਾ, ਪਰਮਜੀਤ ਕੌਰ, ਰਜਨੀ ਬਾਲਾ, ਹਰਦੇਵ ਕੌਰ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਪੱਤਰਕਾਰ ਰਾਮ ਚੰਦਰ ਛੱਤਰਪਤੀ ਕਤਲ ਕੇਸ ਵਿੱਚ ਡੇਰਾ ਸਿਰਸਾ ਮੁਖੀ ਬਰੀ

## ਡੇਰਾ ਸਿਰਸਾ ਮੁਖੀ ਨੂੰ ਬਰੀ ਕੀਤੇ ਜਾਣ ਖ਼ਿਲਾਫ਼ ਸੁਪਰੀਮ ਕੋਰਟ ਜਾਵਾਂਗੇ: ਅੰਸ਼ੁਲ ਛਤਰਪਤੀ





**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸ਼ਨਿਚਰਵਾਰ ਨੂੰ ਪੱਤਰਕਾਰ ਰਾਮ ਚੰਦਰ ਛੱਤਰਪਤੀ ਦੇ ਕਤਲ ਕੇਸ ਵਿੱਚ ਗੁਰਮੀਤ ਰਾਮ ਰਹੀਮ ਸਿੰਘ ਨੂੰ ਬਰੀ ਕਰ ਦਿੱਤਾ ਹੈ, ਜੋ ਕਿ ਉਸ ਨੂੰ ਦੋਸ਼ੀ ਠਹਿਰਾਏ ਜਾਣ ਅਤੇ ਉਮਰ ਕੈਦ ਦੀ ਸਜ਼ਾ ਸੁਣਾਏ ਜਾਣ ਦੇ ਸੱਤ ਸਾਲਾਂ ਤੋਂ ਵੱਧ ਸਮੇਂ ਬਾਅਦ ਹੋਇਆ ਹੈ। ਸਿਰਸਾ ਸਥਿਤ ਸਮਾਜਿਕ-ਅਧਿਆਤਮਿਕ ਸੰਸਥਾ ਡੇਰਾ ਸੱਚਾ ਸੌਦਾ ਦੇ ਮੁਖੀ ਰਾਮ ਰਹੀਮ ਨੂੰ 2019 ਵਿੱਚ ਇੱਕ ਵਿਸ਼ੇਸ਼ ਅਦਾਲਤ ਨੇ 2002 ਵਿੱਚ ਪੱਤਰਕਾਰ ਛੱਤਰਪਤੀ ਦੇ ਕਤਲ ਲਈ ਦੋਸ਼ੀ ਪਾਇਆ ਸੀ, ਜਿਨ੍ਹਾਂ ਨੇ ਡੇਰਾ ਮੁਖੀ ਵਿਰੁੱਧ ਲੱਗੇ ਦੋਸ਼ਾਂ ਨਾਲ ਸਬੰਧਤ ਰਿਪੋਰਟਾਂ ਪ੍ਰਕਾਸ਼ਤ ਕੀਤੀਆਂ ਸਨ। ਹਾਲਾਂਕਿ, ਸਜ਼ਾ ਦੇ ਵਿਰੁੱਧ ਅਪੀਲਾਂ ਦੀ ਸੁਣਵਾਈ ਕਰਦੇ ਹੋਏ ਮੁੱਖ ਜੱਜ ਸ਼ੀਲ ਨਾਗੂ ਅਤੇ ਜਸਟਿਸ ਵਿਕਰਮ ਅਗਰਵਾਲ ਦੇ ਡਿਵੀਜ਼ਨ ਬੈਂਚ ਨੇ ਸਜ਼ਾ ਨੂੰ ਰੱਦ ਕਰ ਦਿੱਤਾ ਅਤੇ ਰਾਮ ਰਹੀਮ ਨੂੰ ਦੋਸ਼ਾਂ ਤੋਂ ਬਰੀ ਕਰ ਦਿੱਤਾ। ਇਸ ਦੇ ਨਾਲ ਹੀ ਅਦਾਲਤ ਨੇ ਇਸ ਕੇਸ ਵਿੱਚ ਦੋ ਹੋਰ ਮੁਲਜ਼ਮਾਂ ਵੱਲੋਂ ਦਾਇਰ ਅਪੀਲਾਂ ਨੂੰ ਖਾਰਜ ਕਰ ਦਿੱਤਾ, ਜਿਸ ਨਾਲ ਉਨ੍ਹਾਂ ਵਿਰੁੱਧ ਦਿੱਤੇ ਗਏ ਫੈਸਲੇ ਨੂੰ ਬਰਕਰਾਰ ਰੱਖਿਆ ਗਿਆ ਹੈ। ਬਰੀ ਕੀਤੇ ਜਾਣ ਪਿੱਛੇ ਕਾਰਨਾਂ ਦੀ ਵਿਆਖਿਆ ਕਰਨ ਵਾਲੇ ਵਿਸਤ੍ਰਿਤ ਫੈਸਲੇ ਤੋਂ ਉਨ੍ਹਾਂ ਕਾਨੂੰਨੀ ਆਧਾਰਾਂ ਦੇ ਸਪੱਸ਼ਟ ਹੋਣ ਦੀ ਉਮੀਦ ਹੈ ਜਿਨ੍ਹਾਂ 'ਤੇ ਅਦਾਲਤ ਨੇ ਪੁਰਾਣੀ ਸਜ਼ਾ ਨੂੰ ਉਲਟਾ ਦਿੱਤਾ ਹੈ। ਸਿਰਸਾ ਵਿੱਚ ਇੱਕ ਸਥਾਨਕ ਅਖ਼ਬਾਰ ਚਲਾਉਣ ਵਾਲੇ ਪੱਤਰਕਾਰ ਰਾਮ ਚੰਦਰ ਛੱਤਰਪਤੀ ਨੂੰ ਅਕਤੂਬਰ 2002 ਵਿੱਚ ਉਨ੍ਹਾਂ ਦੀ ਰਿਹਾਇਸ਼ ਦੇ ਬਾਹਰ ਗੋਲੀ ਮਾਰ ਦਿੱਤੀ ਗਈ ਸੀ ਅਤੇ ਬਾਅਦ ਵਿੱਚ ਉਹ ਜ਼ਖ਼ਮਾਂ ਦੀ ਤਾਬ ਨਾ ਝੱਲਦੇ ਹੋਏ ਦਮ ਤੋੜ ਗਏ ਸਨ। ਇਸ ਕੇਸ ਨੇ ਦੇਸ਼ ਭਰ ਦਾ ਧਿਆਨ ਖਿੱਚਿਆ ਸੀ ਕਿਉਂਕਿ ਛੱਤਰਪਤੀ ਨੇ ਕਥਿਤ ਤੌਰ 'ਤੇ ਇੱਕ ਚਿੱਠੀ ਪ੍ਰਕਾਸ਼ਤ ਕੀਤੀ ਸੀ ਜਿਸ ਵਿੱਚ ਡੇਰੇ ਦੇ ਅੰਦਰ ਜਿਨਸੀ ਸ਼ੋਸ਼ਣ ਦਾ ਦੋਸ਼ ਲਗਾਇਆ ਗਿਆ ਸੀ, ਜਿਸ ਕਾਰਨ ਬਾਅਦ ਵਿੱਚ ਰਾਮ ਰਹੀਮ ਵਿਰੁੱਧ ਜਾਂਚ ਹੋਈ ਸੀ। ਇੱਕ ਲੰਬੀ ਜਾਂਚ ਤੋਂ ਬਾਅਦ, ਕੇਸ ਕੇਂਦਰੀ ਜਾਂਚ ਬਿਊਰੋ (329) ਨੂੰ ਸੌਂਪ ਦਿੱਤਾ ਗਿਆ ਸੀ, ਜਿਸ ਨੇ ਅੰਤ ਵਿੱਚ ਕਤਲ ਲਈ ਰਾਮ ਰਹੀਮ ਅਤੇ ਹੋਰਾਂ ਵਿਰੁੱਧ ਮੁਕੱਦਮਾ ਚਲਾਇਆ ਸੀ।

ਪੰਚਕੂਲਾ ਦੀ ਵਿਸ਼ੇਸ਼ ਕੇਂਦਰੀ ਜਾਂਚ ਬਿਊਰੋ ਅਦਾਲਤ ਨੇ 2019 ਵਿੱਚ ਪੱਤਰਕਾਰ ਦੇ ਕਤਲ ਦੀ ਸਾਜ਼ਿਸ਼ ਰਚਣ ਦਾ ਦੋਸ਼ੀ ਪਾਏ ਜਾਣ ਤੋਂ ਬਾਅਦ ਰਾਮ ਰਹੀਮ ਅਤੇ ਸਹਿ-ਮੁਲਜ਼ਮਾਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਰਾਮ ਰਹੀਮ ਇਸ ਸਮੇਂ ਹੋਰ ਮਾਮਲਿਆਂ ਵਿੱਚ ਜੇਲ੍ਹ ਦੀ ਸਜ਼ਾ ਕੱਟ ਰਿਹਾ ਹੈ, ਜਿਸ ਵਿੱਚ ਜਬਰ-ਜਨਾਹ ਅਤੇ ਹੋਰ ਅਪਰਾਧਾਂ ਨਾਲ ਸਬੰਧਤ ਸਜ਼ਾਵਾਂ ਸ਼ਾਮਲ ਹਨ। ਹਾਈ ਕੋਰਟ ਦਾ ਤਾਜ਼ਾ ਫੈਸਲਾ ਲੰਬੇ ਸਮੇਂ ਤੋਂ ਚੱਲ ਰਹੇ ਛੱਤਰਪਤੀ ਕਤਲ ਕੇਸ ਵਿੱਚ ਇੱਕ ਮਹੱਤਵਪੂਰਨ ਕਾਨੂੰਨੀ ਮੋੜ ਹੈ।

ਬਰੀ ਕੀਤੇ ਜਾਣ 'ਤੇ ਆਪਣੀ ਪ੍ਰਤੀਕ੍ਰਿਆ ਦਿੰਦਿਆਂ ਅੰਸ਼ੁਲ ਛਤਰਪਤੀ ਨੇ ਕਿਹਾ ਹੈ ਕਿ ਉਹ ਇਸ ਫੈਸਲੇ ਦੇ ਖ਼ਿਲਾਫ਼ ਸੁਪਰੀਮ ਕਰੋਟ ਦਾ ਰੁੱਖ ਕਰਨਗੇ। ਉਨ੍ਹਾਂ ਨੇ ਕਿਹਾ ਹੈ ਕਿ ਹਾਲੇ ਤੱਕ ਉਨ੍ਹਾਂ ਨੂੰ ਫੈਸਲੇ ਦੀ ਕਾਪੀ ਨਹੀਂ ਮਿਲੀ ਹੈ। ਫੈਸਲੇ ਦੀ ਕਾਪੀ ਮਿਲਣ ਮਗਰੋਂ ਹੀ ਇਹ ਪਤਾ ਲੱਗੇਗਾ ਕਿ ਡੇਰਾ ਮੁਖੀ ਨੂੰ ਕਿਸ ਅਧਾਰ 'ਤੇ ਬਰੀ ਕੀਤਾ ਗਿਆ ਹੈ।

ਉਨ੍ਹਾਂ ਨੇ ਆਸ ਪ੍ਰਗਟਾਈ ਹੈ ਕਿ ਸੀ ਬੀ ਆਈ ਵੀ ਇਸ ਫੈਸਲੇ ਦੇ ਖ਼ਿਲਾਫ਼ ਸੁਪਰੀਮ ਕੋਰਟ ਜਾਵੇਗੀ। ਉਨ੍ਹਾਂ ਕਿਹਾ, "ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਫੈਸਲਾ ਸਿਰ ਮੱਥੇ, ਪਰ ਉਹ ਹਿੰਮਤ ਨਹੀਂ ਹਾਰੇ ਹਨ। ਜਿੱਥੇ ਪਹਿਲਾਂ ਦੋ ਦਹਾਕਿਆਂ ਤੋਂ ਵੱਧ ਉਨ੍ਹਾਂ ਨੇ ਇਸ ਲੜਾਈ ਨੂੰ ਇਸ ਅੰਜਾਮ ਤੱਕ ਪਹੁੰਚਾਇਆ ਹੈ ਉਥੇ ਹੀ ਹੋਰ ਜਿਆਦਾ ਤਾਕਤ ਨਾਲ ਇਸ ਕਾਨੂੰਨੀ ਲੜਾਈ ਨੂੰ ਸਪਰੀਮ ਕੋਰਟ ਵਿੱਚ ਵੀ ਲੜੀ ਜਾਵੇਗਾ।'

# ਪੰਜਾਬ ਮੰਤਰੀ ਮੰਡਲ ਵੱਲੋਂ ਨਵੀਂ ਸਨਅਤੀ ਪਾਲਿਸੀ ਨੂੰ ਪ੍ਰਵਾਨਗੀ

## ਪੰਜਾਬ ਸਰਕਾਰ ਨੇ ਸਨਅਤਕਾਰਾਂ ਦੇ ਸੁਝਾਵਾਂ ਨਾਲ ਸਨਅਤੀ ਪਾਲਿਸੀ ਕੀਤੀ ਤਿਆਰ: ਭਗਵੰਤ ਮਾਨ



**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਸੂਬੇ ਦੀ ਨਵੀਂ ਸਨਅਤੀ ਪਾਲਸੀ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਸ ਬਾਰੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਨਅਤਕਾਰਾਂ ਦੇ ਸੁਝਾਵਾਂ ਦੇ ਨਾਲ ਨਵੀਂ ਪਾਲਿਸੀ ਤਿਆਰ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਨਅਤੀ ਖੇਤਰ ਵਿੱਚ ਪ੍ਰਫੁੱਲਤ ਕੀਤਾ ਜਾਵੇਗਾ ਇਸ ਲਈ ਵੱਖ-ਵੱਖ ਖੇਤਰਾਂ ਦੇ ਵਪਾਰੀਆਂ ਦੇ ਸੁਝਾਅ ਸ਼ਾਮਲ ਕੀਤੇ ਗਏ ਹਨ।

ਵੇਰਵਿਆਂ ਅਨੁਸਾਰ ਪਹਿਲੀ ਵਾਰ ਨਵੀਂ ਨੀਤੀ ਦੇ ਤਹਿਤ ਨਿਵੇਸ਼ਕਾਂ ਨੂੰ ਆਪਣਾ ਅਨੁਕੂਲਿਤ ਇਨਸੈਂਟਿਵ ਪੈਕੇਜ ਬਣਾਉਣ ਲਈ 20 ਵੱਖ-ਵੱਖ ਵਿਕਲਪਾਂ ਵਿੱਚੋਂ ਚੋਣ ਕਰਨ ਦੀ ਆਜ਼ਾਦੀ ਹੋਵੇਗੀ। ਪੰਜਾਬ ਵਿੱਚ ਪਹਿਲੀ ਵਾਰ 'ਜ਼ੀਰੋ ਲਿਕਵਿਡ ਡਿਸਚਾਰਜ' ਸਿਸਟਮ ਸਥਾਪਤ ਕਰਨ ਲਈ 20 ਕਰੋੜ ਰੁਪਏ ਅਤੇ ਪਰਾਲੀ 'ਤੇ ਅਧਾਰਤ ਬਾਇਲਰਾਂ ਨੂੰ ਅਪਣਾਉਣ ਲਈ 7.50 ਕਰੋੜ ਰੁਪਏ ਦੀ ਫਿਕਸਡ ਕੈਪੀਟਲ ਸਬਸਿਡੀ ਸ਼ੁਰੂ ਕੀਤੀ ਗਈ ਹੈ।

ਹੋਰ ਪ੍ਰੋਤਸਾਹਨਾਂ ਵਿੱਚ ਮਾਲ ਭਾੜਾ ਸਬਸਿਡੀ, ਮਾਰਕੀਟਿੰਗ ਸਹਾਇਤਾ, ਖੋਜ ਅਤੇ ਵਿਕਾਸ (R&D) ਸਹੂਲਤਾਂ ਲਈ ਸਹਿਯੋਗ, ਇੱਕ NSE ਇਮਰਜ ਪਲੇਟਫਾਰਮ, ਗੁਣਵੱਤਾ ਪ੍ਰਮਾਣੀਕਰਣ, ਪੇਟੈਂਟ ਰਜਿਸਟ੍ਰੇਸ਼ਨ, ਵੈਂਡਰ ਵਿਕਾਸ ਪ੍ਰੋਗਰਾਮ ਅਤੇ ਨਹਿਰੀ ਪਾਣੀ ਦੇ ਉਪਭੋਗਤਾ ਖਰਚਿਆਂ ਤੋਂ ਛੋਟ ਸ਼ਾਮਲ ਹੈ। ਨਿਵੇਸ਼ਕਾਂ ਨੂੰ ਪਹਿਲਾਂ ਦਿੱਤੀਆਂ ਗਈਆਂ SGST, ਸਟੈਂਪ ਡਿਊਟੀ, ਬਿਜਲੀ ਡਿਊਟੀ ਵਿੱਚ ਛੋਟਾਂ ਅਤੇ ਰੁਜ਼ਗਾਰ ਉਤਪਾਦਨ ਸਬਸਿਡੀ ਵੀ ਜਾਰੀ ਰਹੇਗੀ।

ਨਿਵੇਸ਼ਕਾਂ ਦੀ ਯੋਗਤਾ ਦੀ ਮਿਆਦ 7-10 ਸਾਲ ਤੋਂ ਵਧਾ ਕੇ 10-15 ਸਾਲ ਕਰ ਦਿੱਤੀ ਗਈ ਹੈ। ਨੀਤੀ ਵਿੱਚ ਨੌਂ ਤਰਜੀਹੀ ਖੇਤਰਾਂ ਦੀ ਪਛਾਣ ਕੀਤੀ ਹੈ, ਜਿਸ ਵਿੱਚ ਫੂਡ ਪ੍ਰੋਸੈਸਿੰਗ, ਖੇਡਾਂ ਦਾ ਸਮਾਨ, ਟੈਕਸਟਾਈਲ ਅਤੇ ਸਹਾਇਕ ਉਦਯੋਗ, ਐਗਰੋ ਵੇਸਟ ਪ੍ਰੋਸੈਸਿੰਗ, ਆਟੋ ਅਤੇ ਆਟੋ ਪਾਰਟਸ, ਇਲੈਕਟ੍ਰੋਨਿਕਸ ਅਤੇ ਸੈਮੀ-ਕੰਡਕਟਰ, ਆਈ.ਟੀ. (IT), ਇਲੈਕਟ੍ਰਿਕ ਵਾਹਨ ਅਤੇ ਰੱਖਿਆ ਤੇ ਐਰੋਸਪੇਸ ਸ਼ਾਮਲ ਹਨ। ਇਨ੍ਹਾਂ ਖੇਤਰਾਂ ਨੂੰ 25 ਪ੍ਰਤੀਸ਼ਤ ਵਾਧੂ ਪ੍ਰੋਤਸਾਹਨ ਮਿਲੇਗਾ।

# ਇਰਾਨ ਨੇ 'ਬਿਨਾਂ ਸ਼ਰਤ ਆਤਮ ਸਮਰਪਣ' ਦੀ ਮੰਗ ਕੀਤੀ ਰੱਦ



**ਤਹਿਰਾਨ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਇਰਾਨ ਦੇ ਰਾਸ਼ਟਰਪਤੀ ਮਸੂਦ ਪੇਜੇਸ਼ਕੀਅਨ ਨੇ ਅਮਰੀਕਾ ਦੀ ਬਿਨਾਂ ਸ਼ਰਤ ਆਤਮ ਸਮਰਪਣ ਕਰਨ ਦੀ ਮੰਗ ਨੂੰ ਸਿਰੇ ਤੋਂ ਖਾਰਜ ਕਰਦਿਆਂ ਸਖ਼ਤ ਲਹਿਜੇ ਵਿੱਚ ਕਿਹਾ ਹੈ ਕਿ ਅਜਿਹਾ ਕਰਨਾ ਅਮਰੀਕਾ ਦਾ ਇੱਕ ਅਜਿਹਾ ਖ਼ੁਆਬ ਹੈ ਜਿਸ ਨੂੰ ਉਨ੍ਹਾਂ ਨੂੰ ਆਪਣੀ ਕਬਰ ਤੱਕ ਨਾਲ ਲੈ ਕੇ ਜਾਣਾ ਪਵੇਗਾ। ਸਰਕਾਰੀ ਟੈਲੀਵਿਜ਼ਨ 'ਤੇ ਪ੍ਰਸਾਰਿਤ ਇੱਕ ਸੰਬੋਧਨ ਦੌਰਾਨ ਪੇਜੇਸ਼ਕੀਅਨ ਨੇ ਸਪੱਸ਼ਟ ਕੀਤਾ ਕਿ ਇਰਾਨ ਕਿਸੇ ਵੀ ਦਬਾਅ ਅੱਗੇ ਝੁਕਣ ਵਾਲਾ ਨਹੀਂ ਹੈ। ਉਨ੍ਹਾਂ ਦਾ ਇਹ ਬਿਆਨ ਉਸ ਵੇਲੇ ਆਇਆ ਹੈ ਜਦੋਂ ਖੇਤਰ ਵਿੱਚ ਫੌਜੀ ਅਤੇ ਰਾਜਨੀਤਿਕ ਤਣਾਅ ਲਗਾਤਾਰ ਵਧ ਰਿਹਾ ਹੈ। ਦੂਜੇ ਪਾਸੇ, ਰਾਸ਼ਟਰਪਤੀ ਨੇ ਖੇਤਰੀ ਦੇਸ਼ਾਂ 'ਤੇ ਇਰਾਨ ਵੱਲੋਂ ਕੀਤੇ ਗਏ ਹਮਲਿਆਂ ਲਈ ਜਨਤਕ ਤੌਰ 'ਤੇ ਮੁਆਫੀ ਵੀ ਮੰਗੀ ਹੈ। ਉਨ੍ਹਾਂ ਸੰਕੇਤ ਦਿੱਤਾ ਕਿ ਬਹਿਰੀਨ, ਸਾਊਦੀ ਅਰਬ ਅਤੇ ਸੰਯੁਕਤ ਅਰਬ ਅਮੀਰਾਤ ("15) 'ਤੇ ਹੋਏ ਇਹ ਹਮਲੇ ਫੌਜੀ ਅਧਿਕਾਰੀਆਂ ਵਿਚਕਾਰ 'ਸੂਚਨਾ ਦੇ ਗਲਤ ਸੰਚਾਰ' ਕਾਰਨ ਹੋਏ ਸਨ। ਉਨ੍ਹਾਂ ਭਰੋਸਾ ਦਿੱਤਾ ਕਿ ਤੇਹਰਾਨ ਹੁਣ ਇਨ੍ਹਾਂ ਹਮਲਿਆਂ ਨੂੰ ਰੋਕ ਦੇਵੇਗਾ। ਇਹ ਬਿਆਨ ਖੇਤਰ ਵਿੱਚ ਸ਼ਾਂਤੀ ਦੀ ਇੱਕ ਮਹੀਨ ਉਮੀਦ ਵਜੋਂ ਦੇਖਿਆ ਜਾ ਰਿਹਾ ਹੈ, ਹਾਲਾਂਕਿ ਸ਼ਨੀਵਾਰ ਸਵੇਰੇ ਵੀ ਕਈ ਖੇਤਰੀ ਦੇਸ਼ਾਂ 'ਤੇ ਹਮਲੇ ਜਾਰੀ ਰਹੇ ਸਨ।

ਇਸ ਤੋਂ ਪਹਿਲਾਂ ਇਜ਼ਰਾਈਲੀ ਲੜਾਕੂ ਜਹਾਜ਼ਾਂ ਨੇ ਤੇਹਰਾਨ ਅਤੇ ਲੇਬਨਾਨ ਦੀ ਰਾਜਧਾਨੀ ਬੈਰੂਤ 'ਤੇ ਭਾਰੀ ਬੰਬਾਰੀ ਕੀਤੀ ਹੈ, ਜਿਸ ਵਿੱਚ ਹੁਣ ਤੱਕ ਇਰਾਨ ਵਿੱਚ 1,200 ਤੋਂ ਵੱਧ ਅਤੇ ਲੇਬਨਾਨ ਵਿੱਚ 200 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ।

# ਸਰਪੰਚ ਮਰਡਰ ਕੇਸ 'ਚ 11 ਵਿਅਕਤੀਆਂ ਖ਼ਿਲਾਫ਼ ਕੇਸ ਦਰਜ, 2 ਗ੍ਰਿਫ਼ਤਾਰ

## ਪੁਲਿਸ ਦੇ ਭਰੋਸੇ ਤੋਂ ਬਾਅਦ ਪਰਿਵਾਰ ਨੇ ਚੁੱਕਿਆ ਧਰਨਾ

**ਮੋਗਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮੋਗਾ ਜ਼ਿਲ੍ਹੇ ਦੇ ਪਿੰਡ ਪੱਤੋ ਹੀਰਾ ਸਿੰਘ ਦੇ ਸਰਪੰਚ ਹਰਪਿੰਦਰ ਸਿੰਘ 'ਹੈਪੀ' ਦੇ ਦਿਨ-ਦਿਹਾੜੇ ਹੋਏ ਕਤਲ ਮਾਮਲੇ ਵਿੱਚ ਪੁਲੀਸ ਨੇ 4 ਨਾਮਜ਼ਦ ਅਤੇ 7 ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਪੁਲੀਸ ਨੇ ਇਸ ਮਾਮਲੇ ਵਿੱਚ ਹੁਣ ਤੱਕ ਦੋ ਮੁਲਜ਼ਮਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ, ਜਿਸ ਤੋਂ ਬਾਅਦ ਸ਼ੁੱਕਰਵਾਰ ਦੇਰ ਰਾਤ ਪੀੜਤ ਪਰਿਵਾਰ ਨੇ ਆਪਣਾ ਰੋਸ ਪ੍ਰਦਰਸ਼ਨ ਖ਼ਤਮ ਕਰ ਦਿੱਤਾ।

ਦੱਸਣਯੋਗ ਹੈ ਕਿ ਸ਼ੁੱਕਰਵਾਰ ਸਵੇਰੇ ਹਮਲਾਵਰਾਂ ਨੇ ਸਰਪੰਚ 'ਤੇ ਤਾਬੜਤੋੜ ਫਾਇਰਿੰਗ ਕੀਤੀ ਸੀ, ਜਿਸ ਦੌਰਾਨ ਉਨ੍ਹਾਂ ਨੂੰ 6 ਤੋਂ 7 ਗੋਲੀਆਂ ਲੱਗੀਆਂ ਅਤੇ ਹਸਪਤਾਲ ਵਿੱਚ ਇਲਾਜ ਦੌਰਾਨ ਉਨ੍ਹਾਂ ਦੀ ਮੌਤ ਹੋ ਗਈ।

ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਕਤਲ ਆਪਸੀ ਰੰਜਿਸ਼ ਦਾ ਨਤੀਜਾ ਹੈ। ਹੈਪੀ ਨੂੰ ਪਿਛਲੇ ਕੁਝ ਸਮੇਂ ਤੋਂ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਸਨ, ਜਿਸ ਕਾਰਨ ਉਹ ਆਮ ਤੌਰ 'ਤੇ ਬੁਲੇਟਪਰੂਫ਼ ਗੱਡੀ ਦੀ ਵਰਤੋਂ ਕਰਦੇ ਸਨ। ਪਰ ਘਟਨਾ ਵਾਲੇ ਦਿਨ ਉਹ ਆਪਣੀ ਮਹਿੰਦਰਾ ਥਾਰ ਗੱਡੀ ਵਿੱਚ ਸਵਾਰ ਸਨ, ਜਿਸਦਾ ਫਾਇਦਾ ਉਠਾਉਂਦਿਆਂ ਹਮਲਾਵਰਾਂ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਬਾਘਾਪੁਰਾਣਾ ਪੁਲੀਸ ਨੇ ਭਰੋਸਾ ਦਿੱਤਾ ਹੈ ਕਿ ਬਾਕੀ ਮੁਲਜ਼ਮਾਂ ਨੂੰ ਸੋਮਵਾਰ ਤੱਕ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਫਿਲਹਾਲ ਲਾਸ਼ ਨੂੰ ਪੋਸਟਮਾਰਟਮ ਲਈ ਮੋਗਾ ਦੇ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ।

# ਬਲੋਚਿਸਤਾਨ 'ਚ ਪਾਕਿਸਤਾਨੀ ਫ਼ੌਜ ਦੀ ਵੱਡੀ ਕਾਰਵਾਈ: 15 ਅਤਿਵਾਦੀ ਹਲਾਕ



**ਇਸਲਾਮਾਬਾਦ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਕਿਸਤਾਨੀ ਸੁਰੱਖਿਆ ਬਲਾਂ ਨੇ ਬਲੋਚਿਸਤਾਨ ਵਿੱਚ ਦੋ ਵੱਖ-ਵੱਖ ਖ਼ੁਫ਼ੀਆ ਅਪਰੇਸ਼ਨਾਂ ਦੌਰਾਨ 15 ਅਤਿਵਾਦੀਆਂ ਨੂੰ ਮਾਰ ਮੁਕਾਇਆ ਹੈ। ਪਾਕਿਸਤਾਨੀ ਫ਼ੌਜ ਦੀ ਮੀਡੀਆ ਸ਼ਾਖਾ ਅਨੁਸਾਰ, ਪਹਿਲਾ ਅਪਰੇਸ਼ਨ ਹਰਨਾਈ ਜ਼ਿਲ੍ਹੇ ਵਿੱਚ ਚਲਾਇਆ ਗਿਆ, ਜਿੱਥੇ ਫ਼ੌਜ ਅਤੇ ਅਤਿਵਾਦੀਆਂ ਵਿਚਕਾਰ ਹੋਈ ਭਿਆਨਕ ਮੁੱਠਭੇੜ ਵਿੱਚ 12 ਅਤਿਵਾਦੀ ਮਾਰੇ ਗਏ। ਫ਼ੌਜ ਨੇ ਇਨ੍ਹਾਂ ਨੂੰ 'ਫਿਤਨਾ ਅਲ-ਖ਼ਵਾਰਿਜ' (ਤਹਿਰੀਕ-ਏ-ਤਾਲਿਬਾਨ ਪਾਕਿਸਤਾਨ) ਨਾਲ ਸਬੰਧਤ ਦੱਸਿਆ ਹੈ। ਮਾਰੇ ਗਏ ਅਤਿਵਾਦੀਆਂ ਕੋਲੋਂ ਵੱਡੀ ਮਾਤਰਾ ਵਿੱਚ ਹਥਿਆਰ, ਗੋਲਾ-ਬਾਰੂਦ ਅਤੇ ਵਿਸਫੋਟਕ ਸਮੱਗਰੀ ਵੀ ਬਰਾਮਦ ਕੀਤੀ ਗਈ ਹੈ।

ਦੂਜਾ ਅਪਰੇਸ਼ਨ ਬਾਸੀਮਾ ਜ਼ਿਲ੍ਹੇ ਵਿੱਚ ਚਲਾਇਆ ਗਿਆ, ਜਿੱਥੇ ਖ਼ੁਫ਼ੀਆ ਜਾਣਕਾਰੀ ਦੇ ਆਧਾਰ 'ਤੇ ਕੀਤੀ ਗਈ ਕਾਰਵਾਈ ਵਿੱਚ 3 ਹੋਰ ਅਤਿਵਾਦੀ ਮਾਰੇ ਗਏ।

ਜ਼ਿਕਰਯੋਗ ਹੈ ਕਿ ਬਲੋਚਿਸਤਾਨ ਲੰਬੇ ਸਮੇਂ ਤੋਂ ਬਗਾਵਤ ਅਤੇ ਹਿੰਸਾ ਦਾ ਸਾਹਮਣਾ ਕਰ ਰਿਹਾ ਹੈ, ਜਿੱਥੇ ਅਕਸਰ ਸੁਰੱਖਿਆ ਬਲਾਂ ਅਤੇ ਸਰਕਾਰੀ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਇਆ ਜਾਂਦਾ ਹੈ। ਪਾਕਿਸਤਾਨ ਸਰਕਾਰ ਇਨ੍ਹਾਂ ਹਮਲਿਆਂ ਲਈ 'ਬਲੋਚ ਲਿਬਰੇਸ਼ਨ ਆਰਮੀ' (BLA) ਅਤੇ TTP ਨੂੰ ਜ਼ਿੰਮੇਵਾਰ ਠਹਿਰਾਉਂਦੀ ਹੈ। ਇਸ ਤਾਜ਼ਾ ਕਾਰਵਾਈ ਨੂੰ ਇਲਾਕੇ ਵਿੱਚ ਅਤਿਵਾਦ ਵਿਰੁੱਧ ਇੱਕ ਵੱਡੀ ਸਫਲਤਾ ਵਜੋਂ ਦੇਖਿਆ ਜਾ ਰਿਹਾ ਹੈ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਵਜ਼ਾਰਤ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਵ ਪੱਧਰੀ 'ਸ੍ਰੀ ਗੁਰੂ ਤੇਗ਼ ਬਹਾਦਰ ਯੂਨੀਵਰਸਿਟੀ' ਨੂੰ ਮਨਜ਼ੂਰੀ



**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਵਿੱਚ ਉਚੇਰੀ ਸਿੱਖਿਆ, ਉਦਯੋਗਿਕ ਵਿਕਾਸ ਅਤੇ ਪ੍ਰਸ਼ਾਸਨਿਕ ਸੁਧਾਰਾਂ ਨੂੰ ਉਤਸ਼ਾਹਤ ਕਰਨ ਦੇ ਮਨੋਰਥ ਨਾਲ ਅਹਿਮ ਫੈਸਲੇ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮੰਤਰੀ ਮੰਡਲ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਨਾਮ 'ਤੇ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਤ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਮੁੱਖ ਮੰਤਰੀ ਦੀ ਅਗਵਾਈ ਵਿੱਚ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਸਰਕਾਰੀ ਕਾਲਜਾਂ ਵਿੱਚ 1158 ਸਹਾਇਕ ਪ੍ਰੋਫੈਸਰਾਂ ਅਤੇ ਲਾਇਬ੍ਰੇਰੀਅਨਾਂ ਦੀ ਭਰਤੀ ਕਰਨ ਲਈ ਹਰੀ ਝੰਡੀ ਦੇ ਦਿੱਤੀ ਹੈ।

ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਦਫ਼ਤਰ ਮੁਤਾਬਕ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮੰਤਰੀ ਮੰਡਲ ਨੇ ਯੂਨੀਵਰਸਿਟੀ ਦੀ ਸਥਾਪਨਾ ਅਤੇ ਸ੍ਰੀ ਗੁਰੂ ਤੇਗ਼ ਬਹਾਦਰ ਵਿਸ਼ਵ ਪੱਧਰੀ ਯੂਨੀਵਰਸਿਟੀ ਲਈ ਖਰੜਾ ਬਿੱਲ ਨੂੰ ਮਨਜ਼ੂਰੀ ਦੇ ਦਿੱਤੀ ਹੈ। ਮੰਤਰੀ ਮੰਡਲ ਨੇ ਯੂਨੀਵਰਸਿਟੀ ਦੀ ਸਥਾਪਨਾ ਸਮੇਂ ਸਿਰ ਕਰਨ ਲਈ ਸਾਰੇ ਲੋੜੀਂਦੇ ਫੈਸਲੇ ਲੈਣ ਲਈ ਮੁੱਖ ਮੰਤਰੀ ਨੂੰ ਅਧਿਕਾਰਤ ਕੀਤਾ ਹੈ।

ਮੰਤਰੀ ਮੰਡਲ ਨੇ ਪੰਜਾਬ ਉਦਯੋਗ ਕ੍ਰਾਂਤੀ ਤਹਿਤ ਉਦਯੋਗਿਕ ਤੇ ਵਪਾਰ ਵਿਕਾਸ ਨੀਤੀ-2026 ਉਤੇ ਮੋਹਰ ਲਾ ਦਿੱਤੀ ਹੈ ਅਤੇ ਇਸ ਨੀਤੀ ਵਿੱਚ ਸੈਕਟਰ ਅਧਾਰਿਤ ਨੀਤੀਆਂ, ਵਿਸਥਾਰਤ ਸਕੀਮਾਂ ਅਤੇ ਦਿਸ਼ਾ-ਨਿਰਦੇਸ਼ ਨੂੰ ਦਰਸਾਉਂਦੇ ਹਨ।

ਇਸ ਨੀਤੀ ਦਾ ਉਦੇਸ਼ ਸੂਬੇ ਵਿੱਚ ਵਿੱਤੀ ਰਿਆਇਤਾਂ, ਖੇਤਰੀ ਵਿਕਾਸ, ਰੋਜ਼ਗਾਰ ਪੈਦਾ ਕਰਨ, ਬੁਨਿਆਦੀ ਢਾਂਚੇ ਦੀ ਮਜ਼ਬੂਤੀ ਅਤੇ ਉੱਭਰ ਰਹੇ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਲਈ ਵਿਆਪਕ ਅਤੇ ਢਾਂਚਾਗਤ ਵਿਵਸਥਾ ਸਥਾਪਤ ਕਰਨਾ ਹੈ। ਇਸ ਨਾਲ ਆਰਥਿਕ ਗਤੀਵਿਧੀਆਂ ਨੂੰ ਵੱਡਾ ਹੁਲਾਰਾ ਮਿਲਣ ਦੀ ਉਮੀਦ ਹੈ ਅਤੇ ਪੰਜਾਬ ਨੂੰ ਉੱਚ ਆਰਥਿਕ ਵਿਕਾਸ ਦੇ ਰਾਹ 'ਤੇ ਪਾਉਣ ਦੀ ਆਸ ਹੈ।

ਮੰਤਰੀ ਮੰਡਲ ਨੇ ਸਰਕਾਰੀ ਨੌਕਰੀਆਂ ਅਤੇ ਵਿਦਿਅਕ ਸੰਸਥਾਵਾਂ 'ਚ ਦਾਖਲਿਆਂ ਵਿੱਚ ਖਿਡਾਰੀਆਂ ਲਈ ਰਾਖਵਾਂਕਰਨ ਨੂੰ ਸੁਚਾਰੂ ਬਣਾਉਣ ਲਈ ਨੀਤੀ ਨੂੰ ਪ੍ਰਵਾਨਗੀ ਦਿੱਤੀ। ਇਹ ਖੇਡਾਂ ਵਿੱਚ ਪ੍ਰਾਪਤੀ ਦੇ ਸਰਟੀਫਿਕੇਟਾਂ ਨੂੰ ਅੰਕ ਨਿਰਧਾਰਤ ਕਰਨ ਲਈ ਉਦੇਸ਼ਪੂਰਨ ਅਤੇ ਆਸਾਨੀ ਨਾਲ ਸਮਝਣ ਯੋਗ ਮਾਪਦੰਡ ਨਿਰਧਾਰਤ ਕਰਦਾ ਹੈ। ਨੀਤੀ ਦੇ ਅਨੁਸਾਰ ਖੇਡਾਂ ਵਿੱਚ ਪ੍ਰਾਪਤੀਆਂ ਨੂੰ 75 ਫੀਸਦੀ ਮਹੱਤਤਾ ਦਿੱਤੀ ਜਾਵੇਗੀ ਜਦੋਂ ਕਿ 25 ਫੀਸਦੀ ਮਹੱਤਤਾ ਦਾਖਲਾ ਪ੍ਰੀਖਿਆ ਵਿੱਚ ਕਾਰਗੁਜ਼ਾਰੀ 'ਤੇ ਅਧਾਰਿਤ ਹੋਵੇਗੀ।

ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਕੈਬਨਿਟ ਨੇ ਫਾਰਮਾਸਿਸਟਾਂ ਦੀ ਭਰਤੀ ਲਈ ਡਿਪਲੋਮਾ ਇਨ ਫਾਰਮੇਸੀ ਨੂੰ ਵਾਧੂ ਵਿਦਿਅਕ ਯੋਗਤਾ ਵਜੋਂ ਸ਼ਾਮਲ ਕਰਨ ਲਈ ਪੰਜਾਬ ਸਿਹਤ ਅਤੇ ਪਰਿਵਾਰ ਭਲਾਈ ਤਕਨੀਕੀ (ਗਰੁੱਪ-ਸੀ) ਸੇਵਾ ਨਿਯਮ, 2016 ਵਿੱਚ ਸੋਧ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਹ ਡਿਪਲੋਮਾ ਧਾਰਕਾਂ ਨੂੰ ਫਾਰਮਾਸਿਸਟ ਦੀ ਆਸਾਮੀ ਲਈ ਅਰਜ਼ੀ ਦੇਣ ਦੇ ਯੋਗ ਬਣਾਏਗਾ ਅਤੇ ਪੰਜਾਬ ਦੇ ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਦੀ ਸਪਲਾਈ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰੇਗਾ।

*ਪੰਜਾਬ ਦੇ ਹੋਮ ਗਾਰਡਜ਼ ਦੇ ਸ਼ਹੀਦ ਅਸ਼ੋਕ ਕੁਮਾਰ ਲਈ ਐਕਸ-ਗ੍ਰੇਸ਼ੀਆ ਗ੍ਰਾਂਟ ਨੂੰ ਹਰੀ ਝੰਡੀ*

# ਇਮਰਾਨ ਖਾਨ ਦੀ ਪਾਰਟੀ ਦੇ 47 ਆਗੂਆਂ ਅਤੇ ਸਮਰਥਕਾਂ ਨੂੰ 10-10 ਸਾਲ ਦੀ ਸਜ਼ਾ

**ਇਸਲਾਮਾਬਾਦ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਕਿਸਤਾਨ ਤਹਿਰੀਕ-ਏ-ਇਨਸਾਫ (PTI) ਦੇ 47 ਆਗੂਆਂ ਅਤੇ ਸਮਰਥਕਾਂ ਨੂੰ 9 ਮਈ, 2023 ਦੇ ਪ੍ਰਦਰਸ਼ਨਾਂ ਦੌਰਾਨ ਹੋਈ ਭੰਨਤੋੜ ਅਤੇ ਹਿੰਸਾ ਦੇ ਮਾਮਲੇ ਵਿੱਚ ਉਨ੍ਹਾਂ ਦੀ ਗੈਰ-ਹਾਜ਼ਰੀ ਵਿੱਚ 10-10 ਸਾਲ ਦੀ ਕੈਦ ਅਤੇ 5,00,000 ਪਾਕਿਸਤਾਨੀ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

ਇਹ ਦੇਸ਼ ਵਿਆਪੀ ਪ੍ਰਦਰਸ਼ਨ ਇਸਲਾਮਾਬਾਦ ਵਿੱਚ ਪਾਰਟੀ ਦੇ ਸੰਸਥਾਪਕ ਅਤੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਗ੍ਰਿਫਤਾਰੀ ਤੋਂ ਬਾਅਦ ਸ਼ੁਰੂ ਹੋਏ ਸਨ।

ਪ੍ਰਦਰਸ਼ਨਕਾਰੀਆਂ ਦੇ ਇੱਕ ਸਮੂਹ ਨੇ ਰਾਵਲਪਿੰਡੀ ਵਿੱਚ ਫੌਜ ਦੇ ਮੁੱਖ ਦਫਤਰ (GHQ) ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਸੀ, ਜਿਸ ਦੌਰਾਨ ਸਰਕਾਰੀ ਜਾਇਦਾਦਾਂ ਦੀ ਭੰਨਤੋੜ ਹੋਈ। ਰਾਵਲਪਿੰਡੀ ਦੀ ਅਤਿਵਾਦ ਵਿਰੋਧੀ ਅਦਾਲਤ ਦੇ ਜੱਜ ਅਮਜਦ ਅਲੀ ਸ਼ਾਹ ਨੇ ਇਹ ਫੈਸਲਾ ਉਨ੍ਹਾਂ 47 ਵਿਅਕਤੀਆਂ ਵਿਰੁੱਧ ਸੁਣਾਇਆ ਹੈ, ਜਿਨ੍ਹਾਂ ਨੂੰ ਪਹਿਲਾਂ ਹੀ ਭਗੌੜਾ ਐਲਾਨਿਆ ਜਾ ਚੁੱਕਾ ਸੀ। ਅਦਾਲਤ ਨੇ ਉਨ੍ਹਾਂ ਨੂੰ ਦੋਸ਼ੀ ਪਾਉਂਦੇ ਹੋਏ ਸਜ਼ਾ ਦੇ ਨਾਲ-ਨਾਲ ਉਨ੍ਹਾਂ ਦੀ ਚੱਲ ਅਤੇ ਅਚੱਲ ਜਾਇਦਾਦ ਨੂੰ ਜ਼ਬਤ ਕਰਨ ਦੇ ਹੁਕਮ ਵੀ ਦਿੱਤੇ ਹਨ। ਜੁਰਮਾਨਾ ਨਾ ਭਰਨ ਦੀ ਸੂਰਤ ਵਿੱਚ ਦੋਸ਼ੀਆਂ ਨੂੰ ਵਾਧੂ ਕੈਦ ਕੱਟਣੀ ਪਵੇਗੀ।

# ਸਨਾਤਨ ਸੇਵਾ ਕਮੇਟੀ, ਮੋਹਾਲੀ ਵੱਲੋਂ 25 ਤੋਂ 26 ਨੂੰ ਮਨਾਇਆ ਜਾਵੇਗਾ ਰਾਮਨਵਮੀ ਦਾ ਤਿਉਹਾਰ



**ਮੁਹਾਲੀ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਨਾਤਨ ਸੇਵਾ ਕਮੇਟੀ, ਮੋਹਾਲੀ ਵੱਲੋਂ ਸਨਾਤਨ ਧਰਮ ਵਿੱਚ ਮਨਾਏ ਜਾਣ ਵਾਲੇ ਸਾਰੇ ਤਿਉਹਾਰਾਂ ਨੂੰ ਸਮੂਹਿਕ ਤੌਰ ਨਾਲ ਮਨਾਉਣ ਦੇ ਮੰਤਵ ਨਾਲ ਇੱਕ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਫੇਜ਼-1 ਦੀ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ।

ਸਨਾਤਨ ਸੇਵਾ ਕਮੇਟੀ ਦੇ ਬੁਲਾਰੇ ਨੇ ਦਸਿਆ ਕਿ ਮੀਟਿੰਗ ਦੀ ਸ਼ੁਰੂਆਤ ਵਿੱਚ ਸਰਵਸੰਮਤੀ ਨਾਲ ਇਹ ਫੈਸਲਾ ਕੀਤਾ ਗਿਆ ਕਿ ਇਸ ਸਾਲ ਫੇਜ਼-1 ਦੀ ਸਾਰੇ ਧਾਰਮਿਕ ਅਦਾਰੇ ਇੱਕਜੁਟ ਹੋ ਕੇ ਰਾਮਨਵਮੀ ਦਾ ਤਿਉਹਾਰ ਸ਼ਰਧਾ ਅਤੇ ਧੂਮਧਾਮ ਨਾਲ ਮਨਾਉਣਗੇ।

ਬੁਲਾਰੇ ਨੇ ਦਸਿਆ ਕਿ ਰਾਮਨਵਮੀ ਦਾ ਇਹ ਤਿਉਹਾਰ 25 ਮਾਰਚ ਤੋਂ 26 ਮਾਰਚ, 2026 ਤੱਕ ਫੇਜ਼-1 ਵਿੱਚ ਖੋਖਾ ਮਾਰਕਿਟ ਦੇ ਸਾਹਮਣੇ ਸਥਿਤ ਪਾਰਕ ਵਿੱਚ ਮਨਾਇਆ ਜਾਵੇਗਾ। ਇਸ ਮੌਕੇ 'ਤੇ ਸਮੂਹਿਕ ਰਮਾਇਣ ਪਾਠ ਦਾ ਆਯੋਜਨ ਕੀਤਾ ਜਾਵੇਗਾ। ਸਮੂਹਿਕ ਰਮਾਇਣ ਦੀ ਸ਼ੁਰੂਆਤ 25 ਮਾਰਚ ਨੂੰ ਸਵੇਰੇ 9:00 ਵਜੇ ਹੋਵੇਗੀ ਅਤੇ 26 ਮਾਰਚ ਨੂੰ ਇਸ ਦਾ ਭੋਗ ਪਾਇਆ ਜਾਵੇਗਾ। ਭੋਗ ਦੇ ਬਾਅਦ ਸ਼ਰਧਾਲੂਆਂ ਲਈ ਭੰਡਾਰੇ ਦਾ ਪ੍ਰਬੰਧ ਵੀ ਕੀਤਾ ਜਾਵੇਗਾ।

ਬੁਲਾਰੇ ਨੇ ਇਹ ਵੀ ਦਸਿਆ ਕਿ ਸਨਾਤਨ ਸੇਵਾ ਕਮੇਟੀ ਵੱਲੋਂ ਇੱਕ ਕੋਰ ਕਮੇਟੀ ਦਾ ਗਠਨ ਕੀਤਾ ਜਾਵੇਗਾ, ਜਿਸ ਵਿੱਚ ਸਾਰਿਆਂ ਧਾਰਮਿਕ ਸੰਸਥਾਵਾਂ ਦੇ ਅਹੁੱਦੇਦਾਰ ਅਤੇ ਮੈਂਬਰ ਸ਼ਾਮਿਲ ਹੋਣਗੇ। ਇਹ ਕਮੇਟੀ ਭਵਿੱਖ ਵਿੱਚ ਹੋਣ ਵਾਲੇ ਸਾਰੇ ਧਾਰਮਿਕ ਪ੍ਰਬੰਧਾਂ ਦੇ ਸਬੰਧ ਵਿੱਚ ਫੈਸਲਾ ਲਵੇਗੀ।

ਇਸ ਮੌਕੇ 'ਤੇ ਗੌਗ੍ਰਾਸ ਸੇਵਾ ਕਮੇਟੀ, ਸ੍ਰੀ ਰਾਮ ਲੀਲਾ ਅਤੇ ਦਸ਼ਹਿਰਾ ਕਮੇਟੀ, ਅੰਕੁਸ਼ ਕਲੱਬ, ਸ੍ਰੀ ਹਰੀ ਕੀਰਤਨ ਭਜਨ ਮੰਡਲ ਅਤੇ ਰਾਮ ਲੀਲਾ ਕਮੇਟੀ ਦੇ ਅਹੁੱਦੇਦਾਰ ਅਤੇ ਮੈਂਬਰ ਮੌਜੂਦ ਰਹੇ।

# ਪੰਜਾਬ ਵਿੱਚ ਨਿਵੇਸ਼ ਨੂੰ ਪ੍ਰੋਤਸਾਹਨ ਦੇਣ ਲਈ ਨਵੀਂ ਉਦਯੋਗਿਕ ਨੀਤੀ ਜਾਰੀ

## ➢ ਉਦਯੋਗਾਂ ਲਈ ਖੁੱਲ੍ਹੇ ਨਵੇਂ ਦਰਵਾਜ਼ੇ: ➢ ਪੰਜਾਬ ਸਰਕਾਰ ਨੇ ਇੰਡਸਟਰੀ ਪਾਲਿਸੀ 2026 ਕੀਤੀ ਲਾਂਚ

**ਲੁਧਿਆਣਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਨਿਵੇਸ਼ ਨੂੰ ਆਕਰਸ਼ਿਤ ਕਰਨ ਅਤੇ ਉਦਯੋਗਿਕ ਵਿਕਾਸ ਨੂੰ ਨਵੀਂ ਰਫ਼ਤਾਰ ਦੇਣ ਲਈ ਪੰਜਾਬ ਸਰਕਾਰ ਨੇ ਨਵੀਂ ਉਦਯੋਗਿਕ ਨੀਤੀ -2026 ਦਾ ਐਲਾਨ ਕੀਤਾ ਹੈ। ਇਹ ਨੀਤੀ ਨਵੇਂ ਨਿਵੇਸ਼ਕਾਂ ਦੇ ਨਾਲ-ਨਾਲ ਪਹਿਲਾਂ ਤੋਂ ਚੱਲ ਰਹੇ ਉਦਯੋਗਾਂ ਨੂੰ ਵਿਸਥਾਰ ਅਤੇ ਆਧੁਨਿਕਤਾ ਲਈ ਵੀ ਲਾਭ ਦੇਵੇਗੀ।

ਸਰਕਾਰ ਦੇ ਅਨੁਸਾਰ ਇਸ ਨੀਤੀ ਤਹਿਤ ਉਦਯੋਗਾਂ ਨੂੰ ਵੱਖ-ਵੱਖ ਤਰ੍ਹਾਂ ਦੇ ਪ੍ਰੋਤਸਾਹਨ ਦਿੱਤੇ ਜਾਣਗੇ, ਜਿਸ ਨਾਲ ਪੰਜਾਬ ਵਿੱਚ ਨਿਵੇਸ਼ ਵਧਣ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਬਣਨ ਦੀ ਉਮੀਦ ਹੈ। ਨਵੀਂ ਨੀਤੀ ਅਧੀਨ ਉਦਯੋਗਪਤੀਆਂ ਨੂੰ ਆਪਣੀ ਲੋੜ ਮੁਤਾਬਕ 20 ਤੱਕ ਇਨਸੈਂਟਿਵ ਵਿਕਲਪ ਚੁਣ ਕੇ ਕਸਟਮਾਈਜ਼ ਪੈਕੇਜ ਬਣਾਉਣ ਦੀ ਆਜ਼ਾਦੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਪਰਿਆਵਰਣ ਮਿਤਰ ਤਕਨਾਲੋਜੀ ਨੂੰ ਉਤਸ਼ਾਹਿਤ ਕਰਨ ਲਈ ਜ਼ੀਰੋ ਲਿਕਵਿਡ ਡਿਸਚਾਰਜ ਸਿਸਟਮ ਲਈ 20 ਕਰੋੜ ਰੁਪਏ ਤੱਕ ਦੀ ਸਬਸਿਡੀ ਅਤੇ ਪਰਾਲੀ ਆਧਾਰਿਤ ਬਾਇਲਰ ਲਈ 7.5 ਕਰੋੜ ਰੁਪਏ ਤੱਕ ਦੀ ਮਦਦ ਦਾ ਪ੍ਰਬੰਧ ਕੀਤਾ ਗਿਆ ਹੈ।

ਇਸ ਨੀਤੀ ਵਿੱਚ ਖਾਦ ਪ੍ਰੋਸੈਸਿੰਗ, ਖੇਡ ਸਮਾਨ, ਟੈਕਸਟਾਈਲ, ਆਟੋ ਕੰਪੋਨੈਂਟ, ਇਲੈਕਟ੍ਰਾਨਿਕਸ, ਆਈਟੀ, ਇਲੈਕਟ੍ਰਿਕ ਵਾਹਨ ਅਤੇ ਡਿਫੈਂਸ ਵਰਗੇ 9 ਪ੍ਰਾਥਮਿਕ ਖੇਤਰਾਂ ਨੂੰ ਖਾਸ ਤਰਜੀਹ ਦਿੱਤੀ ਗਈ ਹੈ। ਇਨ੍ਹਾਂ ਖੇਤਰਾਂ ਵਿੱਚ ਨਿਵੇਸ਼ ਕਰਨ ਵਾਲੀਆਂ ਇਕਾਈਆਂ ਨੂੰ ਵਾਧੂ ਪ੍ਰੋਤਸਾਹਨ ਦਿੱਤਾ ਜਾਵੇਗਾ।

ਇਸ ਤੋਂ ਇਲਾਵਾ ਸਰਕਾਰ ਵੱਲੋਂ ਟੈਕਸ (SGST) ਛੂਟ, ਸਟੈਂਪ ਡਿਊਟੀ ਵਿੱਚ ਰਾਹਤ, ਬਿਜਲੀ ਡਿਊਟੀ ਛੂਟ ਅਤੇ ਰੋਜ਼ਗਾਰ ਸਿਰਜਣ ਸਬਸਿਡੀ ਵਰਗੀਆਂ ਪੁਰਾਣੀਆਂ ਸਹੂਲਤਾਂ ਨੂੰ ਵੀ ਜਾਰੀ ਰੱਖਿਆ ਗਿਆ ਹੈ।

ਸਰਕਾਰ ਦਾ ਦਾਅਵਾ ਹੈ ਕਿ ਇਹ ਨੀਤੀ ਪੰਜਾਬ ਨੂੰ ਉਦਯੋਗਿਕ ਨਿਵੇਸ਼ ਲਈ ਹੋਰ ਮੁਕਾਬਲੇਯੋਗ ਬਣਾਏਗੀ ਅਤੇ ਰਾਜ ਦੀ ਅਰਥਵਿਵਸਥਾ ਨੂੰ ਮਜ਼ਬੂਤ ਕਰੇਗੀ।

**- ਮੁੱਖ ਬਿੰਦੂ**

➢ ਉਦਯੋਗਾਂ ਲਈ 20 ਤੱਕ ਇਨਸੈਂਟਿਵ ਚੁਣਨ ਦੀ ਆਜ਼ਾਦੀ
➢ ਜ਼ੀਰੋ ਲਿਕਵਿਡ ਡਿਸਚਾਰਜ ਸਿਸਟਮ ਲਈ 20 ਕਰੋੜ ਤੱਕ ਸਬਸਿਡੀ
➢ ਪਰਾਲੀ ਆਧਾਰਿਤ ਬਾਇਲਰ ਲਈ 7.5 ਕਰੋੜ ਤੱਕ ਮਦਦ
➢ SGST, ਸਟੈਂਪ ਡਿਊਟੀ ਅਤੇ ਬਿਜਲੀ ਡਿਊਟੀ ਵਿੱਚ ਛੂਟ ਜਾਰੀ
➢ ਨਿਵੇਸ਼ਕਾਂ ਲਈ ਯੋਗਤਾ ਅਵਧੀ 10-15 ਸਾਲ ਤੱਕ ਵਧਾਈ
➢ 9 ਪ੍ਰਾਥਮਿਕ ਖੇਤਰਾਂ ਨੂੰ ਵਾਧੂ 25% ਪ੍ਰੋਤਸਾਹਨ
➢ ਸਰਹੱਦੀ ਜ਼ਿਲ੍ਹਿਆਂ ਅਤੇ ਕਾਂਡੀ ਖੇਤਰ ਲਈ ਵੀ ਵਾਧੂ ਲਾਭ

# ਗੈਂਗਸਟਰ ਜੱਗੂ ਭਗਵਾਨਪੁਰੀਆ ਦਾ ਸਾਥੀ ਅੰਮ੍ਰਿਤਪਾਲ ਸਿੰਘ ਕਾਬੂ



**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜੱਗੂ ਭਗਵਾਨਪੁਰੀਆ ਗੈਂਗ ਨਾਲ ਜੁੜੇ ਮੋਸਟ-ਵਾਂਟੇਡ ਗੈਂਗਸਟਰ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਡਾਲਮ ਨੂੰ ਕਾਬੂ ਕਰ ਲਿਆ ਗਿਆ ਹੈ। ਜਾਣਕਾਰੀ ਮੁਤਾਬਕ ਪੰਜਾਬ ਪੁਲੀਸ ਦੀ ਬੇਨਤੀ 'ਤੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਜਾਰੀ ਇੰਟਰਪੋਲ ਰੈੱਡ ਨੋਟਿਸ ਦੇ ਆਧਾਰ 'ਤੇ ਅੰਮ੍ਰਿਤ ਡਾਲਮ ਨੂੰ ਮੋਲਡੋਵਾ ਸਰਹੱਦ 'ਤੇ ਹਿਰਾਸਤ ਵਿੱਚ ਲਿਆ ਗਿਆ ਹੈ।

ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਪੰਜਾਬ ਵਿੱਚ ਕਈ ਗੰਭੀਰ ਅਪਰਾਧਿਕ ਮਾਮਲਿਆਂ ਵਿੱਚ ਲੋੜੀਂਦਾ ਹੈ ਅਤੇ ਕਾਫੀ ਸਮੇਂ ਤੋਂ ਵਿਦੇਸ਼ ਵਿੱਚ ਫਰਾਰ ਸੀ। ਡੀਜੀਪੀ ਨੇ ਕਿਹਾ ਕਿ ਇਹ ਹਿਰਾਸਤ ਕੌਮਾਂਤਰੀ ਤਾਲਮੇਲ ਅਤੇ ਪੰਜਾਬ ਪੁਲੀਸ ਵੱਲੋਂ ਵਿਸ਼ਵ ਪੱਧਰੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨਾਲ ਲਗਾਤਾਰ ਕੀਤੀ ਗਈ ਪੈਰਵੀ ਸਦਕਾ ਸੰਭਵ ਹੋਈ ਹੈ। ਉਸ ਨੂੰ ਭਾਰਤ ਵਾਪਸ ਲਿਆਉਣ ਲਈ ਹੁਣ ਕਾਨੂੰਨੀ ਅਤੇ ਸਿਆਸੀ ਪ੍ਰਕਿਰਿਆਵਾਂ ਚੱਲ ਰਹੀਆਂ ਹਨ ਤਾਂ ਜੋ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ।

ਪੁਲੀਸ ਅਨੁਸਾਰ ਪੰਜਾਬ ਪੁਲੀਸ ਦਾ ਓਵਰਸੀਜ਼ ਫਿਊਜਿਟਿਵ ਟ੍ਰੈਕਿੰਗ ਸੈੱਲ (OFTEC) ਇਸ ਸਮੇਂ ਵੱਖ-ਵੱਖ ਦੇਸ਼ਾਂ ਵਿੱਚ ਲੁਕੇ ਹੋਏ 61 ਭਗੌੜੇ ਗੈਂਗਸਟਰਾਂ ਦੀ ਭਾਲ ਕਰ ਰਿਹਾ ਹੈ ਅਤੇ ਅੰਮ੍ਰਿਤ ਡਾਲਮ ਦੀ ਹਿਰਾਸਤ ਇਨ੍ਹਾਂ ਅਪਰਾਧੀਆਂ ਨੂੰ ਇਨਸਾਫ਼ ਦੇ ਕਟਹਿਰੇ ਵਿੱਚ ਲਿਆਉਣ ਦੀਆਂ ਕੋਸ਼ਿਸ਼ਾਂ ਵਿੱਚ ਇੱਕ ਵੱਡੀ ਕਾਮਯਾਬੀ ਹੈ।

# ਸਿਵਲ ਸੇਵਾਵਾਂ ਪ੍ਰੀਖਿਆ ਵਿੱਚ ਸੁਨਵਰਦੀਪ ਸਿੰਘ ਦੀ ਸਫਲਤਾ ਨੌਜਵਾਨਾਂ ਲਈ ਚਾਨਣ ਮੁਨਾਰਾ : ਕੁਲਤਾਰ ਸਿੰਘ ਸੰਧਵਾਂ



**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਯੂ.ਪੀ.ਐਸ.ਸੀ. ਪ੍ਰੀਖਿਆ ਵਿੱਚ ਸ਼ਾਨਦਾਰ ਸਫਲਤਾ ਹਾਸਿਲ ਕਰਨ ਵਾਲੇ ਦੇਸ਼ ਦੇ ਸਾਰੇ ਪ੍ਰਤਿਭਾਵਾਨ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ। ਉਹਨਾਂ ਕਿਹਾ ਕਿ ਪੰਜਾਬ ਦੀਆਂ ਧੀਆਂ ਅਤੇ ਪੁੱਤਰਾਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਜੇਕਰ ਇਰਾਦੇ ਮਜ਼ਬੂਤ ਹੋਣ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ।

ਉਹਨਾਂ ਬੜੇ ਫਖਰ ਨਾਲ ਕਿਹਾ ਕਿ ਪਟਿਆਲਾ ਦੀ ਸਿਮਰਨਦੀਪ ਕੌਰ ਅਤੇ ਰਸਨੀਤ ਕੌਰ, ਬਲਾਚੌਰ ਦੀ ਕ੍ਰਿਤਿਕਾ ਚੌਧਰੀ, ਮਾਨਸਾ ਤੋਂ ਮਨਪ੍ਰੀਤ ਕੌਰ ਅਤੇ ਆਕ੍ਰਿਤੀ ਸਿੰਗਲਾ ਵਰਗੇ ਹੀਰਿਆਂ ਨੇ ਪੂਰੇ ਦੇਸ਼ ਵਿੱਚ ਪੰਜਾਬ ਦਾ ਨਾਮ ਚਮਕਾਇਆ ਹੈ। ਉਹਨਾਂ ਕਿਹਾ ਕਿ ਸਾਡੇ ਲਈ ਇਹ ਬਹੁਤ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਫਰੀਦਕੋਟ ਨਿਵਾਸੀ ਡਾ. ਕੁਲਦੀਪ ਸਿੰਘ (ਡਾਇਰੈਕਟਰ,ਪੀ.ਏ.ਯੂ. , ਫਰੀਦਕੋਟ) ਦੇ ਪੁੱਤਰ ਸੁਨਵਰਦੀਪ ਸਿੰਘ ਨੇ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ (ਯੂ.ਪੀ.ਐਸ.ਸੀ.) ਵੱਲੋਂ ਕਰਵਾਈ ਗਈ ਸਿਵਲ ਸੇਵਾਵਾਂ ਪ੍ਰੀਖਿਆ ਵਿੱਚ 76ਵਾਂ ਰੈਂਕ ਪ੍ਰਾਪਤ ਕੀਤਾ ਹੈ।

ਆਪਣੀ ਖੁਸ਼ੀ ਦਾ ਇਜ਼ਹਾਰ ਕਰਦਿਆਂ ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਸੁਨਵਰਦੀਪ ਸਿੰਘ ਦੀ ਇਹ ਸ਼ਾਨਦਾਰ ਸਫਲਤਾ ਨਾ ਸਿਰਫ਼ ਉਸਦੇ ਦੇ ਪਰਿਵਾਰ ਲਈ ਸਗੋਂ ਪੂਰੇ ਫਰੀਦਕੋਟ ਜ਼ਿਲ੍ਹੇ ਅਤੇ ਸਮੁਚੇ ਪੰਜਾਬ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਨੌਜਵਾਨਾਂ ਲਈ ਵੱਡੀ ਪ੍ਰੇਰਨਾ ਹੈ, ਜੋ ਸਾਬਤ ਕਰਦੀ ਹੈ ਕਿ ਸਖ਼ਤ ਮਿਹਨਤ, ਲਗਨ ਅਤੇ ਮਜ਼ਬੂਤ ਇਰਾਦਿਆਂ ਨਾਲ ਕੋਈ ਵੀ ਟੀਚਾ ਹਾਸਿਲ ਕੀਤਾ ਜਾ ਸਕਦਾ ਹੈ। ਸੰਧਵਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ, ਨੌਜਵਾਨਾਂ ਨੂੰ ਸੁਨਵਰਦੀਪ ਸਿੰਘ ਦੀ ਸਫਲਤਾ ਤੋਂ ਸਿੱਖਣ ਦੀ ਲੋੜ ਹੈ। ਵਿਦਿਆਰਥੀਆਂ ਨੂੰ ਸਮਾਜ ਦੀ ਤਰੱਕੀ ਲਈ ਯੋਗਦਾਨ ਪਾਉਣਾ ਚਾਹੀਦਾ ਹੈ ਅਤੇ ਆਪਣੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਗਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸੁਨਵਰਦੀਪ ਸਿੰਘ ਵਰਗੇ ਪ੍ਰਤਿਭਾਸ਼ਾਲੀ ਨੌਜਵਾਨ ਸਮਾਜ ਲਈ ਚਾਨਣ ਮੁਨਾਰਾ ਸਿੱਧ ਹੁੰਦੇ ਹਨ, ਜੋ ਨਾ ਸਿਰਫ ਖੁਦ ਅੱਗੇ ਵਧਦੇ ਹਨ ਬਲਕਿ ਹੋਰਨਾਂ ਨੂੰ ਵੀ ਉੱਚੀਆਂ ਉਡਾਨਾਂ ਭਰਨ ਲਈ ਪ੍ਰੇਰਦੇ ਹਨ। ਸਪੀਕਰ ਸੰਧਵਾਂ ਨੇ ਡਾ. ਕੁਲਦੀਪ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਸੁਨਵਰਦੀਪ ਸਿੰਘ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਨਵੇਂ ਅਧਿਕਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ 'ਰੰਗਲੇ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨਗੇ।

# ਬੱਸਾਂ ਦੇ ਰੰਗ ਬਾਰੇ ਭਗਵੰਤ ਮਾਨ ਦਾ ਵਿਰੋਧੀਆਂ ਨੂੰ ਜਵਾਬ; ਕੇਂਦਰ ਦੀ ਵਿਦੇਸ਼ ਨੀਤੀ ਅਤੇ ਬਿਜਲੀ ਸੋਧ ਬਿੱਲ 'ਤੇ ਸਾਧਿਆ ਨਿਸ਼ਾਨਾ

**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕੇਂਦਰ ਸਰਕਾਰ ਦੀ ਵਿਦੇਸ਼ ਨੀਤੀ ਦੀ ਕਥਿਤ ਅਸਫਲਤਾ 'ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ 'ਤੇ ਦੇਸ਼ ਦੀ ਪ੍ਰਭੂਸੱਤਾ ਅਮਰੀਕਾ ਕੋਲ ਵੇਚਣ ਦਾ ਦੋਸ਼ ਲਗਾਇਆ। ਕੈਬਨਿਟ ਮੀਟਿੰਗ ਤੋਂ ਬਾਅਦ ਮੀਡੀਆ ਕਰਮੀਆਂ ਨਾਲ ਗੱਲਬਾਤ ਕਰਦਿਆਂ ਮਾਨ ਨੇ ਅਮਰੀਕਾ ਵੱਲੋਂ ਭਾਰਤ ਨੂੰ ਰੂਸੀ ਤੇਲ ਖਰੀਦਣ ਦੀ ਇਜਾਜ਼ਤ ਦੇਣ ਬਾਰੇ ਪੁੱਛੇ ਜਾਣ 'ਤੇ ਬਿਨਾਂ ਕਿਸੇ ਲਿਪਾ-ਪੋਚੀ ਦੇ ਕਿਹਾ ਕਿ ਭਾਵੇਂ ਭਾਜਪਾ ਆਪਣੇ ਆਗੂਆਂ ਨੂੰ ÷ਵਿਸ਼ਵ ਗੁਰੂ÷ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਇਸ ਨੇ ਦਿਖਾ ਦਿੱਤਾ ਹੈ ਕਿ ਉਹ ÷ਵਿਸ਼ਵ ਚੇਲੇ÷ ਬਣ ਗਏ ਹਨ।

ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ, ÷ਕੀ ਹੁਣ ਸਾਨੂੰ ਹਰ ਚੀਜ਼ ਲਈ ਵ੍ਹਾਈਟ ਹਾਊਸ ਤੋਂ ਇਜਾਜ਼ਤ ਲੈਣੀ ਪਵੇਗੀ ? ਕੀ ਭਾਰਤ ਦੀ ਪ੍ਰਭੂਸੱਤਾ ਖ਼ਤਮ ਹੋ ਗਈ ਹੈ ? ਪ੍ਰਧਾਨ ਮੰਤਰੀ ਮੋਦੀ ਨੂੰ ਇਸ 'ਤੇ ਸਪੱਸ਼ਟ ਕਰਨਾ ਚਾਹੀਦਾ ਹੈ।÷ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ 10 ਮਾਰਚ ਨੂੰ ਸੰਸਦ ਵਿੱਚ ਪੇਸ਼ ਕੀਤੇ ਜਾਣ ਵਾਲੇ ਬਿਜਲੀ ਸੋਧ ਬਿੱਲ ਦਾ ਵਿਰੋਧ ਕਰੇਗੀ।



ਉਨ੍ਹਾਂ ਕਿਹਾ, ÷ਬਿਜਲੀ, ਸਿਹਤ ਅਤੇ ਸਿੱਖਿਆ ਵਾਂਗ ਰਾਜਾਂ ਦਾ ਵਿਸ਼ਾ ਹੈ ਅਤੇ ਅਸੀਂ ਰਾਜ ਦੇ ਵਿਸ਼ਿਆਂ ਵਿੱਚ ਕੋਈ ਵੀ ਕੇਂਦਰੀ ਦਖਲਅੰਦਾਜ਼ੀ ਬਰਦਾਸ਼ਤ ਨਹੀਂ ਕਰਾਂਗੇ। ਅਸੀਂ ਇਸ ਦਾ ਡਟ ਕੇ ਵਿਰੋਧ ਕਰਾਂਗੇ। ਜਦੋਂ ਸੱਤਾਧਾਰੀ ਪਾਰਟੀ ਵੱਲੋਂ ਰਾਜ ਦੀਆਂ ਟਰਾਂਸਪੋਰਟ ਬੱਸਾਂ ਨੂੰ 'ਆਪ' ਦੇ ਪੀਲੇ ਅਤੇ ਨੀਲੇ ਰੰਗਾਂ ਵਿੱਚ ਰੰਗਣ ਬਾਰੇ ਪੁੱਛਿਆ ਗਿਆ ਤਾਂ ਮਾਨ ਨੇ ਕਿਹਾ ਕਿ ਇਹ ਬੱਸਾਂ ਨਿੱਜੀ ਹਨ, ਜੋ ਕਿ ਕਿਲੋਮੀਟਰ ਸਕੀਮ ਤਹਿਤ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਸਵਾਲ ਕੀਤਾ, ÷ਬੱਸ ਅਪਰੇਟਰ ਆਪਣੀ ਮਰਜ਼ੀ ਦਾ ਕੋਈ ਵੀ ਰੰਗ ਚੁਣਨ ਲਈ ਸੁਤੰਤਰ ਹਨ। ਪਰ ਇਸ 'ਤੇ ਸਵਾਲ ਉਠਾਉਣ ਵਾਲੇ ਪਹਿਲਾਂ ਜਨਤਾ ਨੂੰ ਇਹ ਦੱਸਣ ਕਿ ਉਨ੍ਹਾਂ ਨੇ ਹਰੀਕੇ ਲਈ ਖਰੀਦੀਆਂ ਬੱਸਾਂ ਅਤੇ ਰਾਜ ਸਰਕਾਰ ਦੇ ਹੈਲੀਕਾਪਟਰ ਨੂੰ ਅਕਾਲੀ ਰੰਗਾਂ ਵਿੱਚ ਕਿਉਂ ਰੰਗਿਆ ਸੀ ?"

# ਉਦਯੋਗ ਮੰਤਰੀ ਸੰਜੀਵ ਅਰੋੜਾ ਵੱਲੋਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਤੋਂ ਪਹਿਲਾਂ ਟਾਟਾ ਸੰਨਜ਼ ਦੇ ਚੇਅਰਪਰਸਨ ਐਨ. ਚੰਦਰਸ਼ੇਖਰਨ ਅਤੇ ਸਨ ਫਾਰਮਾ ਦੇ ਚੇਅਰਮੈਨ ਦਿਲੀਪ ਸ਼ੰਘਵੀ ਸਮੇਤ ਹੋਰਨਾਂ ਉਦਯੋਗਪਤੀਆਂ ਨਾਲ ਸੂਬੇ 'ਚ ਨਿਵੇਸ਼ ਦੇ ਮੌਕਿਆਂ ਬਾਰੇ ਵਿਚਾਰ-ਚਰਚਾ

**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਅੱਜ ਮੁੰਬਈ ਵਿੱਚ ਵੱਡੇ ਉਦਯੋਗਿਕ ਘਰਾਣਿਆਂ ਨਾਲ ਲੜੀਵਾਰ ਉੱਚ-ਪੱਧਰੀ ਮੀਟਿੰਗਾਂ ਕਰ ਕੇ ਪੰਜਾਬ ਵਿੱਚ ਨਿਵੇਸ਼ ਦੇ ਸੰਭਾਵੀ ਮੌਕਿਆਂ 'ਤੇ ਚਰਚਾ ਕੀਤੀ ਅਤੇ ਉਨ੍ਹਾਂ ਨੂੰ 13-18 ਮਾਰਚ 2026 ਤੱਕ ਮੋਹਾਲੀ ਦੀ ਪਲਾਕਸ਼ਾ ਯੂਨੀਵਰਸਿਟੀ ਵਿਖੇ ਹੋਣ ਵਾਲੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।



ਆਪਣੀ ਫੇਰੀ ਦੌਰਾਨ ਕੈਬਨਿਟ ਮੰਤਰੀ ਨੇ ਟਾਟਾ ਸੰਨਜ਼ ਦੇ ਚੇਅਰਪਰਸਨ ਐਨ. ਚੰਦਰਸ਼ੇਖਰਨ; ਸਨ ਫਾਰਮਾਸਿਊਟੀਕਲ ਇੰਡਸਟਰੀਜ਼ ਦੇ ਚੇਅਰਮੈਨ ਦਿਲੀਪ ਸ਼ੰਘਵੀ; ਟਾਟਾ ਪਾਵਰ ਦੇ ਐਮਡੀ ਅਤੇ ਸੀਈਓ ਡਾ. ਪ੍ਰਵੀਰ ਸਿਨਹਾ ਅਤੇ ਐਸਾਰ ਗਰੁੱਪ ਦੇ ਅੰਸ਼ੁਮਨ ਰੁਈਆ ਨਾਲ ਮੁਲਾਕਾਤ ਕੀਤੀ।

ਇਨ੍ਹਾਂ ਮੀਟਿੰਗਾਂ ਵਿੱਚ ਉਦਯੋਗਿਕ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਨਵਿਆਉਣਯੋਗ ਊਰਜਾ, ਫਾਰਮਾਸਿਊਟੀਕਲ, ਐਡਵਾਂਸਡ ਮੈਨੂਫੈਕਚਰਿੰਗ, ਡਿਜੀਟਲ ਬੁਨਿਆਦੀ ਢਾਂਚਾ ਅਤੇ ਗਰੀਨ ਲੌਜਿਸਟਿਕਸ ਵਰਗੇ ਖੇਤਰਾਂ ਵਿੱਚ ਨਿਵੇਸ਼ ਦੇ ਮੌਕਿਆਂ ਦੀ ਪੜਚੋਲ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ।

**ਟਾਟਾ ਗਰੁੱਪ ਨਾਲ ਮੁਲਾਕਾਤ**

ਟਾਟਾ ਸੰਨਜ਼ ਦੇ ਚੇਅਰਪਰਸਨ ਐਨ. ਚੰਦਰਸ਼ੇਖਰਨ ਨਾਲ ਵਿਚਾਰ-ਵਟਾਂਦਰੇ ਦੌਰਾਨ ਕੈਬਨਿਟ ਮੰਤਰੀ ਨੇ ਪੰਜਾਬ ਦੇ ਮਜ਼ਬੂਤ ਉਦਯੋਗਿਕ ਮਾਹੌਲ ਅਤੇ ਨਿਵੇਸ਼ ਤੇ ਉਦਯੋਗਿਕ ਵਿਕਾਸ ਨੂੰ ਗਤੀ ਦੇਣ ਲਈ ਸੂਬਾ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ 'ਤੇ ਚਾਨਣਾ ਪਾਇਆ।

ਦੋਵਾਂ ਧਿਰਾਂ ਨੇ ਲੁਧਿਆਣਾ ਵਿੱਚ ਟਾਟਾ ਸਟੀਲ ਦੀ ਮੌਜੂਦਗੀ ਦੇ ਆਧਾਰ 'ਤੇ ਐਡਵਾਂਸਡ ਮੈਨੂਫੈਕਚਰਿੰਗ ਅਤੇ ਸਟੀਲ ਈਕੋਸਿਸਟਮ ਨੂੰ ਹੋਰ ਮਜ਼ਬੂਤ ਕਰਨ ਦੇ ਮੌਕਿਆਂ 'ਤੇ ਚਰਚਾ ਕੀਤੀ। ਇਸ ਦੌਰਾਨ ਨਵਿਆਉਣਯੋਗ ਊਰਜਾ, ਇਲੈਕਟ੍ਰਿਕ ਮੋਬਿਲਟੀ ਅਤੇ ਗਲੋਬਲ ਕੈਪੇਬਿਲਟੀ ਸੈਂਟਰਜ਼ (ਜੀਸੀਸੀਜ਼) ਵਿੱਚ ਸੰਭਾਵੀ ਸਹਿਯੋਗ ਦੀ ਵੀ ਪੜਚੋਲ ਕੀਤੀ ਗਈ।

ਸ੍ਰੀ ਚੰਦਰਸ਼ੇਖਰਨ ਨੇ ਨਿਵੇਸ਼ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਦੀ ਸਰਗਰਮ ਪਹੁੰਚ ਦੀ ਸ਼ਲਾਘਾ ਕੀਤੀ ਅਤੇ ਲੁਧਿਆਣਾ ਵਿੱਚ ਟਾਟਾ ਸਟੀਲ ਫੈਸਿਲਟੀ ਦੀ ਪ੍ਰਗਤੀ 'ਤੇ ਸੰਤੁਸ਼ਟੀ ਜ਼ਾਹਰ ਕੀਤੀ।

**ਸਨ ਫਾਰਮਾ ਨਾਲ ਮੁਲਾਕਾਤ**

ਸਨ ਫਾਰਮਾਸਿਊਟੀਕਲ ਇੰਡਸਟਰੀਜ਼ ਦੇ ਚੇਅਰਮੈਨ ਦਿਲੀਪ ਸ਼ੰਘਵੀ ਅਤੇ ਹੋਲ-ਟਾਈਮ ਡਾਇਰੈਕਟਰ ਤੇ ਸੀਓਓ ਆਲੋਕ ਸ਼ੰਘਵੀ ਨਾਲ ਆਪਣੀ ਮੁਲਾਕਾਤ ਵਿੱਚ ਕੈਬਨਿਟ ਮੰਤਰੀ ਨੇ ਫਾਰਮਾਸਿਊਟੀਕਲ, ਹੈਲਥਕੇਅਰ ਇਨੋਵੇਸ਼ਨ ਅਤੇ ਲਾਈਫ਼ ਸਾਇੰਸਜ਼ ਦੇ ਹੱਬ ਵਜੋਂ ਪੰਜਾਬ ਦੀ ਸਥਿਤੀ ਨੂੰ ਮਜ਼ਬੂਤ ਬਣਾਉਣ ਮੌਕਿਆਂ 'ਤੇ ਚਰਚਾ ਕੀਤੀ।

ਵਿਚਾਰ-ਵਟਾਂਦਰੇ ਦੌਰਾਨ ਫਾਰਮਾਸਿਊਟੀਕਲ ਮੈਨੂਫੈਕਚਰਿੰਗ ਅਤੇ ਫਾਰਮੂਲੇਸ਼ਨ ਸਹੂਲਤਾਂ ਦੇ ਵਿਸਥਾਰ, ਏਪੀਆਈ ਅਤੇ ਥੋਕ ਡਰੱਗ ਉਤਪਾਦਨ ਵਿੱਚ ਨਿਵੇਸ਼, ਫਾਰਮਾਸਿਊਟੀਕਲ ਵਿਸ਼ਲੇਸ਼ਣ ਤੇ ਰੈਗੂਲੇਟਰੀ ਸੇਵਾਵਾਂ ਲਈ ਗਲੋਬਲ ਕੈਪੇਬਿਲਟੀ ਸੈਂਟਰਾਂ ਦੀ ਸਥਾਪਨਾ ਅਤੇ ਪੰਜਾਬ ਦੇ ਮਜ਼ਬੂਤ ਖੇਤੀਬਾੜੀ ਮਾਹੌਲ ਦਾ ਲਾਭ ਉਠਾਉਂਦਿਆਂ ਨਿਊਟਰਾਸਿਊਟੀਕਲ ਅਤੇ ਵੈਲਨੈੱਸ ਸੈਗਮੈਂਟਸ ਦੇ ਵਿਕਾਸ 'ਤੇ ਚਰਚਾ ਕੀਤੀ ਗਈ।

ਸਨ ਫਾਰਮਾ ਲੀਡਰਸ਼ਿਪ ਨੇ ਰਾਜ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਦੀ ਸ਼ਲਾਘਾ ਕੀਤੀ ਅਤੇ ਪੰਜਾਬ ਵਿੱਚ ਭਵਿੱਖ ਦੀਆਂ ਭਾਈਵਾਲੀਆਂ ਅਤੇ ਨਿਵੇਸ਼ ਦੀ ਪੜਚੋਲ ਵਿੱਚ ਦਿਲਚਸਪੀ ਪ੍ਰਗਟਾਈ।ਟਾਟਾ ਪਾਵਰ ਨਾਲ ਮੀਟਿੰਗ

ਮੰਤਰੀ ਨੇ ਟਾਟਾ ਪਾਵਰ ਦੇ ਐਮਡੀ ਅਤੇ ਸੀਈਓ ਡਾ. ਪ੍ਰਵੀਰ ਸਿਨਹਾ ਨਾਲ ਵੀ ਮੁਲਾਕਾਤ ਕੀਤੀ, ਜਿਸ ਵਿੱਚ ਕੰਪਨੀ ਦੀ ਸੀਨੀਅਰ ਲੀਡਰਸ਼ਿਪ ਨੇ ਸਾਫ਼ ਊਰਜਾ ਅਤੇ ਬਿਜਲੀ ਬੁਨਿਆਦੀ ਢਾਂਚੇ ਸਬੰਧੀ ਖੇਤਰਾਂ ਵਿੱਚ ਸਹਿਯੋਗ ਬਾਰੇ ਚਰਚਾ ਕੀਤੀ।

ਇਸ ਮੀਟਿੰਗ ਦੌਰਾਨ ਉਪਯੋਗਤਾ-ਪੈਮਾਨੇ ਦੇ ਨਵਿਆਉਣਯੋਗ ਊਰਜਾ ਪ੍ਰੋਜੈਕਟਾਂ ਦਾ ਵਿਕਾਸ, ਛੱਤ 'ਤੇ ਸੋਲਰ ਪਲਾਂਟ ਲਗਾਉਣਾ, ਟਿਕਾਊ ਖੇਤੀਬਾੜੀ ਨੂੰ ਸਮਰਥਨ ਦੇਣ ਅਤੇ ਕਿਸਾਨਾਂ ਲਈ ਬਿਜਲੀ ਦੀਆਂ ਲਾਗਤਾਂ ਨੂੰ ਘਟਾਉਣ ਲਈ ਐਗਰੀ-ਸੋਲਰਾਈਜੇਸ਼ਨ ਪਹਿਲ ਅਤੇ ਰਾਜ ਭਰ ਵਿੱਚ ਇਲੈਕਟ੍ਰਿਕ ਵਾਹਨ ਚਾਰਜਿੰਗ ਬੁਨਿਆਦੀ ਢਾਂਚੇ ਦਾ ਵਿਸਥਾਰ ਕਰਨਾ ਸ਼ਾਮਲ ਸੀ।

ਟਾਟਾ ਪਾਵਰ ਨੇ ਪੰਜਾਬ ਵਿੱਚ ਆਪਣੀ ਮੌਜੂਦਾ ਸਥਿਤੀ ਨੂੰ ਉਜਾਗਰ ਕੀਤਾ, ਜਿਸ ਵਿੱਚ ਲਗਭਗ 100 ਮੈਗਾਵਾਟ ਸਮਰੱਥਾ ਵਾਲੀ ਸੂਰਜੀ ਊਰਜਾ ਸਹੂਲਤ ਸ਼ਾਮਲ ਹੈ, ਜੋ ਕਿ ਰਾਜ ਦੇ ਨਵਿਆਉਣਯੋਗ ਊਰਜਾ ਵਾਤਾਵਰਣ ਪ੍ਰਣਾਲੀ ਪ੍ਰਤੀ ਕੰਪਨੀ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

**ਐਸਾਰ ਗਰੁੱਪ ਨਾਲ ਮੁਲਾਕਾਤ**

ਐਸਾਰ ਗਰੁੱਪ ਦੇ ਡਾਇਰੈਕਟਰ ਅੰਸ਼ੁਮਨ ਰੁਈਆ ਨਾਲ ਇੱਕ ਹੋਰ ਮੀਟਿੰਗ ਵਿੱਚ ਐਸਾਰ ਗਰੁੱਪ ਦੇ ਪੰਜਾਬ ਦੇ ਉੱਭਰ ਰਹੇ ਉਦਯੋਗਿਕ ਵਾਤਾਵਰਣ ਨੂੰ ਹੋਰ ਮਜ਼ਬੂਤ ਕਰਨ ਅਤੇ ਉੱਭਰ ਰਹੇ ਖੇਤਰਾਂ ਵਿੱਚ ਮੌਕਿਆਂ ਦੀ ਪੜਚੋਲ ਕਰਨ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਸਹਿਯੋਗ ਦੇ ਸੰਭਾਵੀ ਖੇਤਰਾਂ ਵਿੱਚ ਹਰੀ ਊਰਜਾ ਅਤੇ ਉਦਯੋਗਿਕ ਡੀਕਾਰਬੋਨਾਈਜ਼ੇਸ਼ਨ ਪਹਿਲਕਦਮੀਆਂ, ਮੋਹਾਲੀ-ਚੰਡੀਗੜ੍ਹ ਕੋਰੀਡੋਰ ਵਿੱਚ ਡੇਟਾ ਸੈਂਟਰਾਂ ਅਤੇ ਡਿਜੀਟਲ ਬੁਨਿਆਦੀ ਢਾਂਚੇ ਦਾ ਵਿਕਾਸ ਅਤੇ ਐਸਾਰ ਦੇ ਗ੍ਰੀਨਲਾਈਨ ਮੋਬਿਲਿਟੀ ਸਲਿਊਸ਼ਨਜ਼ ਰਾਹੀਂ ਵਿਕਲਪਕ ਫਿਊਲ ਲੌਜਿਸਟਿਕਸ ਦਾ ਵਿਸਥਾਰ ਸ਼ਾਮਲ ਸੀ। ਮੀਟਿੰਗ ਵਿੱਚ ਐਸਾਰ ਗਰੁੱਪ ਦੀ ਤਕਨਾਲੋਜੀ ਸ਼ਾਖਾ ਬਲੈਕ ਬਾਕਸ ਲਿਮਟਿਡ ਰਾਹੀਂ ਪ੍ਰਬੰਧਿਤ ਆਈਟੀ ਅਤੇ ਡਿਜੀਟਲ ਬੁਨਿਆਦੀ ਢਾਂਚਾ ਸੇਵਾਵਾਂ ਲਈ ਸੰਭਾਵਨਾਵਾਂ ਦੀ ਵੀ ਪੜਚੋਲ ਕੀਤੀ ਗਈ।

**ਨਿਵੇਸ਼ ਨੂੰ ਹੋਰ ਮਜ਼ਬੂਤ ਕਰਨਾ**

ਇਹਨਾਂ ਮੀਟਿੰਗਾਂ ਤੋਂ ਬਾਅਦ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਆਗਾਮੀ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਪੰਜਾਬ ਦੀ ਨਿਵੇਸ਼ ਸੰਭਾਵਨਾ ਨੂੰ ਪ੍ਰਦਰਸ਼ਿਤ ਕਰਨ ਅਤੇ ਵਿਸ਼ਵਵਿਆਪੀ ਕੰਪਨੀਆਂ ਨੂੰ ਰਾਜ ਵਿੱਚ ਉੱਭਰ ਰਹੇ ਮੌਕਿਆਂ ਨਾਲ ਜੋੜਨ ਲਈ ਇੱਕ ਪ੍ਰਮੁੱਖ ਪਲੇਟਫਾਰਮ ਵਜੋਂ ਕੰਮ ਕਰੇਗਾ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਾਣਯੋਗ ਰਾਸ਼ਟਰੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਇੱਕ ਸਮਰੱਥ ਅਤੇ ਉਦਯੋਗ-ਪੱਖੀ ਮਾਹੌਲ ਸਿਰਜਣ ਲਈ ਵਚਨਬੱਧ ਹੈ ਜੋ ਨਵੀਨਤਾ, ਨਿਰਮਾਣ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਦਾ ਹੈ।

ਨਵੇਂ ਉਦਯੋਗ ਦਿੱਗਜ਼ਾਂ ਨੇ ਹਾਲ ਹੀ ਵਿੱਚ ਪੰਜਾਬ 'ਚ ਨਿਵੇਸ਼ ਲਈ ਸਰਕਾਰ ਵੱਲੋਂ ਦਿੱਤੀਆਂ ਸਹੂਲਤਾਂ ਦੀ ਸ਼ਲਾਘਾ ਕੀਤੀ ਅਤੇ ਰਾਜ ਵਿੱਚ ਭਵਿੱਖੀ ਭਾਈਵਾਲੀ ਅਤੇ ਨਿਵੇਸ਼ ਦੇ ਮੌਕਿਆਂ ਦੀ ਪੜਚੋਲ ਕਰਦਿਆਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਵਿੱਚ ਹਿੱਸਾ ਲੈਣ ਵਿੱਚ ਡੂੰਘੀ ਦਿਲਚਸਪੀ ਪ੍ਰਗਟਾਈ।

# ਜ਼ਿਲ੍ਹੇ ਦੇ 14 ਪ੍ਰੀਖਿਆ ਕੇਂਦਰਾਂ 'ਚ ਹੋਵੇਗੀ ਸੀਬੀਐੱਸਈ ਦੀ ਦਸਵੀਂ ਤੇ ਬਾਰ੍ਹਵੀਂ ਦੀ ਅਨੁਪੂਰਕ ਪ੍ਰੀਖਿਆ



**ਹੁਸ਼ਿਆਰਪੁਰ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟ੍ਰੇਟ ਆਸ਼ਿਕਾ ਜੈਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀਬੀਐੱਸਈ), ਨਵੀਂ ਦਿੱਲੀ ਵੱਲੋਂ ਆਯੋਜਿਤ ਕਲਾਸ 10ਵੀਂ ਅਤੇ 12ਵੀਂ ਦੀਆਂ ਅਨੁਪੂਰਕ ਪ੍ਰੀਖਿਆਵਾਂ 17 ਫਰਵਰੀ 2026 ਤੋਂ 11 ਅਪ੍ਰੈਲ 2026 ਤੱਕ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿੱਚ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰੀਖਿਆਵਾਂ ਰੋਜ਼ਾਨਾ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 1:30 ਵਜੇ ਤੱਕ ਹੋਣਗੀਆਂ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਨ੍ਹਾਂ ਪ੍ਰੀਖਿਆਵਾਂ ਲਈ ਆਰਮੀ ਪਬਲਿਕ ਸਕੂਲ ਊਚੀ ਬੱਸੀ (ਦਸੂਹਾ), ਦਸਮੇਸ਼ ਪਬਲਿਕ ਸਕੂਲ ਚੱਕ ਅੱਲਾ ਬਖ਼ਸ਼ (ਮੁਕੇਰੀਆਂ), ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਪੰਡੋਰੀ ਖਜੂਰ (ਹੁਸ਼ਿਆਰਪੁਰ), ਦੋਆਬਾ ਪਬਲਿਕ ਸਕੂਲ ਪਿੰਡ ਦੋਹਲਰੋਂ (ਮਾਹਿਲਪੁਰ), ਸਿਲਵਰ ਓਕ ਇੰਟਰਨੈਸ਼ਨਲ ਸਕੂਲ ਸ਼ਾਹਿਬਾਜ਼ਪੁਰ (ਟਾਂਡਾ ਮਿਆਂਨੀ ਰੋਡ), ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਹਾਜੀਪੁਰ ਰੋਡ (ਦਸੂਹਾ), ਵਸਿਸ਼ਠ ਭਾਰਤੀ ਇੰਟਰਨੈਸ਼ਨਲ ਸਕੂਲ ਦਾਤਾਰਪੁਰ (ਮੁਕੇਰੀਆਂ), ਗਲੋਬਲ ਪਬਲਿਕ ਸਕੂਲ ਰੰਗਾ (ਮੁਕੇਰੀਆਂ), ਜੇਮਜ਼ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਪੁਰਹੀਰ (ਹੁਸ਼ਿਆਰਪੁਰ), ਐੱਸ.ਬੀ.ਐੱਸ ਮਾਡਲ ਹਾਈ ਸਕੂਲ ਸਦਰਪੁਰ (ਗੜ੍ਹਸ਼ੰਕਰ) ਪਰਲਸ ਇੰਟਰਨੈਸ਼ਨਲ ਸਕੂਲ ਬੱਲੋਵਾਲ (ਹਾਜੀਪੁਰ-ਮੁਕੇਰੀਆਂ) ਦਿੱਲੀ ਇੰਟਰਨੈਸ਼ਨਲ ਸਕੂਲ ਚੰਡੀਗੜ੍ਹ ਰੋਡ (ਚੱਬੇਵਾਲ), ਐੱਸ.ਡੀ. ਸਿਟੀ ਪਬਲਿਕ ਸਕੂਲ ਆਦਮਵਾਲ ਅਤੇ ਪੀਐੱਮ ਸ੍ਰੀ ਕੇਂਦਰੀ ਵਿਦਿਆਲਿਆ ਗੱਜ ਬਲਾਕ ਭੂੰਗਾ ਨੂੰ ਪ੍ਰੀਖਿਆ ਕੇਂਦਰ ਬਣਾਇਆ ਗਿਆ ਹੈ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਆਮ ਤੌਰ 'ਤੇ ਪ੍ਰੀਖਿਆ ਦੌਰਾਨ ਪ੍ਰੀਖਿਆਰਥੀਆਂ ਦੇ ਪਰਿਵਾਰਕ ਮੈਂਬਰ ਅਤੇ ਹੋਰ ਲੋਕ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਇਕੱਠੇ ਹੋ ਜਾਂਦੇ ਹਨ ਜਿਸ ਨਾਲ ਪ੍ਰੀਖਿਆ ਦੇ ਸੁਚਾਰੂ ਸੰਚਾਲਨ ਵਿੱਚ ਰੁਕਾਵਟ ਪੈਂਦੀ ਹੈ ਅਤੇ ਟ੍ਰੈਫਿਕ ਨਾਲ ਜੁੜੀਆਂ ਸਮੱਸਿਆਵਾਂ ਵੀ ਪੈਦਾ ਹੋ ਸਕਦੀਆਂ ਹਨ।

ਇਸ ਨੂੰ ਧਿਆਨ ਵਿੱਚ ਰੱਖਦੇ ਹੋਏ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੇ ਸਾਰੇ ਉਕਤ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ 100 ਮੀਟਰ ਦੇ ਦਾਇਰੇ ਵਿੱਚ ਪੰਜ ਜਾਂ ਇਸ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਇਹ ਹੁਕਮ 8 ਮਾਰਚ 2026 ਤੋਂ 4 ਮਈ 2026 ਤੱਕ ਲਾਗੂ ਰਹਿਣਗੇ।

ਜ਼ਿਲ੍ਹਾ ਮੈਜਿਸਟ੍ਰੇਟ ਨੇ ਐੱਸਐੱਸਪੀ ਹੁਸ਼ਿਆਰਪੁਰ ਨੂੰ ਨਿਰਦੇਸ਼ ਦਿੱਤੇ ਹਨ ਕਿ ਸਾਰੇ ਪ੍ਰੀਖਿਆ ਕੇਂਦਰਾਂ 'ਤੇ ਲੋੜੀਂਦੀ ਪੁਲਿਸ ਸੁਰੱਖਿਆ ਵਿਵਸਥਾ ਯਕੀਨੀ ਬਣਾਈ ਜਾਵੇ, ਤਾਂ ਜੋ ਪ੍ਰੀਖਿਆਵਾਂ ਸ਼ਾਂਤੀਪੂਰਨ ਅਤੇ ਸੁਚੱਜੇ ਢੰਗ ਨਾਲ ਮੁਕੰਮਲ ਕਰਵਾਈ ਜਾ ਸਕੇ।

### ਪੰਜਾਬ ਨੇ ਭੋਜਨ ਪਦਾਰਥਾਂ ਦੀ ਜਾਂਚ ਲਈ ਵਿਸ਼ਾਲ ਰਾਜ ਵਿਆਪੀ ਮੁਹਿੰਮ ਵਿੱਢੀ; ਸਿਹਤ ਮੰਤਰੀ ਨੇ ਮਿਆਰੀ ਭੋਜਨ ਪਦਾਰਥਾਂ ਪ੍ਰਤੀ ਵਚਨਬੱਧਤਾ ਦੁਹਰਾਈ

# 1 ਤੋਂ 15 ਅਪ੍ਰੈਲ ਤੱਕ 'ਫੂਡ ਸੇਫਟੀ ਆਨ ਵ੍ਹੀਲਜ਼' ਰਾਹੀਂ ਭੋਜਨ ਪਦਾਰਥਾਂ 'ਚ ਮਿਲਾਵਟਖੋਰੀ ਦੀ ਹੋਵੇਗੀ ਵਿਆਪਕ ਜਾਂਚ: ਡਾ. ਬਲਬੀਰ ਸਿੰਘ

**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸੂਬੇ ਦੇ ਲੋਕਾਂ ਲਈ ਸੁਰੱਖਿਅਤ ਅਤੇ ਸਿਹਤਮੰਦ ਭੋਜਨ ਪਦਾਰਥਾਂ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਇੱਕ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਭੋਜਨ ਪਦਾਰਥਾਂ ਦੀ ਜਾਂਚ ਲਈ ਇੱਕ ਵਿਸ਼ਾਲ ਤੇ ਟੀਚਾਗਤ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਲੋਕਾਂ ਲਈ ਸ਼ੁੱਧ ਅੰਨ (ਸਿਹਤਮੰਤ ਭੋਜਨ) ਯਕੀਨੀ ਬਣਾਉਣ ਲਈ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ।



ਇੱਥੇ ਆਪਣੇ ਦਫ਼ਤਰ ਵਿਖੇ ਸੀਨੀਅਰ ਅਧਿਕਾਰੀਆਂ, ਜਨਤਕ ਸਿਹਤ ਮਾਹਿਰਾਂ ਅਤੇ ਮੁੱਖ ਰੈਗੂਲੇਟਰੀ ਤੇ ਵਿਗਿਆਨਕ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ. ਬਲਬੀਰ ਸਿੰਘ ਨੇ ਫੂਡ ਐਂਡ ਡਰੱਗਜ਼ ਐਡਮਿਨਿਸਟ੍ਰੇਸ਼ਨ (ਐਫ.ਡੀ.ਏ.) ਨੂੰ 'ਫੂਡ ਸੇਫਟੀ ਆਨ ਵ੍ਹੀਲਜ਼' (ਐਫ.ਐਸ.ਡਬਲਯੂਜ਼) ਵੈਨਾਂ ਰਾਹੀਂ ਭੋਜਨ ਵਿੱਚ ਮਿਲਾਵਟਖ਼ੋਰੀ ਦੀ ਵਿਆਪਕ ਜਾਂਚ ਲਈ 1 ਅਪ੍ਰੈਲ ਤੋਂ 15 ਅਪ੍ਰੈਲ, 2026 ਤੱਕ 15 ਦਿਨਾ ਰਾਜ ਵਿਆਪੀ ਮੁਹਿੰਮ ਵਿੱਢਣ ਦੇ ਨਿਰਦੇਸ਼ ਦਿੱਤੇ।

ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਇਹ ਮੋਬਾਈਲ ਵੈਨਾਂ ਭੋਜਨ ਵਿੱਚ ਮਿਲਾਵਟਖ਼ੋਰੀ ਵਿਰੁੱਧ ਲੜਾਈ ਵਿੱਚ ਇੱਕ ਮਹੱਤਵਪੂਰਨ ਸਾਧਨ ਹਨ, ਸਿਹਤ ਮੰਤਰੀ ਨੇ ਸਾਰੇ ਫੂਡ ਬਿਜ਼ਨਸ ਆਪਰੇਟਰਾਂ (ਐਫ.ਬੀ.ਓਜ਼.) ਅਤੇ ਆਮ ਲੋਕਾਂ ਨੂੰ ਇਸ ਵਿਸ਼ੇਸ਼ ਮੁਹਿੰਮ ਦੌਰਾਨ ਆਪਣੇ ਸੈਂਪਲਾਂ ਦੀ ਜਾਂਚ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੇ ਭੋਜਨ ਪਦਾਰਥਾਂ ਵਿੱਚ ਕੋਈ ਮਿਲਾਵਟ ਨਹੀਂ ਹੈ ਅਤੇ ਇਹ ਸੁਰੱਖਿਆ ਮਾਪਦੰਡਾਂ ਮੁਤਾਬਕ ਸਹੀ ਹਨ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਐਫ.ਬੀ.ਓ. ਨੂੰ ਸਿੱਖਿਅਤ ਕਰਨ ਅਤੇ ਮੌਕੇ 'ਤੇ ਜਾਂਚ ਲਈ ਐਫ.ਐਸ.ਡਬਲਯੂ. ਦੀ ਵਰਤੋਂ 'ਤੇ ਕੇਂਦਰਿਤ ਹੋਵੇਗੀ।

ਦੱਸਣਯੋਗ ਹੈ ਕਿ 'ਫੂਡ ਸੇਫਟੀ ਆਨ ਵ੍ਹੀਲਜ਼' ਮੋਬਾਈਲ ਫੂਡ ਟੈਸਟਿੰਗ ਵੈਨਾਂ ਹਨ, ਜੋ ਦੁੱਧ, ਘਿਓ, ਪਨੀਰ, ਪਾਣੀ, ਮਸਾਲੇ, ਫੂਡ ਸਪਲੀਮੈਂਟ, ਮਠਿਆਈਆਂ, ਫਲ, ਸਬਜ਼ੀਆਂ ਅਤੇ ਹੋਰ ਰੋਜ਼ਾਨਾ ਵਰਤੋਂ ਵਾਲੀਆਂ ਚੀਜ਼ਾਂ ਸਮੇਤ ਭੋਜਨ ਦੀਆਂ ਪ੍ਰਮੁੱਖ ਸ਼੍ਰੇਣੀਆਂ ਵਿੱਚ ਮਿਲਾਵਟ ਦੀ ਜਾਂਚ ਲਈ ਉਪਕਰਨਾਂ ਨਾਲ ਪੂਰੀ ਤਰ੍ਹਾਂ ਲੈਸ ਹਨ।

ਸਿਹਤ ਮੰਤਰੀ ਨੇ ਸੂਬੇ ਭਰ ਵਿੱਚ ਰਸਾਇਣਕ ਰਹਿੰਦ-ਖੂੰਹਦ ਅਤੇ ਦੂਸ਼ਿਤ ਕਰਨ ਵਾਲੇ ਤੱਤਾਂ ਦੇ ਯੋਜਨਾਬੱਧ ਢੰਗ ਨਾਲ ਨਮੂਨੇ ਇੱਕਤਰ ਕਰਨ ਅਤੇ ਜਾਂਚ ਲਈ ਇੱਕ ਸਮਾਂ-ਬੱਧ ਕਾਰਜ ਯੋਜਨਾ ਨੂੰ ਵੀ ਪ੍ਰਵਾਨਗੀ ਦਿੱਤੀ ਹੈ। ਇਨ੍ਹਾਂ ਕੀਤੇ ਜਾਣ ਵਾਲੇ ਮੁੱਖ ਅਧਿਐਨਾਂ ਵਿੱਚ ਉਦਯੋਗਿਕ ਖੇਤਰਾਂ ਅਤੇ ਨਾਲਿਆਂ ਦੇ ਆਲੇ-ਦੁਆਲੇ ਉਗਾਈਆਂ ਜਾਣ ਵਾਲੀਆਂ ਸਬਜ਼ੀਆਂ ਵਿੱਚ ਭਾਰੀ ਧਾਤਾਂ ਅਤੇ ਕੀਟਨਾਸ਼ਕਾਂ ਦੂਸ਼ਣ ਦੀ ਜਾਂਚ ਕਰਨਾ ਸ਼ਾਮਲ ਹੈ। ਇਸ ਦੇ ਨਾਲ ਹੀ ਨਿਊਟਰਾਸਿਊਟੀਕਲਜ਼ ਦੀ ਵਿਆਪਕ ਜਾਂਚ ਕੀਤੀ ਜਾਵੇਗੀ ਅਤੇ ਪੋਲਟਰੀ, ਅੰਡੇ ਅਤੇ ਮਾਸ ਵਿੱਚ ਐਂਟੀਬਾਇਓਟਿਕ ਰਹਿੰਦ-ਖੂੰਹਦ ਦਾ ਪਤਾ ਲਗਾਉਣ ਲਈ ਇੱਕ ਵੱਖਰਾ ਅਧਿਐਨ ਕੀਤਾ ਜਾਵੇਗਾ।

ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਅਧਿਐਨਾਂ ਤੋਂ ਪ੍ਰਾਪਤ ਡੇਟਾ ਭਵਿੱਖ ਵਿੱਚ ਰੈਗੂਲੇਟਰੀ ਫੈਸਲੇ ਲੈਣ ਅਤੇ ਨੀਤੀ ਘੜਨ ਵਿੱਚ ਸਹਾਈ ਹੋਵੇਗਾ।

ਕੈਬਨਿਟ ਮੰਤਰੀ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਨੇੜਿਓਂ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਭੋਜਨ ਵਿੱਚ ਮਿਲਾਵਟ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਸਾਰੇ ਐਫ.ਬੀ.ਓਜ਼, ਜਿਨ੍ਹਾਂ ਵਿੱਚ ਸਟ੍ਰੀਟ ਫੂਡ ਵਿਕਰੇਤਾ ਵੀ ਸ਼ਾਮਲ ਹਨ, ਨੂੰ ਐਫ.ਡੀ.ਏ. ਨਾਲ ਆਪਣੇ ਆਪ ਨੂੰ ਰਜਿਸਟਰ ਕਰਨ ਅਤੇ ਸਹੀ ਖਾਓ, ਸਿਹਤਮੰਦ ਰਹੋ ਪਹੁੰਚ ਅਪਣਾਉਣ ਦੀ ਅਪੀਲ ਕੀਤੀ ਤਾਂ ਜੋ ਪੰਜਾਬ ਨੂੰ ਸਿਹਤਮੰਦ ਅਤੇ ਸੁਰੱਖਿਅਤ ਸੂਬਾ ਬਣਾਉਣ ਵਿੱਚ ਢੁਕਵਾਂ ਯੋਗਦਾਨ ਪਾਇਆ ਜਾ ਸਕੇ।

ਇਸ ਮੀਟਿੰਗ ਵਿੱਚ ਪ੍ਰਮੁੱਖ ਸਕੱਤਰ ਸਿਹਤ ਕੁਮਾਰ ਰਾਹੁਲ, ਪ੍ਰਮੁੱਖ ਸਕੱਤਰ ਖੇਤੀਬਾੜੀ ਅਰਸ਼ਦੀਪ ਸਿੰਘ ਥਿੰਦ, ਕਮਿਸ਼ਨਰ ਐਫ.ਡੀ.ਏ. ਕੰਵਲ ਪ੍ਰੀਤ ਬਰਾੜ, ਮੈਂਬਰ ਪੰਜਾਬ ਵਿਕਾਸ ਕਮਿਸ਼ਨ ਅਨੁਰਾਗ ਕੁੰਡੂ, ਗਡਵਾਸੂ ਦੇ ਵਾਈਸ ਚਾਂਸਲਰ ਡਾ. ਜੇ.ਐਸ. ਗਿੱਲ, ਡਾਇਰੈਕਟਰ ਸਿਹਤ ਸੇਵਾਵਾਂ ਡਾ. ਹਿਤਿੰਦਰ ਕੌਰ, ਡਾਇਰੈਕਟਰ ਖੋਜ ਅਤੇ ਮੈਡੀਕਲ ਸਿੱਖਿਆ ਡਾ. ਅਵਨੀਸ਼ ਕੁਮਾਰ,
ਪ੍ਰਿੰਸੀਪਲ ਡਾਇਰੈਕਟਰ ਏਮਜ਼ ਮੋਹਾਲੀ, ਸੀਈਓ ਪੀਬੀਟੀਆਈ, ਪੀਪੀਸੀਬੀ ਦੇ ਸੀਨੀਅਰ ਵਿਗਿਆਨੀ, ਡਾਇਰੈਕਟਰ ਖੇਤੀਬਾੜੀ, ਬਾਗਬਾਨੀ, ਪੀਏਯੂ, ਗਡਵਾਸੂ ਅਤੇ ਏਮਜ਼ ਦੇ ਪ੍ਰਤੀਨਿਧੀ ਪ੍ਰੋਫੈਸਰ, ਫੂਡ ਐਂਡ ਡਰੱਗਜ਼ ਐਡਮਿਨਿਸਟ੍ਰੇਸ਼ਨ ਦੇ ਅਧਿਕਾਰੀ ਸ਼ਾਮਲ ਹੋਏ।

# ਲਹਿਰਾ ਮੂਨਕ ਭੱਠਾ ਐਸੋਸੀਏਸ਼ਨ ਦੀ ਮੀਟਿੰਗ ਵਿਖੇ ਹੋਈ ਅਹਿਮ ਮੀਟਿੰਗ



**ਸੁਨਾਮ ਊਧਮ ਸਿੰਘ ਵਾਲਾ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਬੀ.ਬੀ ਗਰੈਂਡ ਹੋਟਲ ਵਿਖੇ ਲਹਿਰਾ-ਮੂਨਕ ਭੱਠਾ ਐਸੋਸੀਏਸ਼ਨ ਦੇ ਪ੍ਰਧਾਨ ਅਸ਼ਵਨੀ ਕੁਮਾਰ ਆਸ਼ੂ ਦੀ ਅਗਵਾਈ ਹੇਠ ਭੱਠਾ ਐਸੋਸੀਏਸ਼ਨ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਭੱਠਾ ਮਾਲਕ ਇਕੱਠਾ ਹੋਏ। ਭਾਰਤ ਭੂਸ਼ਣ ਅਤੇ ਰਾਧਾ ਗੋਇਲ ਵੱਲੋਂ ਇਸ ਮੀਟਿੰਗ ਦੇ ਸਾਰੇ ਇੰਤਜ਼ਾਮ ਕੀਤੇ ਗਏ।

ਇਸ ਮੌਕੇ ਅਸ਼ਵਨੀ ਕੁਮਾਰ ਆਸ਼ੂ ਨੇ ਕਿਹਾ ਕਿ ਕੋਲੇ ਦੀਆਂ ਵਧੀਆ ਕੀਮਤਾਂ ਦੇ ਕਾਰਨ ਇੱਟਾਂ ਦੇ ਰੇਟਾਂ ਦੇ ਵਿੱਚ ਵੀ ਵਾਧਾ ਹੋ ਸਕਦਾ ਹੈ ਜਿਸ ਨੂੰ ਲੈ ਕੇ ਜਿੱਥੇ ਭੱਠਾ ਮਾਲਕਾਂ ਦਾ ਨੁਕਸਾਨ ਹੋ ਰਿਹਾ ਉੱਥੇ ਹੀ ਆਮ ਲੋਕਾਂ ਦਾ ਵੀ ਕਾਫੀ ਨੁਕਸਾਨ ਹੋਵੇਗਾ ਸਰਕਾਰ ਇਸ ਵੱਲ ਧਿਆਨ ਨਹੀਂ ਦੇ ਰਹੀ ਜਿਸ ਕਾਰਨ ਭੱਠਾ ਉਦਯੋਗ ਦਾ ਕਾਫੀ ਨੁਕਸਾਨ ਚੱਲ ਰਿਹਾ ਹੈ। ਉਹਨਾਂ ਕਿਹਾ ਕਿ 20 ਦਿਨਾਂ ਵਿੱਚ 5000 ਰੁਪਏ ਟਨ ਰੇਟ ਵਿੱਚ ਵਾਧਾ ਹੋਇਆ ਹੈ ਜਿਸ ਕਾਰਨ ਆਉਣ ਵਾਲੇ ਸਮੇਂ ਵਿੱਚ ਇੱਟਾਂ ਦਾ ਰੇਟ 8000 ਤੋਂ 9000 ਪ੍ਰਤੀ ਹਜਾਰ ਹੋ ਸਕਦਾ ਹੈ ਜਿਸ ਦਾ ਖਾਮਿਆਜਾ ਲੋਕਾਂ ਨੂੰ ਭੁਗਤਣਾ ਪੈ ਸਕਦਾ ਹੈ ਉਹਨਾਂ ਨੇ ਸਰਕਾਰ ਨੂੰ ਕਿਹਾ ਕਿ ਇਸ ਵਿੱਚ ਦਖਲ ਕਰ ਕੋਲੇ ਦੇ ਰੇਟਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਨੂੰ ਖਤਮ ਕਰੇ, ਕੋਲੇ ਦੇ ਵਧ ਰਹੇ ਰੇਟਾਂ ਦੇ ਕਾਰਨ ਭੱਠਾ ਮਾਲਕਾਂ ਦਾ ਧੂਆਂ ਨਿਕਲਿਆ ਹੋਇਆ ਹੈ।

ਇਸ ਮੌਕੇ ਉਹਨਾਂ ਕਿਹਾ ਕਿ ਭੱਠਾ ਉਦਯੋਗ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਚਾਹੇ ਉਹ ਜੀਐਸਟੀ ਨੂੰ ਲੈ ਕੇ ਹੋਵੇ ਜਾਂ ਉਹ ਕੋਲਾ ਮਾਫੀਆ ਨੂੰ ਲੈ ਕੇ ਹੋਵੇ। ਉਹਨਾਂ ਕਿਹਾ ਕਿ ਸਰਕਾਰ ਨੂੰ ਇਸ ਵੱਲ ਧਿਆਨ ਦੇ ਕੇ ਭੱਠਾ ਨੂੰ ਮਾਈਨਿੰਗ ਵਿੱਚੋਂ ਵੀ ਬਾਹਰ ਕੱਢਣਾ ਚਾਹੀਦਾ ਹੈ ਅਤੇ ਭੱਠਾ ਮਾਲਕਾਂ ਨਾਲ ਮੀਟਿੰਗ ਕਰਕੇ ਉਹਨਾਂ ਨੂੰ ਆ ਰਹੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਨਾ ਚਾਹੀਦਾ ਹੈ ਕਿਉਂਕਿ ਭੱਠੇ ਦੇ ਨਾਲ ਵੱਡੀ ਗਿਣਤੀ ਵਿੱਚ ਜਿੱਥੇ ਮਜ਼ਦੂਰ ਵਰਗ ਜੁੜਿਆ ਹੁੰਦਾ ਹੈ ਉੱਥੇ ਹੀ ਰੇਟਾਂ ਦੇ ਵਧਣ ਦੇ ਨਾਲ ਵਿਕਾਸ ਕਾਰਜਾਂ ਵਿੱਚ ਵੀ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਮੌਕੇ ਸਾਰੇ ਆਏ ਭੱਠਾ ਮਾਲਕਾਂ ਦਾ ਭਾਰਤ ਭੂਸ਼ਣ ਵੱਲੋਂ ਜੀ ਆਇਆਂ ਨੂੰ ਆਖਿਆ ਗਿਆ ਅਤੇ ਆਉਣ ਵਾਲੇ ਸਮੇਂ ਵਿੱਚ ਭੱਠਿਆਂ ਨੂੰ ਆ ਰਹੀ ਮੁਸ਼ਕਿਲਾਂ ਨੂੰ ਲੈ ਕੇ ਸੰਘਰਸ਼ ਦੀ ਗੱਲ ਆਖੀ ਗਈ।

ਇਸ ਮੌਕੇ ਦੀਪੂ, ਸਨੀ, ਭੀਮ, ਕਰਮਜੀਤ ਮੂਨਕ, ਸੋਨੂੰ, ਅਜੀਤ, ਰਾਧੇ, ਬਲਰਾਜ, ਹਨੀ, ਸੰਜੇ, ਜੀਵਨ ਆਦਿ ਮੌਜੂਦ ਸਨ।

# ਇਰਾਨ ਵੱਲੋਂ ਇਜ਼ਰਾਈਲ ਤੇ ਅਮਰੀਕੀ ਟਿਕਾਣਿਆਂ 'ਤੇ ਹਮਲੇ

### ਜਵਾਬੀ ਕਾਰਵਾਈ 'ਚ ਤਹਿਰਾਨ ਦੀ ਫ਼ੌਜੀ ਲੀਡਰਸ਼ਿਪ ਤੇ ਪਰਮਾਣੂ ਪ੍ਰੋਗਰਾਮ ਨੂੰ ਨਿਸ਼ਾਨਾ ਬਣਾਇਆ

**ਦੁਬਈ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਇਰਾਨ ਨੇ ਇਜ਼ਰਾਈਲ ਤੇ ਅਮਰੀਕੀ ਟਿਕਾਣਿਆਂ ਅਤੇ ਖ਼ਿੱਤੇ ਦੇ ਆਲੇ-ਦੁਆਲੇ ਮੁਲਕਾਂ 'ਤੇ ਨਵੇਂ ਸਿਰਿਓਂ ਹਮਲੇ ਕੀਤੇ ਹਨ। ਤਹਿਰਾਨ ਨੇ ਚਿਤਾਵਨੀ ਦਿੱਤੀ ਕਿ ਅਮਰੀਕਾ ਨੂੰ ਹਿੰਦ ਮਹਾਸਾਗਰ 'ਚ ਇਰਾਨੀ ਜੰਗੀ ਬੇੜੇ ਨੂੰ ਤਾਰਪੀਡੋ ਕਰਨ ਦਾ 'ਵੱਡਾ ਅਫਸੋਸ' ਹੋਵੇਗਾ। ਜੰਗ ਕਰ ਕੇ ਇਰਾਨ ਵਿੱਚ ਮਰਨ ਵਾਲਿਆਂ ਦੀ ਗਿਣਤੀ 1230 ਹੋ ਗਈ ਹੈ ਜਦੋਂਕਿ ਲਿਬਨਾਨ ਵਿੱਚ 70 ਤੇ ਦਰਜਨ ਦੇ ਕਰੀਬ ਲੋਕ ਇਜ਼ਰਾਈਲ ਵਿੱਚ ਮਾਰੇ ਗਏ ਹਨ। ਅਮਰੀਕਾ ਨੇ ਵੀ ਜੰਗ 'ਚ ਛੇ ਫੌਜੀਆਂ ਦੇ ਹਲਾਕ ਹੋਣ ਦਾ ਦਾਅਵਾ ਕੀਤਾ ਹੈ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਕਿਹਾ ਕਿ ਉਨ੍ਹਾਂ ਨੂੰ ਇਰਾਨ ਦਾ ਅਗਲਾ ਸੁਪਰੀਮ ਆਗੂ ਚੁਣਨ ਦੇ ਅਮਲ 'ਚ ਸ਼ਾਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਮਰਹੂਮ ਆਇਤੁੱਲਾ ਅਲੀ ਖਮੇਨੇਈ ਦੇ ਜਾਨਸ਼ੀਨ ਵਜੋਂ ਉਸ ਦੇ ਪੁੱਤਰ ਮੁਜਤਬਾ ਖਮੇਨੇਈ ਦਾ ਨਾਮ ਸਵੀਕਾਰ ਨਹੀਂ ਹੈ।



ਇਜ਼ਰਾਈਲ ਤੇ ਅਮਰੀਕਾ ਨੇ ਅੱਜ ਛੇਵੇਂ ਦਿਨ ਤਹਿਰਾਨ 'ਤੇ ਹਵਾਈ ਹਮਲੇ ਜਾਰੀ ਰੱਖੇ। ਜੰਗ ਦਾ ਘੇਰਾ ਲਗਾਤਾਰ ਵਧ ਰਿਹਾ ਹੈ। ਮੱਧ ਪੂਰਬ ਤੇ ਇਸ ਤੋਂ ਬਾਹਰ 14 ਹੋਰ ਮੁਲਕ ਇਸ ਦੀ ਮਾਰ ਹੇਠ ਹਨ। ਆਜ਼ਰਬਾਇਜਾਨ ਨੇ ਵੀਰਵਾਰ ਨੂੰ ਇਰਾਨ 'ਤੇ ਡਰੋਨਾਂ ਨਾਲ ਹਮਲਾ ਕਰਨ ਦਾ ਦੋਸ਼ ਲਾਇਆ। ਰਾਸ਼ਟਰਪਤੀ ਇਲਹਾਮ ਅਲੀਯੇਵ ਨੇ ਕਿਹਾ ਕਿ ਇਕ ਡਰੋਨ ਨਾਖਚਿਵਾਨ ਵਿੱਚ ਹਵਾਈ ਅੱਡੇ ਨੇੜੇ ਡਿੱਗਿਆ। ਦੂਜਾ ਸਕੂਲ ਨੇੜੇ ਡਿੱਗਾ ਤੇ ਦੋ ਸਿਵਲੀਅਨ ਜ਼ਖ਼ਮੀ ਹੋ ਗਏ। ਤਹਿਰਾਨ ਨੇ ਹਾਲਾਂਕਿ ਦੋਸ਼ਾਂ ਤੋਂ ਇਨਕਾਰ ਕੀਤਾ ਹੈ। ਉਧਰ ਅਮਰੀਕਾ ਨੇ ਇਕ ਦਿਨ ਪਹਿਲਾਂ ਸ੍ਰੀਲੰਕਾ ਦੇ ਪਾਣੀਆਂ ਵਿੱਚ ਇਰਾਨੀ ਜੰਗੀ ਬੇੜਾ ਡੋਬਣ ਦਾ ਦਾਅਵਾ ਕੀਤਾ ਹੈ। ਦੂਜੇ ਪਾਸੇ ਕੁਵੈਤ ਵਿੱਚ ਵੀਰਵਾਰ ਤੜਕੇ ਟੈਂਕਰ ਹਮਲੇ ਦੀ ਜ਼ੱਦ ਵਿਚ ਆ ਗਿਆ।

ਇਸ ਦੌਰਾਨ ਅਮਰੀਕਾ ਅਤੇ ਇਜ਼ਰਾਈਲ ਨੇ ਇਰਾਨ 'ਤੇ ਹਮਲੇ ਜਾਰੀ ਰੱਖੇ ਤੇ ਉਨ੍ਹਾਂ ਦੀ ਫੌਜੀ ਲੀਡਰਸ਼ਿਪ ਤੇ ਪਰਮਾਣੂ ਪ੍ਰੋਗਰਾਮ ਨੂੰ ਨਿਸ਼ਾਨਾ ਬਣਾਇਆ। ਇਰਾਨ ਨੇ ਜਵਾਬੀ ਕਾਰਵਾਈ ਵਿੱਚ ਅਰਬ ਮੁਲਕਾਂ ਨੂੰ ਨਿਸ਼ਾਨਾ ਬਣਾਇਆ। ਇਜ਼ਰਾਈਲ ਦੇ ਤਲ ਅਵੀਵ ਅਤੇ ਯੇਰੂਸ਼ਲਮ ਵਿੱਚ ਮਿਜ਼ਾਈਲ ਹਮਲਿਆਂ ਨੂੰ ਲੈ ਕੇ ਹਵਾਈ ਸਾਇਰਨ ਸੁਣੇ ਗਏ। ਆਬੂ ਧਾਬੀ ਵਿੱਚ ਅਮਰੀਕੀ ਸੁਰੱਖਿਆ ਬਲਾਂ ਦੀ ਮੌਜੂਦਗੀ ਵਾਲੇ ਅਲ ਦਾਫਰਾ ਏਅਰ ਬੇਸ ਨੇੜੇ ਡਰੋਨ ਫੁੰਡਿਆ ਗਿਆ। ਕਤਰ ਨੇ ਦੋਹਾ ਵਿੱਚ ਅਮਰੀਕੀ ਦੂਤਾਵਾਸ ਨੇੜਿਓਂ ਥਾਂ ਖਾਲੀ ਕਰਵਾ ਲਈ। ਸਾਊਦੀ ਅਰਬ ਨੇ ਜੌਰਡਨ ਨਾਲ ਲੱਗਦੇ ਸਰਹੱਦੀ ਸੂਬੇ 'ਚ ਡੋਰਨ ਫੁੰਡਣ ਦਾ ਦਾਅਵਾ ਕੀਤਾ। ਇਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਗ਼ਚੀ ਨੇ ਅਮਰੀਕੀ ਜਲਸੈਨਾ 'ਤੇ ਹਫ਼ਤੇ ਦੇ ਸ਼ੁਰੂ ਵਿੱਚ ਹਿੰਦ ਮਹਾਸਾਗਰ ਵਿੱਚ ਇਰਾਨੀ ਜੰਗੀ ਬੇੜੇ ਆਈ ਆਰ ਆਈ ਐੱਸ ਦੇਨਾ ਨੂੰ ਡੋਬਣ ਦਾ ਦੋਸ਼ ਲਗਾਇਆ। ਅਰਾਗ਼ਚੀ ਨੇ ਦਾਅਵਾ ਕੀਤਾ ਕਿ ਅਮਰੀਕਾ ਦੀ ਇਸ ਕਾਰਵਾਈ ਵਿੱਚ ਘੱਟੋ-ਘੱਟ 87 ਲੋਕ ਮਾਰੇ ਗਏ ਸਨ। ਇਸ ਦੌਰਾਨ ਇਰਾਨੀ ਮੌਲਵੀ ਆਇਤੁੱਲਾ ਅਬਦੁੱਲਾ ਜਾਵਦੀ ਅਮੋਲੀ ਨੇ ਸਰਕਾਰੀ ਟੈਲੀਵਿਜ਼ਨ 'ਤੇ ਇਜ਼ਰਾਈਲ ਤੇ ਅਮਰੀਕਾ, ਦੋਵਾਂ ਦਾ ਖ਼ੂਨ ਵਹਾਉਣ ਦਾ ਸੱਦਾ ਦਿੱਤਾ ਹੈ। ਇਜ਼ਰਾਈਲ ਨੇ ਇਰਾਨ ਦੀ ਹਮਾਇਤ ਵਾਲੇ ਦਹਿਸ਼ਤੀ ਸਮੂਹ ਹਿਜ਼ਬੁੱਲਾ ਨੂੰ ਨਿਸ਼ਾਨਾ ਬਣਾਉਣ ਲਈ ਲਿਬਨਾਨ 'ਤੇ ਹਮਲੇ ਤੇਜ਼ ਕਰਨ ਦੀ ਤਿਆਰੀ ਖਿੱਚ ਲਈ ਹੈ। ਇਰਾਨ ਨੇ ਲੰਮੀ ਦੂਰੀ ਦੀਆਂ ਬੈਲਿਸਟਿਕ ਮਿਜ਼ਾਈਲਾਂ ਨਾਲ ਇਜ਼ਰਾਈਲ ਨੂੰ ਨਿਸ਼ਾਨਾ ਬਣਾਇਆ। ਇਜ਼ਰਾਈਲ ਨੇ ਬੈਰੂਤ ਦੇ ਦੱਖਣੀ ਨੀਮ ਸ਼ਹਿਰੀ ਇਲਾਕੇ ਨੂੰ ਖਾਲੀ ਕਰਵਾ ਲਿਆ ਹੈ। ਇਜ਼ਰਾਇਲੀ ਫੌਜ ਨੇ ਪਿਛਲੇ 24 ਘੰਟਿਆਂ ਵਿੱਚ ਬੈਰੂਤ 'ਚ ਹਿਜ਼ਬੁੱਲਾ ਵੱਲੋਂ ਵਰਤੇ ਜਾਂਦੇ 'ਕਈ ਕਮਾਂਡ ਸੈਂਟਰਾਂ' ਉੱਤੇ ਹਮਲੇ ਕੀਤੇ ਹਨ।

# ਇੰਗਲੈਂਡ ਦੀ ਸੰਗਤ ਦੇ ਸਹਿਯੋਗ ਨਾਲ 32ਵਾਂ ਮੁਫ਼ਤ ਲੈਂਜ ਕੈਂਪ ਸ਼ੁਰੂ

**ਜੈਤੋਂ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਰਮ ਪੂਜਨੀਕ ਬ੍ਰਹਮਲੀਨ 108 ਸੰਤ ਬਾਬਾ ਕਰਨੈਲ ਦਾਸ ਜੀ ਜਲਾਲ ਵਾਲਿਆਂ ਦੇ ਆਸ਼ੀਰਵਾਦ ਨਾਲ, ਸਵਾਮੀ ਬ੍ਰਹਮ ਮੁਨੀ ਜੀ ਸ਼ਾਸਤਰੀ ਜੀ ਦੀ ਰਹਿਨੁਮਾਈ ਵਿੱਚ ਅਤੇ ".™. ਸਿਟਿਜਨ ਜਸਵਿੰਦਰ ਸਿੰਘ ਢਿੱਲੋਂ, ਗੁਰਦੇਵ ਸਿੰਘ ਪੁਰੇਵਾਲ, ਪਰਮਿੰਦਰ ਕੌਰ ਪੁਰੇਵਾਲ (ਐਲ ਐਲ ਬੀ ਲਾਅ), ਹਰਨੇਕ ਸਿੰਘ ਧਾਲੀਵਾਲ, ਪਰਮਿੰਦਰ ਸਿੰਘ ਮਾਂਗਟ, ਬਲਵਿੰਦਰ ਸਿੰਘ ਚੌਹਾਨ, ਗੁਰਮੀਤ ਸਿੰਘ ਭੱਲਾ, ਭੁਪਿੰਦਰ ਪਾਲ ਸਿੰਘ ਭਮਰਾ, ਜੋਗਾ ਸਿੰਘ ਢਿੱਲੋਂ, ਹਰਮਿੰਦਰ ਸਿੰਘ ਦੂਹਰਾ, ਰਮਨ ਕੁਮਾਰ ਸ਼ਰਮਾ, ਜਸਪਾਲ ਸਿੰਘ ਭੱਲਾ, ਕੁਲਬੀਰ ਸਿੰਘ ਮੌਡੇਅਰ, ਪ੍ਰਵੀਨ ਕੁਮਾਰ ਮੈਨੀ ਜੀ ਅਤੇ ਉਹਨਾਂ ਦੇ ਪਰਿਵਾਰਕ ਮੈਂਬਰਾਂ ਦੇ ਸਹਿਯੋਗ ਨਾਲ 32ਵਾਂ ਅੱਖਾਂ ਦਾ ਮੁਫ਼ਤ ਲੈਂਜ ਕੈਂਪ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੋਸਾਇਟੀ (ਰਜਿ .) ਚੈਨਾ ਰੋਡ, ਜੈਤੋ ਵਿਖੇ ਰਸਮੀ ਉਦਘਾਟਨ ਮਗਰੋਂ ਸ਼ੁਰੂ ਹੋ ਗਿਆ। ਵਿਵੇਕ ਮਿਸ਼ਨ ਚੈਰੀਟੇਬਲ ਟਰੱਸਟ ਦੇ ਚੀਫ਼ ਪੈਟਰਨ ਸਵਾਮੀ ਬ੍ਰਹਮ ਮੁਨੀ ਜੀ ਸ਼ਾਸਤਰੀ, ਹਲਕਾ ਵਿਧਾਇਕ ਇੰਜੀਨੀਅਰ ਅਮੋਲਕ ਸਿੰਘ, ਸੰਤ ਰਿਸ਼ੀ ਰਾਮ ਜਲਾਲ ਵਾਲੇ ਪ੍ਰਧਾਨ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ, ਮਾਤਾ ਰਜਨੀ ਦੇਵੀ ਵਿਵੇਕ ਆਸ਼ਰਮ ਵਾਲਿਆਂ ਨੇ ਰਸਮੀ ਤੌਰ ਤੇ ਰੀਬਨ ਕੱਟਣ ਉਪਰੰਤ ਸ਼ਮਾਂ ਰੌਸ਼ਨ ਕਰ ਕੇ ਕੀਤਾ। ਇਸ ਮੌਕੇ ਹਲਕਾ ਵਿਧਾਇਕ ਨੇ ਕਿਹਾ ਕਿ ਉਹ ਸਾਰੇ ਐਨ ਆਰ ਆਈ ਭਰਾਵਾਂ ਦਾ ਧੰਨਵਾਦ ਕਰਦੇ ਹਨ ਜੋ ਵਿਦੇਸ਼ ਤੋਂ ਆਏ ਅਤੇ ਸਮਾਜ ਸੇਵਾ ਨੂੰ ਸਮਰਪਿਤ ਹੋ ਕੇ ਕੈਂਪ ਲਗਵਾ ਰਹੇ ਹਨ। ਸਵਾਮੀ ਬ੍ਰਹਮ ਮੁਨੀ ਜੀ ਨੇ ਕਿਹਾ ਕਿ ਉਹ ਲੋਕ ਸਦਾ ਖੁਸ਼ ਰਹਿੰਦੇ ਹਨ ਜੋ ਜਰੂਰਤਮੰਦ ਲੋਕਾਂ ਦੀ ਸੇਵਾ ਕਰਨ ਦਾ ਉਪਰਾਲਾ ਕਰਦੇ ਹਨ। ਸੰਤ ਰਿਸ਼ੀ ਰਾਮ ਜੀ ਨੇ ਕੈਂਪ ਵਿੱਚ ਆਈਆਂ ਸੰਗਤਾਂ ਤੇ ਇੰਗਲੈਂਡ ਦੀ ਸੰਗਤ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਕੈਂਪ ਵਿਚ ਅੱਖਾਂ ਦੇ ਸਪੈਸ਼ਲਿਸਟ ਡਾ. ਦੀਪਕ ਅਰੋੜਾ, ਡਾ. ਭੁਪਿੰਦਰਪਾਲ ਕੌਰ, ਡਾ. ਮੋਨਿਕਾ ਬਲਿਆਨ ਨੇ ਮਰੀਜਾਂ ਦਾ ਚੈੱਕ ਅੱਪ ਕਰਕੇ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ। ਹੋਮਿਓਪੈਥੀ ਦੇ ਮਾਹਿਰ ਡਾਕਟਰ ਮੈਡਮ ਗੀਤਿਕਾ ਧਵਨ ਦੀ ਟੀਮ ਨੇ ਲਗਭਗ 200 ਦੇ ਕਰੀਬ ਮਰੀਜ਼ਾਂ ਦੀ ਜਾਂਚ ਕੀਤੀ ਤੇ ਦਵਾਈਆਂ ਮੁਫ਼ਤ ਦਿੱਤੀਆਂ। ਸੰਤ ਰਿਸ਼ੀ ਰਾਮ ਜੀ ਜਲਾਲ ਵਾਲੇ ਪ੍ਰਧਾਨ ਮਾਤਾ ਅਮਰ ਕੌਰ ਵਿਵੇਕ ਚੈਰੀਟੇਬਲ ਸੁਸਾਇਟੀ ਨੇ ਦੱਸਿਆ ਕਿ ਸ਼ੂਗਰ ਅਤੇ ਦਿਲ ਦੇ ਮਰੀਜ਼ਾਂ ਨੂੰ ਸਿਰਫ ਅੱਖਾਂ ਦੀ ਦਵਾਈ ਮੁਫਤ ਦਿੱਤੀ ਗਈ ਅਤੇ ਉਹਨਾਂ ਨੂੰ ਆਪ੍ਰੇਸ਼ਨ ਲਈ ਦਾਖਿਲ ਨਹੀਂ ਕੀਤਾ। ਉਹਨਾਂ ਦੱਸਿਆ ਕਿ ਲੋੜਵੰਦ ਮਰੀਜ਼ਾਂ ਦੇ ਮੁਫਤ ਲੈਂਜ ਪਾਏ ਜਾਣਗੇ। ਇਸ ਕੈਂਪ ਦੌਰਾਨ ਮਰੀਜ਼ਾਂ ਅਤੇ ਵਾਰਿਸਾਂ ਦੇ ਰਹਿਣ ਅਤੇ ਲੰਗਰ ਦਾ ਪ੍ਰਬੰਧ ਸੋਸਾਇਟੀ ਵੱਲੋਂ ਕੀਤਾ ਗਿਆ।

# ਰਾਹੁਲ ਦੇ ਦਬਕੇ ਮਗਰੋਂ ਪੰਜਾਬ ਕਾਂਗਰਸ ਇਕਜੁੱਟ: ਰਾਣਾ ਗੁਰਜੀਤ; ਪੰਜਾਬ ਦੇ ਲੋਕ ਕਾਂਗਰਸ ਨੂੰ ਸੱਤਾ 'ਚ ਲਿਆਉਣ ਲਈ ਤਿਆਰ

**ਚੰਡੀਗੜ੍ਹ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਬਕਾ ਮੰਤਰੀ ਅਤੇ ਕਪੂਰਥਲਾ ਤੋਂ ਕਾਂਗਰਸੀ ਵਿਧਾਇਕ ਰਾਣਾ ਗੁਰਜੀਤ ਸਿੰਘ ਨੇ ਦਾਅਵਾ ਕੀਤਾ ਕਿ ਸੰਸਦ ਮੈਂਬਰ ਰਾਹੁਲ ਗਾਂਧੀ ਵੱਲੋਂ ਬਰਨਾਲਾ ਰੈਲੀ ਵਿਚ ਪੰਜਾਬ ਦੇ ਕਾਂਗਰਸੀ ਆਗੂਆਂ ਨੂੰ ਮਾਰੇ ਦਬਕੇ ਪਿਛੋਂ ਪੰਜਾਬ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਸਰਕਾਰ ਦੀ ਜਿੱਤ ਯਕੀਨੀ ਬਣਾਉਣ ਲਈ ਇਕਜੁੱਟ ਹੋ ਗਈ ਹੈ ਅਤੇ ਲੋਕ ਕਾਂਗਰਸ ਸੱਤਾ 'ਚ ਲਿਆਉਣ ਲਈ ਤਿਆਰ ਹਨ। ਇੱਥੇ ਸਾਬਕਾ ਮੰਤਰੀ ਰਜ਼ੀਆ ਸੁਲਤਾਨਾ ਦੀ ਸਥਾਨਕ ਰਿਹਾਇਸ਼ ਮਾਲੇਰਕੋਟਲਾ ਹਾਊਸ ਵਿਖੇ ਪ੍ਰੈੱਸ ਕਾਨਫੰਸ ਦੌਰਾਨ ਜ਼ਿਲ੍ਹਾ ਕਾਂਗਰਸ ਪ੍ਰਧਾਨ ਬੀਬਾ ਨਿਸ਼ਾਤ ਅਖਤਰ ਦੀ ਮੌਜੂਦਗੀ ਵਿਚ ਰਾਣਾ ਗੁਰਜੀਤ ਸਿੰਘ ਨੇ ਕਿਹਾ ਕਿ ਜੇਕਰ ਇਹ ਕਦਮ ਸਾਲ



ਕੁ ਚੁੱਕਿਆ ਜਾਂਦਾ ਤਾਂ ਇਹ ਪੰਜਾਬ ਅਤੇ ਕਾਂਗਰਸ ਲਈ ਹੋਰ ਵੀ ਵਧੀਆ ਹੋਣਾ ਸੀ।

'ਆਪ' ਨੂੰ ਭਾਜਪਾ ਦੀ 'ਬੀ' ਟੀਮ ਦੱਸਦਿਆਂ ਕਾਂਗਰਸੀ ਨੇਤਾ ਨੇ ਦਿੱਲੀ ਕੋਰਟ ਵੱਲੋਂ ਕੇਜਰੀਵਾਲ ਨੂੰ ਬਰੀ ਕਰਨ 'ਤੇ ਸਵਾਲ ਖੜ੍ਹੇ ਕੀਤੇ ਤੇ ਕਿਹਾ ਕਿ ਭਾਜਪਾ ਪੰਜਾਬ ਚੋਣਾਂ ਵਿਚ ਲਾਹਾ ਲੈਣ ਲਈ 'ਆਪ' ਨੂੰ ਤਕੜਾ ਕਰਨਾ ਚਹੁੰਦੀ ਹੈ। ਇਸ ਮੌਕੇ ਕਮਲ ਧਾਲੀਵਾਲ, ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਝੁਨੇਰ, ਲਾਲ ਸਿੰਘ ਤੋਲੇਵਾਲ, ਸਪੋਕਸਪਰਸ਼ਨ ਅਨਵਾਰ ਮਹਿਬੂਬ ਆਦਿ ਮੌਜੂਦ ਸਨ।

**ਕੈਪਟਨ ਦੀ ਵਾਪਸੀ ਬਾਰੇ ਇਤਰਾਜ਼ ਨਹੀਂ"**

ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ 'ਚ ਵਾਪਸੀ ਦੀਆਂ ਕਨਸੋਆਂ ਬਾਰੇ ਰਾਣਾ ਗੁਰਜੀਤ ਸਿੰਘ ਨੇ ਕਿਹਾ ਕਿ ਇਹ ਹਾਈਕਮਾਂਡ ਦਾ ਅਧਿਕਾਰ ਖੇਤਰ ਹੈ ਪਰ ਮੈਨੂੰ ਨਿੱਜੀ ਤੌਰ 'ਤੇ ਇਸ ਬਾਰੇ ਕੋਈ ਇਤਰਾਜ਼ ਨਹੀਂ ਹੈ। ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨੂੰ ਰਾਜ ਅੰਦਰ ਸ਼ੁਰੂ ਹੋ ਰਹੀ ਐਸ ਆਈ ਆਰ ਪ੍ਰਤੀ ਸੁਚੇਤ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਨਵੀਂ ਵੋਟ ਬਣਨ ਅਤੇ ਕੱਟਣ ਪ੍ਰਤੀ ਪੂਰੀ ਚੌਕਸੀ ਰੱਖਣੀ ਪਵੇਗੀ।

# ਅਗਨੀਵੀਰ ਭਰਤੀ ਰੈਲੀ 9 ਤੋਂ 18 ਮਾਰਚ ਤੱਕ

**ਗੁਰਦਾਸਪੁਰ, 8 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਫੌਜ ਭਰਤੀ ਦਫ਼ਤਰ, ਅੰਮ੍ਰਿਤਸਰ, ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਸਹਿਯੋਗ ਨਾਲ 9 ਤੋਂ 18 ਮਾਰਚ 2026 ਤੱਕ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਅਗਨੀਵੀਰ ਭਰਤੀ ਰੈਲੀ ਦਾ ਕਰਵਾ ਰਿਹਾ ਹੈ।

ਇਸ ਭਰਤੀ ਰੈਲੀ ਵਿੱਚ, ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਟੈਕਨੀਕਲ, ਅਗਨੀਵੀਰ ਕਲਰਕ/ਸਟੋਰ ਕੀਪਰ ਅਤੇ ਅਗਨੀਵੀਰ ਟਰੇਡਸਮੈਨ (10ਵੀਂ ਅਤੇ 8ਵੀਂ) ਦੀ ਭਰਤੀ ਕੀਤੀ ਜਾਵੇਗੀ।

ਕਰਨਲ ਜੇਮਜ਼ ਜੈਕਬ, ਡਾਇਰੈਕਟਰ ਭਰਤੀ ਦਫ਼ਤਰ ਨੇ ਦੱਸਿਆ ਕਿ ਇਸ ਗੁਰਦਾਸਪੁਰ ਭਰਤੀ ਰੈਲੀ ਵਿੱਚ, ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਦੇ ਉਮੀਦਵਾਰਾਂ ਦੀ ਸਰੀਰਕ ਤੰਦਰੁਸਤੀ, ਮੈਡੀਕਲ ਤੰਦਰੁਸਤੀ ਦੇ ਨਾਲ-ਨਾਲ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾਵੇਗੀ।



ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਇਸ ਭਰਤੀ ਰੈਲੀ ਵਿੱਚ ਭਾਰਤੀ ਫੌਜ ਨੂੰ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ, ਤਾਂ ਜੋ ਵੱਧ ਤੋਂ ਵੱਧ ਨੌਜਵਾਨ ਇਸ ਭਰਤੀ ਰੈਲੀ ਵਿੱਚ ਪਹੁੰਚ ਸਕਣ ਅਤੇ ਭਰਤੀ ਹੋ ਕੇ ਆਪਣੇ ਦੇਸ਼ ਦੀ ਸੇਵਾ ਕਰ ਸਕਣ।

ਇਸ ਮੌਕੇ ਸੂਬੇਦਾਰ ਮੇਜਰ ਸੰਜੇ ਅਤੇ ਸੂਬੇਦਾਰ ਪ੍ਰਵੀਨ ਵੀ ਮੌਜੂਦ ਸਨ।

# ਨਾਰੀ ਦਰਪਣ

## ਘਰ ਦੀ ਰਸੋਈ

### ਕੱਦੂ ਮਿਕਸ ਤੂਰ ਦਾਲ



ਕੱਦੂ ਤੜਕਾ ਦਾਲ ਬਹੁਤ ਸੁਆਦੀ ਰੇਸਿਪੀ ਹੈ। ਇਹ ਦਾਲ ਤਿੰਨ ਦਾਲਾਂ ਦੇ ਮਿਸ਼ਰਣ ਨਾਲ ਬਣਦੀ ਹੈ। ਇਸ 'ਚ ਕੱਦੂ ਵੀ ਮਿਲਾਇਆ ਜਾਂਦਾ ਹੈ। ਇਹ ਦਾਲ ਸਿਹਤ ਲਈ ਵਧੀਆ ਹੁੰਦੀ ਹੈ। ਕੱਦੂ ਤੜਕਾ ਦਾਲ ਬਣਾਉਣਾ ਬਹੁਤ ਆਸਾਨ ਹੈ। ਅੱਜ ਅਸੀਂ ਤੁਹਾਨੂੰ ਕੱਦੂ ਤੜਕਾ ਦਾਲ ਬਣਾਉਣੀ ਦੱਸ ਰਹੇ ਹਾਂ।

**ਸਮੱਗਰੀ**

ਇੱਕ ਚੌਥਾਈ ਤੂਰ ਦਾਲ
ਇੱਕ ਚੌਥਾਈ ਕੱਪ ਮਸੂਰ ਦੀ ਦਾਲ
ਇੱਕ ਚੌਥਾਈ ਅਦਰਕ
ਦੋ ਪੀਸੀਆਂ ਹੋਈਆਂ ਹਰੀਆਂ ਮਿਰਚਾਂ
ਇੱਕ ਇੰਚ ਦਾਲਚੀਨੀ ਦੀ ਟੁੱਕੜਾ
ਦੋ ਤੇਜ਼ ਪੱਤਾ ਟਮਾਟਰ
ਨਮਕ ਸਵਾਦ ਮੁਤਾਬਕ
ਹਲਦੀ ਪਾਊਡਰ
250 ਗ੍ਰਾਮ ਕੱਦੂ ਬਰੀਕ ਕੱਟਿਆ ਹੋਇਆ
ਤੜਕੇ ਲਈ ਸਮੱਗਰੀ
ਇੱਕ ਚਮਚ ਘਿਓ
ਤਿੰਨ,ਚਾਰ ਲਸਣ ਦੀਆਂ ਕਲੀਆਂ
ਇੱਕ ਚਮਚ ਜੀਰਾ
ਦੋ ਸੁੱਕੀਆਂ ਲਾਲ ਮਿਰਚਾਂ

**ਵਿਧੀ**

ਸਭ ਤੋਂ ਪਹਿਲਾਂ ਗੈਸ 'ਤੇ ਸਾਰੀ ਸਮੱਗਰੀ ਨੂੰ ਕੁੱਕਰ 'ਚ ਪਾ ਕੇ ਦੋ ਕੱਪ ਪਾਣੀ ਅਤੇ ਨਮਕ ਪਾਓ। ਇਸ ਨੂੰ ਦੋ ਸੀਟੀਆਂ ਵੱਜਣ ਤੱਕ ਪਕਾਓ। ਉਬਾਲਣ ਵੇਲੇ ਤੜਕੇ ਵਾਲੀ ਸਮੱਗਰੀ ਨਾ ਪਾਓ। ਜਦੋਂ ਦਾਲ ਪੱਕ ਜਾਵੇ ਤਾਂ ਉਸ ਨੂੰ ਕਿਸੇ ਦੂਜੇ ਬਰਤਨ 'ਚ ਕੱਢ ਲਓ। ਹੁਣ ਗੈਸ 'ਤੇ ਤੜਕਾ ਲਗਾਉਣ ਲਈ ਇੱਕ ਛੋਟੀ ਕੜਾਹੀ ਰੱਖੋ।

ਹੁਣ ਇਸ 'ਚ ਜੀਰਾ, ਲਸਣ ਅਤੇ ਲਾਲ ਮਿਰਚ ਪਾਓ। ਇਸ ਨੂੰ ਕੁਝ ਦੇਰ ਪਕਾਓ। ਫ਼ਿਰ ਦਾਲ 'ਚ ਪਾ ਦਿਓ।

ਤੁਹਾਡੀ ਕੱਦੂ ਮਿਕਸ ਤੁਅਰ ਦਾਲ ਤਿਆਰ ਹੈ। ਇਸ ਨੂੰ ਗਰਮ-ਗਰਮ ਰੋਟੀ ਨਾਲ ਸਰਵ ਕਰੋ।

### ਪਪੀਤਾ-ਅਦਰਕ ਦਾ ਆਚਾਰ



**ਸਮੱਗਰੀ**

1 ਕਟੋਰੀ ਸਰੋਂ ਦਾ ਤੇਲ
2 ਛੋਟੇ ਚਮਚ ਕਲੌਂਜੀ
1 ਕਟੋਰੀ ਕੱਚਾ ਪਪੀਤਾ (ਟੁਕੜਿਆਂ 'ਚ ਕੱਟਿਆ ਹੋਇਆ)
2 ਵੱਡੇ ਚਮਚ ਕੱਟਿਆ ਹੋਇਆ ਅਦਰਕ
1 ਚਮਚ ਗੁੜ
ਨਮਕ ਸੁਆਦ ਮੁਤਾਬਕ
1 ਛੋਟਾ ਚਮਚ ਸਿਰਕਾ

**ਬਣਾਉਣ ਦੀ ਵਿਧੀ**

ਅਦਰਕ ਪਪੀਤੇ ਦਾ ਆਚਾਰ ਬਣਾਉਣ ਦੇ ਲਈ ਸਭ ਤੋਂ ਪਹਿਲਾਂ ਘੱਟ ਗੈਸ 'ਤੇ ਇੱਕ ਪੈਨ 'ਚ ਤੇਲ ਗਰਮ ਕਰਨ ਲਈ ਰੱਖੋ।

ਤੇਲ ਗਰਮ ਹੁੰਦੇ ਹੀ ਕਲੌਂਜੀ, ਕੱਚਾ ਪਪੀਤਾ, ਅਦਰਕ ਅਤੇ ਗੁੜ ਪਾ ਕੇ ਇਸ ਨੂੰ ਨਰਮ ਹੋਣ ਤੱਕ ਪਕਾਓ।

ਪਪੀਤੇ ਅਤੇ ਅਦਰਕ ਦੇ ਨਰਮ ਹੋ ਜਾਣ ਤੋਂ ਬਾਅਦ ਨਮਕ ਅਤੇ ਸਿਰਕਾ ਮਿਲਾਕੇ 2 ਤੋਂ 3 ਮਿੰਟਾਂ ਤੱਕ ਪਕਾਓ ਅਤੇ ਫ਼ਿਰ ਗੈਸ ਬੰਦ ਕਰ ਦਿਓ।

ਇਸ 'ਚ ਅਦਰਕ ਦਾ ਕੈਰਮਿਨੀਟਿਵ ਗੁਣ ਬਦਹਜ਼ਮੀ ਘੱਟ ਕਰਦਾ ਹੈ ਤਾਂ ਉੱਥੇ ਹੀ ਪਪੀਤੇ ਦੇ ਐਂਟੀਆਕਸੀਡੇਂਟ ਗੁਣ, ਫ਼ਾਇਵਰ ਅਤੇ ਵਿਟਾਮਿਨ ਸੀ ਦਾ ਗੁਣ ਕੌਲੈਸਟਰੋਲ ਦੇ ਨਾਲ ਭਾਰ ਕੰਟਰੋਲ ਕਰਨ 'ਚ ਮਦਦ ਵੀ ਕਰਦਾ ਹੈ।

ਪਪੀਤੇ ਅਤੇ ਅਦਰਕ ਦਾ ਆਚਾਰ ਤਿਆਰ ਹੈ ਇਸ ਨੂੰ ਬਰਨੀ 'ਚ ਪਾ ਕੇ ਰੱਖੋ ਜਦੋਂ ਚਾਹੇ ਖਾਣੇ ਦੇ ਨਾਲ ਇਸ ਦਾ ਸੁਆਦ ਲਓ।

### ਆਲੂ ਦਾ ਰਾਇਤਾ



**ਸਮੱਗਰੀ**

400 ਗ੍ਰਾਮ ਦਹੀਂ
ਦੋ ਉਬਲੇ ਹੋਏ ਆਲੂ
ਇੱਕ ਹਰੀ ਮਿਰਚ
ਅੱਧਾ ਚਮਚ ਭੁੱਜਿਆ ਜੀਰਾ
ਇੱਕ ਚੌਥਾਈ ਕਾਲੀ ਮਿਰਚ
ਹਰਾ ਧਨੀਆ ਬਰੀਕ ਕੱਟਿਆ ਹੋਇਆ
ਨਮਕ ਸਵਾਦ ਮੁਤਾਬਕ
ਕਾਲਾ ਨਮਕ ਸਵਾਦ ਮੁਤਾਬਕ

**ਵਿਧੀ**

ਸਭ ਤੋਂ ਪਹਿਲਾਂ ਦਹੀਂ ਨੂੰ ਚੰਗੀ ਤਰ੍ਹਾਂ ਫ਼ੈਂਟ ਲਓ।

ਹੁਣ ਆਲੂਆਂ ਨੂੰ ਛਿੱਲ ਕੇ ਤੋੜ ਲਓ ਅਤੇ ਦਹੀਂ 'ਚ ਮਿਲਾ ਦਿਓ। ਨਾਲ ਹੀ ਹਰੀ ਮਿਰਚ, ਅੱਧਾ ਹਰਾ ਧਨੀਆ, ਕਾਲੀ ਮਿਰਚ, ਨਮਕ, ਕਾਲਾ ਨਮਕ ਅਤੇ ਅੱਧਾ ਜੀਰਾ ਪਾਊਡਰ ਮਿਲਾ ਦਿਓ।

ਰਾਇਤੇ ਨੂੰ ਕਟੋਰੀ 'ਚ ਕੱਢ ਲਓ। ਹੁਣ ਬਚਿਆ ਹੋਇਆ ਜੀਰਾ ਪਾਊਡਰ ਅਤੇ ਧਨੀਆ ਪਾਊਡਰ ਪਾ ਕੇ ਇਸ ਨੂੰ ਸਜਾਓ। ਆਲੂ ਦੇ ਰਾਇਤੇ ਨੂੰ ਠੰਡਾ ਹੋਣ ਲਈ ਫ਼ਰਿੱਜ 'ਚ ਰੱਖ ਸਕਦੇ ਹੋ। ਇਸ ਰਾਇਤੇ ਨੂੰ ਗਰਮਾ-ਗਰਮ ਭੋਜਨ ਨਾਲ ਸਰਵ ਕਰੋ।

# ਕਿਵੇਂ ਰੱਖੀਏ ਪਤੀ ਨੂੰ ਖੁਸ਼

• ਅਮਨਪ੍ਰੀਤ ਸਿੰਘ



ਇਨਸਾਨ ਆਪਣੀ ਜ਼ਿੰਦਗੀ ਵਿਚ ਤਿੰਨ ਤਰ੍ਹਾਂ ਦੀ ਜ਼ਿੰਦਗੀ ਜਿਉਂਦਾ ਹੈ। ਇਕ ਹੈ ਨਿਜੀ ਜ਼ਿੰਦਗੀ, ਦੂਸਰੀ ਪਰਿਵਾਰਕ ਅਤੇ ਤੀਸਰੀ ਦੋਸਤਾਂ ਮਿੱਤਰਾਂ ਦੀ ਜ਼ਿੰਦਗੀ। ਇਨਸਾਨ ਦੀ ਜ਼ਿੰਦਗੀ ਵਿਚ ਇਹ ਤਿੰਨੋ ਹੀ ਜ਼ਿੰਦਗੀਆਂ ਬਹੁਤ ਹੀ ਮਹੱਤਵਪੂਰਨ ਹਨ ਪਰ ਅੱਗੇ ਵਧਣ ਤੋਂ ਪਹਿਲਾਂ ਸਾਨੂੰ ਇਨ੍ਹਾਂ ਤਿੰਨ ਤਰ੍ਹਾਂ ਦੀਆਂ ਜ਼ਿੰਦਗੀਆਂ ਦਾ ਮਤਲਬ ਸਮਝ ਲੈਣਾ ਜ਼ਰੂਰੀ ਹੈ। ਨਿੱਜੀ ਜ਼ਿੰਦਗੀ ਦਾ ਮਤਲਬ ਹੈ ਕੁਝ ਸਮਾਂ ਇਕੱਲੇ ਰਹਿ ਕੇ ਬਿਤਾਉਣਾ। ਇਨਸਾਨ ਇਹ ਸਮਾਂ ਇੱਕਲੇ ਬੈਠ ਕੇ ਬਿਤਾਉਂਦਾ ਹੈ, ਨਵੇਂ-ਨਵੇਂ ਵਿਚਾਰ ਸੋਚਦਾ ਹੈ। ਇਹ ਸਮਾਂ ਇਨਸਾਨ ਦੀ ਤਰੱਕੀ ਅਤੇ ਆਤਮਿਕ ਸ਼ਾਂਤੀ ਲਈ ਬਹੁਤ ਜ਼ਰੂਰੀ ਹੈ। ਦੂਜੀ ਤਰ੍ਹਾਂ ਦੀ ਜ਼ਿੰਦਗੀ ਹੈ ਪਰਿਵਾਰਕ ਜ਼ਿੰਦਗੀ। ਇਸ ਉਹ ਸਮਾਂ ਹੁੰਦਾ ਹੈ ਜਿਸ ਵਿਚ ਇਕ ਇਨਸਾਨ ਆਪਣੀ ਪਤਨੀ, ਬੱਚਿਆਂ ਅਤੇ ਮਾਂ-ਪਿਓ ਲਈ ਸਮਾਂ ਕੱਢਦਾ ਹੈ। ਤੀਜੀ ਜ਼ਿੰਦਗੀ ਹੈ ਦੋਸਤਾਂ-ਮਿਤਰਾਂ ਦੀ ਜ਼ਿੰਦਗੀ। ਇਹ ਜ਼ਿੰਦਗੀ ਦਾ ਉਹ ਸਮਾਂ ਹੈ ਜਿਸ ਵਿਚ ਇਕ ਆਦਮੀ ਆਪਣੇ ਦੋਸਤਾਂ ਮਿੱਤਰਾਂ ਲਈ ਸਮਾਂ ਕੱਢਦਾ ਹੈ। ਉਹ ਆਪਣੇ ਦੋਸਤਾਂ ਨਾਲ ਆਪਣੇ ਦਿਲ ਦੇ ਸੁੱਖ ਦੁੱਖ ਸਾਂਝੇ ਕਰਦਾ ਹੈ ਅਤੇ ਸਮੱਸਿਆਵਾਂ ਦੇ ਹੱਲ ਲੱਭਣ ਦੀ ਕੋਸ਼ਿਸ਼ ਕਰਦਾ ਹੈ। ਦੋਸਤੋ ਇਹ ਤਿੰਨ ਜ਼ਿੰਦਗੀਆਂ ਜੀਵਨ ਦੇ ਉਹ ਤਿੰਨ ਮਜਬੂਤ ਥੰਮ੍ਹ ਹਨ ਜਿਨ੍ਹਾਂ 'ਤੇ ਜ਼ਿੰਦਗੀ ਖੜ੍ਹੀ ਹੈ। ਇਨ੍ਹਾਂ ਵਿਚੋਂ ਇਕ ਥੰਮ ਵੀ ਕਮਜ਼ੋਰ ਹੋ ਗਿਆ ਤਾਂ ਆਪਣੀ ਪੂਰੀ ਜ਼ਿੰਦਗੀ ਡਾਂਵਾਂਡੋਲ ਹੋ ਜਾਵੇਗੀ। ਜੇ ਆਪਾਂ ਜ਼ਿੰਦਗੀ ਵਿਚ ਸੰਤੁਲਨ ਬਣਾਉਣ ਦੀ ਗੱਲ ਕਰੀਏ ਤਾਂ ਉਹ ਸੰਤੁਲਨ ਹੋਰ ਕੁਝ ਨਹੀਂ, ਬੱਸ ਇਨ੍ਹਾਂ ਤਿੰਨਾਂ ਵਿਚ ਸੰਤੁਲਨ ਪੈਦਾ ਕਰਨਾ ਹੈ। ਅਕਸਰ ਦੇਖਿਆ ਗਿਆ ਹੈ ਕਿ ਵਿਆਹ ਤੋਂ ਬਾਅਦ ਆਦਮੀ ਦਾ ਇਹ ਸੰਤੁਲਨ ਖ਼ਰਾਬ ਹੋ ਜਾਂਦਾ ਹੈ। ਅੱਜ ਕੱਲ੍ਹ ਦੀਆਂ ਪਤਨੀਆਂ ਪਤੀ ਕੋਲੋਂ ਬਹੁਤ ਜ਼ਿਆਦਾ ਸਮੇਂ ਦੀ ਆਸ ਰੱਖਦੀਆਂ ਹਨ। ਨਿੱਜੀ ਜ਼ਿੰਦਗੀ ਵਿਚੋਂ ਸਮਾਂ ਕੱਢਣ ਦਾ ਮਤਲਬ ਹੈ ਕਿ ਜਿਸ ਸਮੇਂ ਉਹ ਚੰਗੀਆਂ ਕਿਤਾਬਾਂ ਪੜ੍ਹਨਾ ਚਾਹੁੰਦਾ ਸੀ, ਚੰਗੀਆਂ ਸੋਚਾਂ ਸੋਚਣੀਆਂ ਚਾਹੁੰਦਾ ਸੀ, ਆਪਣੀ ਤਰੱਕੀ ਦੇ ਰਾਹ ਲੱਭਣਾ ਚਾਹੁੰਦਾ ਸੀ, ਆਪਣੀ ਕੋਈ ਮਨਪਸੰਦ ਦੀ ਚੀਜ਼ ਕਰਨਾ ਚਾਹੁੰਦਾ ਸੀ। ਉਹ ਸਾਰਾ ਸਮਾਂ ਕੱਟ ਕੇ, ਉਸਨੇ ਆਪਣੀ ਪਤਨੀ ਨੂੰ ਦੇ ਦਿੱਤਾ।



ਅਕਸਰ ਅਜਿਹੇ ਦਿੱਤੇ ਗਏ ਸਮੇਂ ਵਿਚ ਪਤੀ ਪਤਨੀ ਝਗੜੇ ਤੋਂ ਇਲਾਵਾ ਹੋਰ ਕੁਝ ਨਹੀਂ ਕਰਦੇ। ਹੁਣ ਤੁਸੀਂ ਮੈਨੂੰ ਆਪ ਹੀ ਦੱਸੋ ਕਿ ਅਜਿਹਾ ਇਨਸਾਨ ਆਪਣੀ ਜ਼ਿੰਦਗੀ ਵਿਚ ਕਿਵੇਂ ਖ਼ੁਸ਼ ਰਹਿ ਸਕਦਾ ਹੈ ? ਸੋ ਹਰ ਪਤਨੀ ਨੂੰ ਚਾਹੀਦੈ ਕਿ ਆਪਣੇ ਪਤੀ ਕੋਲੋਂ ਕਦੇ ਵੀ ਲੋੜੋਂ ਵੱਧ ਸਮਾਂ ਨਾ ਮੰਗੋ ਕਿਉਂਕਿ ਧੱਕੇ ਨਾਲ ਪ੍ਰਾਪਤ ਕੀਤੇ ਸਮੇਂ ਵਿਚ ਦੋਵਾਂ ਵਿਚੋਂ ਕੋਈ ਵੀ ਖ਼ੁਸ਼ ਨਹੀਂ ਰਹਿ ਸਕਦਾ ਹੈ। ਜੇ ਤੁਸੀਂ ਵੀ ਆਪਣੇ ਪਤੀ ਨੂੰ ਖ਼ੁਸ਼ ਦੇਖਣਾ ਚਾਹੁੰਦੇ ਹੋ ਅਤੇ ਚਾਹੁੰਦੇ ਹੋ ਕਿ ਉਹ ਵੀ ਤੁਹਾਨੂੰ ਖ਼ੁਸ਼ ਰੱਖੇ, ਤਾਂ ਆਪਣੇ ਪਤੀ ਦੀ ਮਦਦ ਕਰੋ ਉਨ੍ਹਾਂ ਨੂੰ ਆਪਣੀ ਜ਼ਿੰਦਗੀ ਵਿਚ ਸੰਤੁਲਨ ਬਣਾਉਣ ਲਈ ਕਿਉਂਕਿ ਜਦੋਂ ਇਨਸਾਨ ਦੀ ਇਕ ਜ਼ਿੰਦਗੀ ਵਿਚ ਤਿੰਨੋਂ ਤਰ੍ਹਾਂ ਦੀਆਂ ਜ਼ਿੰਦਗੀਆਂ ਦਾ ਸੰਤੁਲਨ ਬਣ ਜਾਵੇਗਾ ਤਾਂ ਸੁਭਾਵਿਕ ਹੈ ਕਿ ਜੋ ਇਨਸਾਨ ਅੰਦਰੋਂ ਪੂਰੀ ਤਰ੍ਹਾਂ ਨਾਲ ਖ਼ੁਸ਼ ਹੈ, ਉਹ ਦੂਜਿਆਂ ਨੂੰ ਵੀ ਖ਼ੁਸ਼ ਰੱਖਣ ਦੀ ਕੋਸ਼ਿਸ਼ ਕਰੇਗਾ।

09465554088

# ਰੋਜ਼ਾਨਾ ਜ਼ਿੰਦਗੀ 'ਚ ਅਪਨਾਓ ਇਹ ਗੱਲਾਂ

• ਭੋਲਾ ਨੂਰਪੁਰਾ



ਹੇਠ ਲਿਖੀਆਂ ਗੱਲਾਂ ਨੂੰ ਤੁਸੀਂ ਧਿਆਨ 'ਚ ਰੱਖਦੇ ਹੋਏ ਆਪਣੀ ਸ਼ਖ਼ਸੀਅਤ ਨੂੰ ਹਮੇਸ਼ਾਂ ਲਈ ਪ੍ਰਭਾਵਸ਼ਾਲੀ ਬਣਾ ਸਕਦੇ ਹੋ -

• ਸੋਚ-ਸਮਝ ਕੇ ਬੋਲਣਾ ਚੰਗੀ ਗੱਲ ਹੈ। ਜੇਕਰ ਤੁਸੀਂ ਦੋ-ਚਾਰ ਸਹੇਲੀਆਂ ਜਾਂ ਔਰਤਾਂ 'ਚ ਗੱਲਬਾਤ ਕਰ ਰਹੇ ਹੋ ਤਾਂ ਉਹੀ ਗੱਲਬਾਤ ਕਰੋ, ਜਿਸ ਬਾਰੇ ਤੁਹਾਨੂੰ ਪੂਰੀ ਜਾਣਕਾਰੀ ਹੈ। ਫਜ਼ੂਲ ਜਾਂ ਆਪਣੇ ਕੋਲੋਂ ਮਨਘੜਤ ਗੱਲਾਂ ਕਰਨ ਨਾਲੋਂ ਚੁੱਪ ਰਹਿਣਾ ਵਧੀਆ ਰਹੇਗਾ।

• ਦੂਜਿਆਂ ਦੀ ਗੱਲ ਸੁਣ ਕੇ ਫਿਰ ਜਵਾਬ ਦੇਵੋ, ਉਸ ਦੀ ਗੱਲ ਵਿਚਕਾਰ ਆਪਣੀ ਗੱਲ ਨਾ ਚਲਾਵੋ।

• ਗੱਲ ਕਰਨ ਸਮੇਂ ਬਹੁਤਾ ਉੱਚੀ ਅਤੇ ਤੇਜ਼ ਨਾ ਬੋਲੋ। ਗੱਲ ਕਰਦਿਆਂ ਠਹਾਕੇ ਮਾਰ ਕੇ ਵਾਰ-ਵਾਰ ਨਾ ਹੱਸੋ।

• ਜੇਕਰ ਤੁਹਾਡੇ ਕੋਲੋਂ ਕੋਈ ਗ਼ਲਤੀ ਹੋ ਗਈ ਹੈ ਤਾਂ ਉਸ ਨੂੰ ਛੁਪਾਉਣ ਲਈ ਝੂਠ ਦਾ ਸਹਾਰਾ ਨਾ ਲਓ।

• ਬੋਲਣ ਸਮੇਂ ਇਧਰ-ਉਧਰ ਨਾ ਹੋਵੋ, ਸਾਥਣਾਂ ਦੇ ਚੂੰਢੀਆਂ ਵੱਢਣੀਆਂ ਜਾਂ ਧੱਫ਼ੇ ਮਾਰ ਕੇ ਗੱਲ ਕਰਨੀ, ਇੰਜ ਤੁਹਾਡੀ ਗੱਲਬਾਤ ਦਾ ਸਲੀਕਾ ਫਿੱਕਾ ਪੈ ਜਾਵੇਗਾ।

• ਬੱਚਿਆਂ ਸਾਹਮਣੇ ਵੱਡਿਆਂ ਲਈ ਗ਼ਲਤ ਸ਼ਬਦ ਦਾ ਇਸਤੇਮਾਲ ਨਾ ਕਰੋ। ਕਿਸੇ ਨੂੰ ਗ਼ਲਤ ਨਾਂ ਨਾਲ ਬੁਲਾਉਣਾ ਸ਼ੋਭਾ ਨਹੀਂ ਦਿੰਦਾ।

• ਫੋਨ ਕਰਦੇ ਸਮੇਂ ਹੌਲੀ ਬੋਲੋ ਅਤੇ ਫਜ਼ੂਲ ਗੱਲਾਂ ਤੋਂ ਪ੍ਰਹੇਜ਼ ਰੱਖੋ। ਘਰ ਵਿਚ ਬੱਚਿਆਂ ਨਾਲ ਜਾਂ ਹੋਰ ਮੈਂਬਰਾਂ ਨਾਲ ਹੌਲੀ ਗੱਲ ਕਰੋ। ਤੁਹਾਡੀ ਆਵਾਜ਼ ਕੰਧਾਂ-ਕੋਠੇ ਪਾਰ ਕਰਕੇ ਗੁਆਂਢ ਨਾ ਪਹੁੰਚੇ।

• ਕਿਸੇ ਦੇ ਘਰ ਦੀ ਸਮੱਸਿਆ ਨੂੰ ਸੁਲਝਾਉਣ ਲਈ ਤੁਸੀਂ ਦਖ਼ਲਅੰਦਾਜ਼ੀ ਨਾ ਕਰੋ।



• ਜਨਤਕ ਥਾਵਾਂ 'ਤੇ ਮਜ਼ਾਜਪੁਣੇ 'ਚ ਰਹੋ। ਉੱਚੀ ਨਾ ਹੱਸੋ, ਬਿਨਾਂ ਮਤਲਬ ਸ਼ਹਿਰ- ਬਜ਼ਾਰਾਂ 'ਚ ਨਾ ਘੁੰਮੋ।

• ਕਿਸੇ ਬਾਰੇ ਗ਼ਲਤ ਬਿਆਨਬਾਜ਼ੀ ਕਰਨ ਤੋਂ ਗੁਰੇਜ਼ ਕਰੋ। ਤੁਹਾਡੇ ਵਲੋਂ ਕੀਤੀ ਗ਼ਲਤ ਬਿਆਨਬਾਜ਼ੀ ਉਸ ਦੇ ਕੰਨਾਂ ਤਕ ਜ਼ਰੂਰ ਪਹੁੰਚੇਗੀ। ਉਸ ਦੀਆਂ ਨਜ਼ਰਾਂ 'ਚ ਤੁਸੀਂ ਝੂਠੇ, ਚੁਗਲਖੋਰ ਬਣ ਕੇ ਰਹਿ ਜਾਓਗੇ।

• ਬਸ, ਇੰਨੀਆਂ ਕੁ ਗੱਲਾਂ ਨੂੰ ਧਿਆਨ 'ਚ ਰੱਖ ਕੇ ਚੱਲੋਗੇ ਤਾਂ ਤੁਹਾਡੀ ਸ਼ਖ਼ਸੀਅਤ ਦਾ ਪ੍ਰਭਾਵ ਫਿੱਕਾ ਨਹੀਂ ਪਵੇਗਾ।

ਮੋਬਾਈਲ ਨੰ- 9781919175

# ਸਮੇਂ ਦੀ ਲੋੜ



ਮਨੋਵਿਗਿਆਨੀਆਂ ਅਨੁਸਾਰ ਪਾਪਾ ਦਾ ਆਪਣੇ ਬੱਚਿਆਂ ਪ੍ਰਤੀ ਇਸ ਤਰ੍ਹਾਂ ਦਾ ਦੋਸਤਾਨਾ ਰਵੱਈਆ ਰੱਖਣਾ, ਅੱਜ ਦੇ ਸਮੇਂ ਦੀ ਲੋੜ ਹੈ। ਪਿਤਾ ਦੇ ਕਮਰੇ ਵਿਚ ਕਦਮ ਰਖਦੇ ਹੀ ਬੱਚਿਆਂ ਦਾ ਸਹਿਮ ਜਾਣਾ ਹੁਣ ਬੀਤੇ ਦੌਰ ਦੀ ਗੱਲ ਹੋ ਗਈ ਹੈ। ਮਨੋਵਿਗਿਆਨੀਆਂ ਦੀ ਨਜ਼ਰ ਵਿਚ ਬੱਚਿਆਂ ਦੇ ਮਨ ਵਿਚ ਪਿਤਾ ਪ੍ਰਤੀ ਇਸ ਤਰ੍ਹਾਂ ਦੇ ਡਰ ਦਾ ਹੋਣਾ ਸਹੀ ਨਹੀਂ ਹੈ। ਮਨੋਵਿਗਿਆਨੀ ਇਸ ਨੂੰ ਬੱਚਿਆਂ ਦੀ ਪਰਵਰਿਸ਼ ਦਾ ਗ਼ਲਤ ਤਰੀਕਾ ਮੰਨਦੇ ਹਨ।

**ਦੋਸਤੀ ਦਾ ਦੂਸਰਾ ਪਹਿਲੂ :** ਇਹ ਸਹੀ ਹੈ ਕਿ ਦੋਸਤ ਦੇ ਰੂਪ ਵਿਚ ਆਪਣੇ ਬੱਚੇ ਨਾਲ ਜੁੜਨਾ ਉਨ੍ਹਾਂ ਦੀ ਪਰਸਨੈਲਿਟੀ ਦੇ ਵਿਕਸਿਤ ਹੋਣ ਵਿਚ ਸਹਾਈ ਹੈ। ਬੱਚਿਆਂ ਨਾਲ ਹੱਦ ਤੋਂ ਜ਼ਿਆਦਾ ਦੋਸਤਾਨਾ ਹੋਣਾ ਸਹੀ ਨਹੀਂ ਹੈ। ਬੱਚੇ ਅਤੇ ਪਿਤਾ ਦਾ ਲੰਬਾ ਜਨਰੇਸ਼ਨ ਗੈਪ ਹੁੰਦਾ ਹੈ। ਇਸ ਲਈ ਮਾਪਿਆਂ ਅਤੇ ਬੱਚਿਆਂ ਦੀ ਸਮਝ 'ਚ ਫ਼ਰਕ ਹੁੰਦੀ ਹੀ ਹੈ।

**ਧਿਆਨ ਰਖੋ :** ਜਦ ਪਾਪਾ ਆਪਣੇ ਬੱਚੇ ਨਾਲ ਜੁੜਨ ਦੀ ਕੋਸ਼ਿਸ਼ ਕਰਦੇ ਹਨ ਤਾਂ ਉਨ੍ਹਾਂ ਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਉਹ ਸਿਰਫ਼ ਪਾਪਾ ਹੀ ਨਾ ਬਣੇ ਰਹਿਣ ਬਲਕਿ ਅਜਿਹੇ ਪਾਪਾ ਬਣਨ ਜਿਸ ਨਾਲ ਬੱਚੇ ਅਤੇ ਉਹ ਦੋਵੇਂ ਇਕ ਦੂਸਰੇ ਨੂੰ ਸਮਝ ਸਕਣ। ਹਰ ਸਮੇਂ ਬੱਚੇ ਦੀ ਗੱਲ ਮੰਨਣ ਦੀ ਬਜਾਏ ਉਨ੍ਹਾਂ ਲਈ ਸੀਮਾ ਨਿਰਧਾਰਤ ਕਰਨ। ਉਨ੍ਹਾਂ ਦੇ ਸੌਣ ਦਾ ਸਮਾਂ, ਟੀਵੀ ਦੇਖਣ, ਵੀਡਿਓ ਗੇਮ ਖੇਡਣ ਦੇ ਕੁਝ ਨਿਯਮ ਬਣਾਓ। ਬੱਚੇ ਜਦ ਘਰ ਤੋਂ ਬਾਹਰ ਜਾਣ ਤਾਂ ਉਨ੍ਹਾਂ ਨੂੰ ਘਰ ਦੇ ਨਿਯਮਾਂ ਦਾ ਸਖ਼ਤੀ ਨਾਲ ਪਾਲਣ ਕਰਨਾ ਸਿਖਾਓ। ਪਿਤਾ ਦਾ ਬੱਚਿਆਂ ਨੂੰ ਸਮਝਣਾ, ਉਨ੍ਹਾਂ ਦਾ ਦੋਸਤ ਬਣਨਾ ਅੱਜ ਦੇ ਸਮੇਂ ਦੀ ਮੰਗ ਹੈ ਪਰ ਅਜਿਹਾ ਕਰਨਾ ਤਾਂ ਹੀ ਸਹੀ ਹੋਵੇਗਾ ਜੇ ਸਮੇਂ ਸਮੇਂ 'ਤੇ ਪਿਤਾ ਆਪਣੀ ਅਸਲ ਭੂਮਿਕਾ ਨਿਭਾਉਂਦੇ ਰਹਿਣਗੇ। •

# ਮਾਪੇ ਹਨ ਦੁਆਵਾਂ ਤੇ ਤਜਰਬੇ ਦਾ ਭੰਡਾਰ

• ਗੁਰਤੇਜ ਸਿੰਘ



ਜੀ ਆਂ ਦੇ ਸਮੂਹ ਨੂੰ ਪਰਿਵਾਰ ਕਿਹਾ ਜਾਦਾ ਹੈ। ਸਮਾਜ ਦੀ ਛੋਟੀ ਇਕਾਈ ਪਰਿਵਾਰ ਹੀ ਹੈ। ਹਰੇਕ ਸਮਾਜਿਕ ਪ੍ਰਾਣੀ ਦਾ ਸੰਪੂਰਨ ਜੀਵਨ ਆਪਣੇ ਪਰਿਵਾਰ(ਸਮਾਜ) ਦੇ ਆਲੇ ਦੁਆਲੇ ਘੁੰਮਦਾ ਹੈ। ਆਪਣੇ ਪਰਿਵਾਰ ਦੀ ਖੁਸ਼ੀ, ਤੰਦਰੁਸਤੀ ਅਤੇ ਤਰੱਕੀ ਲਈ ਹਰ ਤਰਾਂ ਦੇ ਜੋਖਮ ਲੈਂਦਾ ਹੈ। ਮਾਤਾ ਪਿਤਾ ਦੀ ਸ਼ਮੂਲੀਅਤ ਤੋਂ ਬਿਨਾਂ ਘਰ ਪਰਿਵਾਰ ਅਧੂਰਾ ਹੁੰਦਾ ਹੈ। ਅੰਗਰੇਜ਼ੀ ਦੇ ਫੈਮਿਲੀ ਸ਼ਬਦ ਨੂੰ ਅਗਰ ਗੌਰ ਨਾਲ ਵਾਚਿਆ ਜਾਵੇ ਤਾਂ ਇਹ ਅਲਫਾਜ਼ ਪਰਿਵਾਰ ਦੀ ਸੰਪੂਰਨ ਪ੍ਰੀਭਾਸ਼ਾ ਬਾਖ਼ੂਬੀ ਬਿਆਨਦਾ ਹੈ। ਪਰਿਵਾਰ ਸ਼ਬਦ ਵਿਚ ਮੌਜੂਦ ਅੱਖਰ ਐੱਫ਼ ਅਤੇ ਐੱਮ ਬਾਕੀ ਅੱਖ਼ਰਾਂ ਨੂੰ ਬੰਨਦੇ ਹੋਏ ਪ੍ਰਤੀਤ ਹੁੰਦੇ ਹਨ। ਪਹਿਲਾ ਅੱਖਰ ਐੱਫ਼ ਇਸ ਸ਼ਬਦ ਦਾ ਧੁਰਾ ਹੈ ਜੋ ਫਾਦਰ (ਪਿਤਾ) ਨੂੰ ਪੇਸ਼ ਕਰਦਾ ਹੈ। ਇਸ ਤੋਂ ਬਾਅਦ ਐੱਮ ਸ਼ਬਦ ਵੀ ਉੱਭਰਦਾ ਮਾਲੂਮ ਹੁੰਦਾ ਹੈ ਜਿਸਨੂੰ ਮਦਰ (ਮਾਤਾ) ਦੇ ਰੂਪ 'ਚ ਲਿਆ ਜਾਦਾ ਹੈ ਜਿਸਨੇ ਪੂਰੇ ਸ਼ਬਦ ਨੂੰ ਆਪਣੇ ਨਾਲ ਜੋੜ ਕੇ ਰੱਖਿਆ ਹੋਇਆ ਹੈ। ਫਾਦਰਜ਼ ਡੇਅ (ਪਿਤਾ ਦਿਵਸ) ਮਨਾਉਣ ਦੀ ਸ਼ੁਰੂਆਤ ਵੀਹਵੀਂ ਸਦੀ ਦੇ ਸ਼ੁਰੂ 'ਚ ਹੋਈ ਅਤੇ ਪਹਿਲੀ ਵਾਰ ਪੰਜ ਜੁਲਾਈ 1908 ਨੂੰ ਵੈਸਟ ਵਰਜੀਨੀਆ ਵਿਚ ਮਨਾਇਆ ਗਿਆ। ਸੰਨ 1966 ਵਿਚ ਰਾਸਟਰਪਤੀ ਲਿੰਡਨ ਬੀ ਜਾਨਸਨ ਨੇ ਪਹਿਲੀ ਵਾਰ ਜੂਨ ਦੇ ਤੀਜੇ ਐਤਵਾਰ ਨੂੰ ਫਾਦਰਜ਼ ਡੇਅ ਮਨਾਉਣ ਦਾ ਫ਼ੈਸਲਾ ਕੀਤਾ। ਹੁਣ ਸੰਸਾਰ ਦੇ ਵੱਖ-ਵੱਖ ਦੇਸ਼ਾਂ ਅਮਰੀਕਾ, ਇੰਗਲੈਡ, ਭਾਰਤ ਅਤੇ ਕਈ ਹੋਰ ਦੇਸ਼ਾਂ ਵਿਚ ਪਿਤਾ ਦਿਵਸ ਜੂਨ ਮਹੀਨੇ ਦੇ ਤੀਜੇ ਐਤਵਾਰ ਨੂੰ ਮਨਾਇਆ ਜਾਦਾ ਹੈ। ਇਹ ਪਿਰਤ ਚਾਹੇ ਸਾਡੇ ਲਈ ਨਵੀ ਹੈ ਪਰ ਸਾਡੇ ਦੇਸ਼ ਵਿਚ ਹਮੇਸ਼ਾਂ ਤੋਂ ਹੀ ਆਪਣੇ ਪੂਰਵਜਾਂ ਦਾ ਸਤਿਕਾਰ ਕੀਤਾ ਜਾਂਦਾ ਹੈ ਅਤੇ ਮਾਪਿਆਂ ਨੂੰ ਰੱਬ ਦਾ ਦਰਜਾ ਦਿੱਤਾ ਜਾਦਾ ਹੈ। ਮਾਂ ਦੀ ਕੁਰਬਾਨੀ ਦੇ ਸੋਹਲੇ ਤਾਂ ਸਾਰੇ ਗਾਉਂਦੇ ਹਨ ਪਰ ਪਿਤਾ ਦੇ ਯੋਗਦਾਨ ਨੂੰ ਅਕਸਰ ਅਣਗੌਲਿਆ ਕੀਤਾ ਜਾਦਾ ਹੈ। ਇਨ੍ਹਾਂ ਦਿਵਸਾਂ ਦਾ ਮਹੱਤਵ ਹੀ ਇਹ ਹੈ ਕਿ ਮਾਪਿਆਂ ਵੱਲੋਂ ਮੂੰਹ ਫੇਰੀ ਬੈਠੀ ਔਲਾਦ ਨੂੰ ਉਸਦੇ ਕਰਤੱਵਾਂ ਦਾ ਗਿਆਨ ਕਰਾਇਆ ਜਾਵੇ। ਅਜੋਕੇ ਅਗਾਂਹਵਧੂ ਯੁੱਗ ਵਿਚ ਭੱਜਦੌੜ ਵਾਲੀ ਜ਼ਿੰਦਗੀ 'ਚ ਲੋਕ ਕਿਤੇ ਨਾਂ ਕਿਤੇ ਆਪਣੀਆਂ ਸਾਕਾਰਤਮਕ ਪ੍ਰੰਪਰਾਵਾਂ ਤੋਂ ਮੂੰਹ ਫੇਰ ਰਹੇ ਹਨ। ਸੰਯੁਕਤ ਪਰਿਵਾਰ ਟੁੱਟ ਰਹੇ ਹਨ। ਕਿਸੇ ਕੋਲ ਐਨਾ ਵਕਤ ਹੀ ਨਹੀ ਕਿ ਉਹ ਦੂਜਿਆਂ ਦੀ ਸੁੱਖ ਸਾਂਦ ਪੁੱਛ ਸਕੇ। ਸਮਾਜ ਦੇ ਮਜ਼ਬੂਤ ਥੰਮ੍ਹ ਇਨ੍ਹਾਂ ਬਜ਼ੁਰਗਾਂ ਨੇ ਸਾਰੀ ਉਮਰ ਆਪਣੀ ਔਲਾਦ ਦੇ ਨਾਂਅ ਲਗਾਈ ਹੁੰਦੀ ਹੈ ਜਦ ਉਹੀ ਔਲਾਦ ਆਪਣੇ ਪੈਰਾਂ 'ਤੇ ਖੜੀ ਹੁੰਦੀ ਹੈ ਤਾਂ ਬਜੁਰਗ ਮਾਪਿਆਂ ਨੂੰ ਤ੍ਰਿਸਕਾਰਨ ਲੱਗ ਜਾਦੀ ਹੈ। ਜਦ ਤਕ ਮਾਪੇ ਪੈਸੇ ਦੀ ਮਸ਼ੀਨ ਹੁੰਦੇ ਹਨ ਤਾਂ ਪੁੱਛ ਪੜਤਾਲ ਹੁੰਦੀ ਹੈ ਬਾਅਦ 'ਚ ਬਿਗਾਨਿਆਂ ਵਾਲਾ ਵਰਤਾਉ ਤੇ ਅਸੱਭਿਅਕ ਸ਼ਬਦਾਂ ਨਾਲ ਸੰਬੋਧਨ ਤਕ ਕੀਤਾ ਜਾਦਾ ਹੈ। ਆਖ਼ਰ ਅਜਿਹਾ ਕਿਉਂ ਹੁੰਦਾ ਹੈ ਜਿਨ੍ਹਾਂ ਦੀ ਖੁਸ਼ੀ ਲਈ ਮਾਪਿਆਂ ਨੇ ਦਿਨ ਰਾਤ ਇਕ ਕੀਤਾ ਹੁੰਦਾ ਹੈ ਉਹੀ ਬੱਚੇ ਸਭ ਕੁਝ ਭੁੱਲ ਕੇ ਪੈਸੇ ਦੇ ਪੀਰ ਬਣ ਜਾਦੇ ਹਨ। ਜਦ ਮਾਪੇ ਸਹਾਰਾ ਲੈਣ ਯੋਗ ਹੁੰਦੇ ਸਨ ਤਾਂ ਉਨ੍ਹਾਂ ਦੀ ਅਯੋਗ ਔਲਾਦ ਉਨ੍ਹਾਂ ਨੂੰ ਤੀਰਥਾਂ 'ਤੇ ਛੱਡ ਆਉਦੀ ਸੀ। ਅਜੋਕੇ ਦੌਰ ਅੰਦਰ ਬਿਰਧ ਆਸ਼ਰਮ ਸਮਾਜ ਦੇ ਮੱਥੇ 'ਤੇ ਬਹੁਤ ਵੱਡੇ ਕਲੰਕ ਹਨ ਜਿੱਥੇ ਪੰਜਾਹ ਫ਼ੀਸਦੀ ਬਜ਼ੁਰਗ ਘਰੋਂ ਠੁਕਰਾਏ ਹੁੰਦੇ ਹਨ।

ਅਜੋਕੇ ਇਨਸਾਨ ਦੀ ਮਤਲਬਪ੍ਰਸਤੀ ਇਸ ਹੱਦ ਤਕ ਗਿਰ ਚੁੱਕੀ ਹੈ ਬਿਰਧ ਮਾਪਿਆਂ ਨੂੰ ਬਿਰਧ ਆਸ਼ਰਮਾਂ ਵਿਚ ਛੱਡ ਕੇ ਆਪ ਦੁਨੀਆਂ ਦੀਆਂ ਰੰਗ ਰਲੀਆਂ 'ਚ ਮਸਤ ਹੋ ਰਿਹਾ ਹੈ। ਜੋ ਆਪਣੇ ਜਨਮ ਦਾਤਾ ਦਾ ਨਹੀ ਹੋਇਆ ਉਹ ਦੇਸ਼ ਸਮਾਜ ਦਾ ਕੀ ਸੰਵਾਰੇਗਾ। ਸੋਚਣ ਦੀ ਗੱਲ ਹੈ ਅਗਰ ਜਨਮ ਸਮੇਂ ਸਾਡੇ ਮਾਪੇ ਸਾਡੇ ਵਾਂਗ ਮਤਲਬੀ ਹੋ ਜਾਦੇ ਤਾਂ ਸਾਡਾ ਭਵਿੱਖ ਕੀ ਹੁੰਦਾ ? ਸ਼ਾਇਦ ਅਸੀ ਵੀ ਅੱਜ ਕਿਸੇ ਅਨਾਥ ਆਸ਼ਰਮ 'ਚ ਹੋਣਾ ਸੀ, ਪਰ ਉਹ ਖ਼ੁਦਗਰਜ ਨਹੀ ਬਣੇ। ਉਨ੍ਹਾਂ ਨੇ ਇਸਨੂੰ ਨੈਤਿਕ ਫਰਜ਼ ਸਮਝ ਕੇ ਨਿਭਾਇਆ ਫਿਰ ਅਸੀ ਅਨੈਤਿਕਤਾ 'ਤੇ ਕਿਉਂ ਉੱਤਰ ਆਏ ਹਾਂ।

ਸਾਨੂੰ ਅੱਜ ਇਹ ਜ਼ਰੂਰ ਦੇਖਣਾ ਹੋਵੇਗਾ ਕਿ ਅਸੀ ਆਪਣੇ ਬੱਚਿਆਂ ਨੂੰ ਕੀ ਸਿਖਾ ਰਹੇ ਹਾਂ। ਅੱਜ ਜੇਕਰ ਅਸੀ ਆਪਣੇ ਮਾਪਿਆਂ ਦਾ ਕਹਿਣਾ ਨਹੀ ਮੰਨਦੇ, ਉਨ੍ਹਾਂ ਦੀ ਸੇਵਾ ਸੰਭਾਲ ਨਹੀ ਕਰਦੇ ਤਾਂ ਕੀ ਸਾਡੀ ਆਉਣ ਵਾਲੀ ਪੀੜ੍ਹੀ ਸਾਡੀ ਆਗਿਆਕਾਰ ਹੋਵੇਗੀ ਤੇ ਸਾਡੇ ਅਰਮਾਨਾਂ 'ਤੇ ਖ਼ਰਾ ਉੱਤਰੇਗੀ ? ਕਿਸੇ ਵਿਦਵਾਨ ਨੇ ਕਿਹਾ ਹੈ ਆਪਣੀ ਜ਼ਿੰਦਗੀ 'ਚ ਦੋ ਵਿਅਕਤੀਆਂ ਨੂੰ ਕਦੇ ਨਾਂ ਭੁੱਲੋ, ਇਕ (ਪਿਤਾ) ਉਹ ਜੋ ਤੁਹਾਨੂੰ ਕਿਸੇ ਮੁਕਾਮ 'ਤੇ ਪਹੁੰਚਾਉਣ ਲਈ ਆਪਣਾ ਸਭ ਕੁਝ ਨਿਸ਼ਾਵਰ ਕਰਨ ਨੂੰ ਤਿਆਰ ਰਹਿੰਦਾ ਹੈ। ਦੂਜਾ ਉਹ (ਮਾਤਾ) ਜੋ ਹਰ ਦੁੱਖ ਦਰਦ 'ਚ ਤੁਹਾਡਾ ਸਾਥ ਦਿੰਦੀ ਹੈ। ਇਸ ਲਈ ਇਹ ਬੇਹੱਦ ਜਰੂਰੀ ਹੈ ਲੋਕ ਆਪਣੀ ਜ਼ਿੰਮੇਵਾਰੀ ਸਮਝਣ ਤੇ ਮਾਪਿਆਂ ਨੂੰ ਬਣਦਾ ਮਾਣ ਸਨਮਾਨ ਦੇਣ ਦੀ ਕੋਸ਼ਿਸ ਕਰਨ। ਮਾਪੇ ਸਦਾ ਕੋਲ ਨਹੀ ਰਹਿੰਦੇ ਉਨ੍ਹਾਂ ਦਾ ਵਿਛੋੜਾ ਹੀ ਉਨ੍ਹਾਂ ਦੀ ਅਹਿਮੀਅਤ ਦਾ ਅਹਿਸਾਸ ਕਰਾਉਂਦਾ ਹੈ। ਬਜ਼ੁਰਗ ਦੁਆਵਾਂ ਅਤੇ ਤਜਰਬੇ ਦੇ ਭੰਡਾਰ ਹੁੰਦੇ ਹਨ ਇਸਦਾ ਲਾਹਾ ਲਿਆ ਜਾਣਾ ਚਾਹੀਦਾ ਹੈ।

# ਜੇ. ਐੱਸ. ਫਾਰਮ ’ਚੋਂ ਸਰਕਾਰੀ ਕਣਕ ਦੀਆਂ 14000 ਬੋਰੀਆਂ ਗਾਇਬ

**ਕੌਮੀ ਪਤ੍ਰਿਕਾ**

ਜਲੰਧਰ 8 ਮਾਰਚ। ਸਰਮਸਤਪੁਰ ਨੇੜੇ ਸਥਿਤ ਜੇ. ਐੱਸ. ਫਾਰਮ ਵਿਚ ਰੱਖੀ ਪੰਜਾਬ ਸਰਕਾਰ ਦੀ ਸੈਂਟਰਲ ਪੂਲ ਦੀ ਕਣਕ ਵਿਚ ਵੱਡਾ ਘਪਲਾ ਸਾਹਮਣੇ ਆਇਆ ਹੈ। ਫੂਡ ਸਪਲਾਈ ਵਿਭਾਗ ਵੱਲੋਂ ਕੀਤੀ ਗਈ ਤਾਜ਼ਾ ਗਿਣਤੀ ਵਿਚ 49672 ਜੂਟ ਬੈਗ (ਹਰੇਕ 50 ਕਿਲੋ) ਵਿਚੋਂ ਲੱਗਭਗ 14000 ਬੋਰੀਆਂ ਘੱਟ ਪਾਈਆਂ ਗਈਆਂ ਹਨ। ਸਵੇਰ ਤੋਂ ਹੀ ਵਿਭਾਗ ਦੀ ਟੀਮ ਗੋਦਾਮ ਵਿਚ ਸਟਾਕ ਦਾ ਮਿਲਾਨ ਕਰ ਰਹੀ ਸੀ, ਜਦਕਿ ਪੁਲਸ ਮੁਲਜ਼ਮ ਦੀ ਭਾਲ ਵਿਚ ਜੁਟੀ ਹੋਈ ਹੈ। ਫੂਡ ਸਪਲਾਈ ਵਿਭਾਗ ਦੇ ਅਧਿਕਾਰੀ ਨਰਿੰਦਰ ਸਿੰਘ ਨੇ ਦੱਸਿਆ ਕਿ ਲੱਗਭਗ 15 ਦਿਨ ਪਹਿਲਾਂ ਜਦੋਂ ਵਿਭਾਗ ਅਤੇ ਪਨਗ੍ਰੇਨ ਦੀ ਸਾਂਝੀ ਟੀਮ ਮੁਆਇਨੇ ਲਈ ਜੇ. ਐੱਸ. ਫਾਰਮ ਪਹੁੰਚੀ ਸੀ, ਉਦੋਂ ਫਾਰਮ ਦੇ ਮਾਲਕ ਉਪਕਾਰ ਸਿੰਘ ਹੋਠੀ ਨੇ ਟੀਮ ਨੂੰ ਅੰਦਰ ਦਾਖਲ ਨਹੀਂ ਹੋਣ ਦਿੱਤਾ ਸੀ। ਇਥੋਂ ਤੱਕ ਕਿ ਸਰਕਾਰੀ ਸੁਰੱਖਿਆ ਗਾਰਡਾਂ ਨੂੰ ਵੀ ਰੋਕ ਦਿੱਤਾ ਗਿਆ ਸੀ। ਇਸ ਤੋਂ ਬਾਅਦ ਵਿਭਾਗ ਨੇ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਅਤੇ ਪੁਲਸ ਸਹਾਇਤਾ ਮੰਗੀ ਗਈ। ਤਾਜ਼ਾ ਗਿਣਤੀ ਵਿਚ ਸਾਹਮਣੇ ਆਇਆ ਕਿ 50-50 ਕਿਲੋ ਦੀਆਂ ਲਗਭਗ 14000 ਬੋਰੀਆਂ ਘੱਟ ਹਨ। ਵਿਭਾਗ ਹੁਣ ਇਸ ਗੱਲ ਦੀ ਜਾਂਚ ਕਰ ਰਿਹਾ ਹੈ ਕਿ ਇੰਨੀ ਵੱਡੀ ਮਾਤਰਾ ਵਿਚ ਕਣਕ ਕਿੱਥੇ ਅਤੇ ਕਿਵੇਂ ਗਾਇਬ ਹੋਈ? ਅਧਿਕਾਰੀਆਂ ਦਾ ਕਹਿਣਾ ਹੈ ਕਿ ਇਹ ਕਣਕ ਮਿਡ-ਡੇ-ਮੀਲ ਯੋਜਨਾ ਲਈ ਰੱਖੀ



ਗਈ ਸੀ ਅਤੇ ਇਸ ਨੂੰ ਖੁਦ ਪੰਜਾਬ ਸਰਕਾਰ ਵੱਲੋਂ ਇਥੇ ਸਟੋਰ ਕਰਵਾਇਆ ਗਿਆ ਸੀ। ਮਾਮਲੇ ਦੀ ਜਾਂਚ ਡੀ. ਐੱਸ. ਪੀ. ਕਰਤਾਰਪੁਰ ਨਰਿੰਦਰ ਸਿੰਘ ਔਜਲਾ ਨੂੰ ਸੌਂਪੀ ਗਈ ਹੈ। ਡੀ. ਐੱਸ. ਪੀ. ਨੇ ਕਿਹਾ ਕਿ ਹੋਠੀ ਦੇ ਖਿਲਾਫ਼ 25 ਦੇ ਲੱਗਭਗ ਸ਼ਿਕਾਇਤਾਂ ਆਲੂ ਵਪਾਰੀਆਂ ਨੇ ਦਿੱਤੀਆਂ ਹਨ, ਜਿਨ੍ਹਾਂ ਦੀ ਜਾਂਚ ਚੱਲ ਰਹੀ ਹੈ। ਐੱਫ. ਆਈ. ਆਰ. ਅਨੁਸਾਰ ਸਾਲ 2025-26 ਲਈ ਜੇ. ਐੱਸ. ਫਾਰਮ ਵਿਚ ਪੰਜਾਬ ਸਰਕਾਰ ਦੀ 24836 ਕੁਇੰਟਲ (49672 ਜੂਟ ਬੈਗ) ਸੈਂਟਰਲ ਪੂਲ ਦੀ ਕਣਕ ਸਟੋਰ ਕੀਤੀ ਗਈ ਸੀ। 17 ਫਰਵਰੀ 2026 ਨੂੰ ਫੂਡ ਐਂਡ ਸਪਲਾਈ ਅਫਸਰ ਜਲੰਧਰ ਮਨੀਸ਼ ਕੁਮਾਰ ਆਪਣੀ ਟੀਮ ਨਾਲ ਜਾਂਚ ਲਈ ਪਹੁੰਚੇ ਸਨ ਪਰ ਫਾਰਮ ਦੇ ਗੇਟਕੀਪਰ ਨੇ ਗੇਟ ਖੋਲ੍ਹਣ ਤੋਂ ਮਨ੍ਹਾ ਕਰ ਦਿੱਤਾ। ਮਾਲਕ ਉਪਕਾਰ ਸਿੰਘ ਹੋਠੀ ਨਾਲ ਫੋਨ ਅਤੇ ਵ?ਹਟਸਐਪ ਕਾਲ ਰਾਹੀਂ ਸੰਪਰਕ ਕੀਤਾ ਗਿਆ ਪਰ ਉਨ੍ਹਾਂ ਗੇਟ ਖੋਲ੍ਹਣ ਤੋਂ ਮਨ੍ਹਾ ਕਰ ਦਿੱਤਾ। ਵਿਭਾਗ ਨੇ ਉਸ ਸਮੇਂ ਹੀ ਸਟਾਕ ਵਿਚ ਚੋਰੀ ਜਾਂ ਨੁਕਸਾਨ ਦਾ ਖਦਸ਼ਾ ਜ਼ਾਹਰ ਕੀਤਾ ਸੀ ਅਤੇ ਮਾਲਕ ਦੇ ਖਿਲਾਫ਼ ਸਰਕਾਰੀ ਹੁਕਮਾਂ ਦੀ ਉਲੰਘਣਾ ਅਤੇ ਸਰਕਾਰੀ ਕੰਮ ਵਿਚ ਵਿਘਨ ਪਾਉਣ ਦਾ ਦੋਸ਼ ਲਾਇਆ ਸੀ। ਸ਼ਿਕਾਇਤ ਦੀ ਕਾਪੀ ਡਿਪਟੀ ਕਮਿਸ਼ਨਰ ਜਲੰਧਰ ਨੂੰ ਵੀ ਭੇਜੀ ਗਈ ਸੀ। ਰਿਕਾਰਡ ਦੇ ਮੁਤਾਬਕ ਅਪ੍ਰੈਲ-ਮਈ 2025 ਵਿਚ ਪੰਜਾਬ ਸਰਕਾਰ ਵੱਲੋਂ ਕਣਕ ਦੀ ਖਰੀਦ ਕੀਤੀ ਗਈ ਸੀ। ਫੂਡ ਐਂਡ ਸਿਵਲ ਸਪਲਾਈ ਵਿਭਾਗ ਦੇ ਇੰਸਪੈਕਟਰ ਪ੍ਰਵੀਨ ਸੱਲਣ ਨੇ ਮੰਡੀ ਅਲਾਵਲਪੁਰ (ਬਲਾਕ ਆਦਮਪੁਰ) ਤੋਂ 4925 ਕੁਇੰਟਲ ਕਣਕ ਖਰੀਦੀ ਸੀ। ਉੱਥੇ ਹੀ, 24836 ਕੁਇੰਟਲ ਕਣਕ ਸਰਮਸਤਪੁਰ ਸਥਿਤ ਫਾਰਮ ਵਿਚ ਸਟੋਰ ਕੀਤੀ ਗਈ। ਸੁਰੱਖਿਆ ਲਈ ਚਾਰ ਨਿੱਜੀ ਗਾਰਡ ਦਿਨ-ਰਾਤ ਤਾਇਨਾਤ ਕੀਤੇ ਗਏ ਸਨ। 19 ਜੁਲਾਈ 2025 ਨੂੰ ਐੱਫ. ਸੀ. ਆਈ. ਦੀ ਕੇਂਦਰੀ ਟੀਮ ਨੇ ਜੇ. ਐੱਸ. ਫਾਰਮ ਦਾ ਮੁਆਇਨਾ ਕੀਤਾ। ਮੁਆਇਨੇ ਦੌਰਾਨ ਪਾਇਆ ਗਿਆ ਕਿ ਕਣਕ ਢਕੇ ਗੋਦਾਮ ਦੀ ਬਜਾਏ ਖੁੱਲ੍ਹੇ ਸ਼ੈੱਡ ਵਿਚ ਰੱਖੀ ਗਈ ਸੀ। ਇਸ ਤੋਂ ਬਾਅਦ 14 ਫਰਵਰੀ 2026 ਨੂੰ ਫਾਰਮ ਵਿਚ ਤਾਇਨਾਤ ਗਾਰਡ ਨੂੰ ਰੋਕਣ ਅਤੇ 16 ਫਰਵਰੀ ਨੂੰ ਟਰੱਕਾਂ ਨੂੰ ਅੰਦਰ ਦਾਖਲ ਨਾ ਹੋਣ ਦੇਣ ਦੀ ਵੀ ਸ਼ਿਕਾਇਤ ਦਰਜ ਕੀਤੀ ਗਈ। ਐੱਫ. ਸੀ. ਆਈ. ਅਤੇ ਪਨਗ੍ਰੇਨ ਦੇ ਅਧਿਕਾਰੀ ਮੌਕੇ ’ਤੇ ਪਹੁੰਚੇ ਪਰ ਉਨ੍ਹਾਂ ਨੂੰ ਵੀ ਅੰਦਰ ਜਾਣ ਦੀ ਇਜਾਜ਼ਤ ਨਹੀਂ ਮਿਲੀ। ਹੁਣ ਥਾਣਾ ਮਕਸੂਦਾਂ ਵਿਚ ਹੋਠੀ ਦੇ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਪੁਲਸ ਹੁਣ ਪੂਰੇ ਘਟਨਾਕ੍ਰਮ ਦੀ ਜਾਂਚ ਕਰ ਰਹੀ ਹੈ। ਫਿਲਹਾਲ ਸਭ ਤੋਂ ਵੱਡਾ ਸਵਾਲ ਇਹੀ ਹੈ ਕਿ 14000 ਬੋਰੀਆਂ ਆਖਿਰ ਕਿੱਥੇ ਗਈਆਂ। ਜੇਕਰ ਹਰੇਕ ਬੋਰੀ 50 ਕਿਲੋ ਦੀ ਮੰਨੀ ਜਾਵੇ ਤਾਂ ਇਹ ਲਗਭਗ 7000 ਕੁਇੰਟਲ ਕਣਕ ਬਣਦੀ ਹੈ, ਜਿਸ ਦੀ ਬਾਜ਼ਾਰੀ ਕੀਮਤ ਕਰੋੜਾਂ ਰੁਪਏ ਵਿਚ ਮੰਨੀ ਜਾ ਰਹੀ ਹੈ।

## ਸ਼ਿਵਰਾਜ ਚੌਹਾਨ ਨੇ ਸੜਕ ਹਾਦਸੇ ’ਚ ਜ਼ਖਮੀ ਨੂੰ ਖੁਦ ਪਹੁੰਚਾਇਆ ਹਸਪਤਾਲ , ਨਿਤਿਨ ਗਡਕਰੀ ਨੇ ਕੀਤੀ ਸ਼ਲਾਘਾ

ਨਵੀਂ ਦਿੱਲੀ 8 ਮਾਰਚ। ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਭੋਪਾਲ-ਗਵਾਲੀਅਰ ਮਾਰਗ ’ਤੇ ਇਨਸਾਨੀਅਤ ਦੀ ਇਕ ਵੱਡੀ ਮਿਸਾਲ ਪੇਸ਼ ਕੀਤੀ ਹੈ। ਮੰਤਰੀ ਚੌਹਾਨ ਨੇ ਇਕ ਸੜਕ ਹਾਦਸੇ ’ਚ ਜ਼ਖਮੀ ਹੋਏ ਨੌਜਵਾਨ ਨੂੰ ਤੁਰੰਤ ਆਪਣੀ ਗੱਡੀ ਰਾਹੀਂ ਹਸਪਤਾਲ ਪਹੁੰਚਾ ਕੇ ਉਸ ਦੀ ਜਾਨ ਬਚਾਉਣ ’ਚ ਮਦਦ ਕੀਤੀ। ਸ਼ਿਵਰਾਜ ਸਿੰਘ ਚੌਹਾਨ ਨੇ ਦੱਸਿਆ ਕਿ ਉਹ ਭੋਪਾਲ ਤੋਂ ਗਵਾਲੀਅਰ ਇੱਕ ਪ੍ਰੋਗਰਾਮ ’ਚ ਜਾ ਰਹੇ ਸਨ। ਰਸਤੇ ’ਚ ਉਨ੍ਹਾਂ ਨੇ ਦੇਖਿਆ ਕਿ ਇਕ ਨੌਜਵਾਨ ਸੜਕ ਕਿਨਾਰੇ ਬੇਹੋਸ਼ ਪਿਆ ਸੀ ਅਤੇ



ਆਲੇ-ਦੁਆਲੇ ਭੀੜ ਇਕੱਠੀ ਸੀ, ਪਰ ਕੋਈ ਵੀ ਉਸ ਦੀ ਮਦਦ ਲਈ ਅੱਗੇ ਨਹੀਂ ਆ ਰਿਹਾ ਸੀ। ਮੰਤਰੀ ਨੇ ਤੁਰੰਤ ਆਪਣੀ ਗੱਡੀ ਰੁਕਵਾਈ ਅਤੇ ਜ਼ਖਮੀ ਨੌਜਵਾਨ ਨੂੰ ਹਸਪਤਾਲ ਪਹੁੰਚਾਇਆ। ਉਨ੍ਹਾਂ ਨੇ ਡਾਕਟਰਾਂ ਨਾਲ ਗੱਲਬਾਤ ਕਰਕੇ ਉਸ ਦੇ ਉਚਿਤ ਇਲਾਜ ਦੇ ਪ੍ਰਬੰਧ ਵੀ ਕੀਤੇ। ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਸੋਸ਼ਲ ਮੀਡੀਆ ਰਾਹੀਂ ਸ਼ਿਵਰਾਜ ਸਿੰਘ ਚੌਹਾਨ ਦੀ ਇਸ ਸੰਵੇਦਨਸ਼ੀਲਤਾ ਦੀ ਸ਼ਲਾਘਾ ਕੀਤੀ ਹੈ। ਗਡਕਰੀ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਹਾਦਸੇ ਦੇ ਸਮੇਂ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਸੜਕ ਹਾਦਸਿਆਂ ਵਿੱਚ ਮਦਦ ਕਰਨ ਵਾਲੇ ਨੇਕ ਇਨਸਾਨਾਂ ਨੂੰ ‘ਰਾਹਵੀਰ’ ਖਿਤਾਬ ਨਾਲ ਸਨਮਾਨਿਤ ਕਰੇਗੀ, ਜਿਸ ’ਚ ਸਨਮਾਨ ਪੱਤਰ ਅਤੇ ਇਨਾਮੀ ਰਾਸ਼ੀ ਸ਼ਾਮਲ ਹੋਵੇਗੀ। ਆਪਣੇ ਸੰਦੇਸ਼ ’ਚ ਚੌਹਾਨ ਨੇ ਕਿਹਾ ਕਿ ਭਾਰਤ ’ਚ ਹਰ ਸਾਲ ਲਗਭਗ 1.5 ਲੱਖ ਤੋਂ ਵੱਧ ਲੋਕ ਸੜਕ ਹਾਦਸਿਆਂ ਵਿੱਚ ਆਪਣੀ ਜਾਨ ਗੁਆ ਦਿੰਦੇ ਹਨ। ਮਾਹਿਰਾਂ ਅਨੁਸਾਰ, ਜੇਕਰ ਕਿਸੇ ਜ਼ਖਮੀ ਨੂੰ ‘ਗੋਲਡਨ ਆਵਰ’ (ਹਾਦਸੇ ਤੋਂ ਤੁਰੰਤ ਬਾਅਦ ਦਾ ਪਹਿਲੇ ਘੰਟੇ) ’ਚ ਇਲਾਜ ਮਿਲ ਜਾਵੇ ਤਾਂ ਲਗਭਗ 50 ਫੀਸਦੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਤਮਾਸ਼ਬੀਨ ਬਣਨ ਦੀ ਬਜਾਏ ਮਦਦਗਾਰ ਬਣੋ, ਕਿਉਂਕਿ ਕਿਸੇ ਦੀ ਜਾਨ ਬਚਾਉਣਾ ਹੀ ਸਭ ਤੋਂ ਵੱਡਾ ਪੁੰਨ ਅਤੇ ਧਰਮ ਹੈ।

## 92 ਹਜ਼ਾਰ ਬਿਜਲੀ ਦਾ ਬਿੱਲ ! ਸਮਾਰਟ ਮੀਟਰ ਨੇ ਟੈਨਸ਼ਨ ’ਚ ਪਾਇਆ ਹਿਮਾਚਲ ਦਾ ਦੁਕਾਨਦਾਰ

ਨੈਸ਼ਨਲ ਡੈਸਕ 8 ਮਾਰਚ। ਹਿਮਾਚਲ ਪ੍ਰਦੇਸ਼ ਵਿੱਚ ਬਿਜਲੀ ਦੇ ਸਮਾਰਟ ਮੀਟਰਾਂ ਨੂੰ ਲੈ ਕੇ ਵਿਵਾਦ ਹੋਰ ਡੂੰਘਾ ਹੋ ਗਿਆ ਹੈ। ਤਾਜ਼ਾ ਮਾਮਲਾ ਮੰਡੀ ਜ਼ਿਲ੍ਹੇ ਦੇ ਚੈਲ ਚੌਕ ਤੋਂ ਸਾਹਮਣੇ ਆਇਆ ਹੈ, ਜਿੱਥੇ ਇੱਕ ਮੈਡੀਕਲ ਸਟੋਰ ਮਾਲਕ ਨੂੰ ?92,746 ਦਾ ਭਾਰੀ ਬਿਜਲੀ ਬਿੱਲ ਭੇਜਿਆ ਗਿਆ। ਇੰਨਾ ਜ਼ਿਆਦਾ ਬਿੱਲ ਦੇਖ ਕੇ ਮੰਡੀ ਦਾ ਦੁਕਾਨਦਾਰ ਹੈਰਾਨ ਹੋ ਗਿਆ, ਜਿਸ ਨਾਲ ਉਸ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ ਹੋਵੇ। ਇਸ ਬਿੱਲ ਦਾ ਪਤਾ ਲੱਗਣ ’ਤੇ ਪੂਰੇ ਇਲਾਕੇ ਦੇ ਵਪਾਰੀਆਂ ਵਿੱਚ ਦਹਿਸ਼ਤ ਫੈਲ ਗਈ। ਇਸ ਮਾਮਲੇ ਦੇ ਸਬੰਧ ਵਿਚ ਸਤਖਾਨ ਪਿੰਡ ਦੇ ਵਸਨੀਕ ਅਤੇ ਇੱਕ ਮੈਡੀਕਲ ਦੁਕਾਨ ਦੇ ਮਾਲਕ ਸੁਨੀਲ ਕੁਮਾਰ ਨੇ ਕਿਹਾ ਕਿ ਉਹ ਕਈ ਸਾਲਾਂ ਤੋਂ ਆਪਣੀ ਦੁਕਾਨ ਚਲਾ ਰਿਹਾ ਹੈ। ਆਮ ਤੌਰ ’ਤੇ ਉਸਦਾ ਮਹੀਨਾਵਾਰ ਬਿਜਲੀ ਦਾ ਬਿੱਲ ਲਗਭਗ 400 ਰੁਪਏ ਆਉਂਦਾ ਸੀ। ਪਰ ਸਮਾਰਟ ਮੀਟਰ ਲੱਗਣ ਤੋਂ ਬਾਅਦ ਪ੍ਰਾਪਤ ਹੋਏ ਇਸ ਬਿੱਲ ਨੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਸੁਨੀਲ ਦੇ ਅਨੁਸਾਰ, ਉਸਨੂੰ ਸੋਮਵਾਰ ਰਾਤ ਨੂੰ ਬਿੱਲ ਦਾ ਸੁਨੇਹਾ ਮਿਲਿਆ ਅਤੇ ਸਵੇਰੇ ਗੂਗਲ ਪੇ ’ਤੇ ਨੋਟੀਫਿਕੇਸ਼ਨ ਦੇਖ ਕੇ ਉਹ ਹੈਰਾਨ ਰਹਿ ਗਿਆ। ਪ੍ਰਭਾਵਿਤ ਦੁਕਾਨਦਾਰ ਦਾ ਕਹਿਣਾ ਹੈ ਕਿ ਉਸਦੀ ਦੁਕਾਨ ਦੀ ਬਿਜਲੀ ਦੀ ਖਪਤ ਆਮ ਹੈ, ਇਸ ਲਈ ਅਚਾਨਕ ਇੰਨਾ ਵੱਡਾ ਬਿੱਲ ਕਿਵੇਂ ਆ ਗਿਆ, ਇਹ ਸਮਝ ਤੋਂ ਪਰੇ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਬਿਜਲੀ ਵਿਭਾਗ ਤੁਰੰਤ ਬਿੱਲਾਂ ਦੀ ਜਾਂਚ ਕਰੇ ਅਤੇ ਮੀਟਰ ਰੀਡਿੰਗਾਂ ਦੀ ਦੁਬਾਰਾ ਜਾਂਚ ਕਰੇ। ਸਥਾਨਕ ਚੈਂਬਰ ਆਫ਼ ਕਾਮਰਸ ਨੇ ਵੀ ਇਸ ਘਟਨਾ ’ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਜ਼ਿਕਰਯੋਗ ਹੈ ਕਿ ਸਮਾਰਟ ਮੀਟਰ ਲਗਾਉਣ ਤੋਂ ਬਾਅਦ ਅਚਾਨਕ ਬਿੱਲ ਵਧਣ ਦੀਆਂ ਸ਼ਿਕਾਇਤਾਂ ਹਿਮਾਚਲ ਦੇ ਕਈ ਹਿੱਸਿਆਂ ਤੋਂ ਆ ਰਹੀਆਂ ਹਨ। ਕਾਂਗੜਾ ਜ਼ਿਲ੍ਹੇ ਵਿੱਚ, ਭਾਰੀ ਵਿਰੋਧ ਦੇ ਕਾਰਨ ਬਿਜਲੀ ਬੋਰਡ ਨੂੰ ਪਿੱਛੇ ਹਟਣਾ ਪਿਆ, ਜਿੱਥੇ ਪਹਿਲੇ ਪੜਾਅ ਵਿੱਚ ਇਹ ਮੀਟਰ ਸਿਰਫ਼ ਬਿਜਲੀ ਕਰਮਚਾਰੀਆਂ ਦੇ ਘਰਾਂ ਵਿੱਚ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ।

## ਮੁਫ਼ਤ ਰਾਸ਼ਨ ਲੈਣ ਵਾਲਿਆਂ ਲਈ ਅਹਿਮ ਖ਼ਬਰ: ਜਾਰੀ ਹੋਣਗੇ 2 ਲੱਖ ਨਵੇਂ ਰਾਸ਼ਨ ਕਾਰਡ

ਨਵੀਂ ਦਿੱਲੀ 8 ਮਾਰਚ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਸਰਕਾਰ ਦੀ ਪਹਿਲੀ ਵਰ੍ਹੇਗੰਢ ਦੇ ਮੌਕੇ ਜਨਤਾ ਲਈ ਇੱਕ ਵੱਡੀ ਸਹੂਲਤ ਦਾ ਐਲਾਨ ਕੀਤਾ ਹੈ। ਉੱਤਰ-ਪੱਛਮੀ ਦਿੱਲੀ ਲੋਕ ਸਭਾ



ਹਲਕੇ ਵਿੱਚ ਆਯੋਜਿਤ ਇੱਕ ਪ੍ਰੋਗਰਾਮ ਦੌਰਾਨ ਉਨ੍ਹਾਂ ਕਿਹਾ ਕਿ ਦਿੱਲੀ ਸਰਕਾਰ ਇਸ ਸਾਲ 2 ਲੱਖ ਨਵੇਂ ਰਾਸ਼ਨ ਕਾਰਡ ਜਾਰੀ ਕਰਨ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਦਿੱਲੀ ਵਿੱਚ ਨਵੇਂ ਰਾਸ਼ਨ ਕਾਰਡ ਨਹੀਂ ਬਣਾਏ ਗਏ ਸਨ, ਜਿਸ ਕਾਰਨ ਹੁਣ ਇਹ ਕਦਮ ਚੁੱਕਿਆ ਗਿਆ ਹੈ। ਖ਼ੁਰਾਕ ਤੇ ਸਪਲਾਈ ਵਿਭਾਗ ਵੱਲੋਂ ਚਲਾਈ ਗਈ ਜਾਂਚ ਮੁਹਿੰਮ ਦੌਰਾਨ ਸਾਹਮਣੇ ਆਇਆ ਹੈ ਕਿ ਕਈ ਅਜਿਹੇ ਲੋਕ ਰਾਸ਼ਨ ਕਾਰਡ ਦੀ ਵਰਤੋਂ ਕਰ ਰਹੇ ਹਨ, ਜੋ ਇਸ ਦੇ ਯੋਗ ਨਹੀਂ ਹਨ। ਵਿਭਾਗ ਨੇ 2.76 ਲੱਖ ਰਾਸ਼ਨ ਕਾਰਡ ਧਾਰਕਾਂ ਨੂੰ ਨੋਟਿਸ ਜਾਰੀ ਕੀਤੇ ਹਨ। ਅਧਿਕਾਰੀਆਂ ਅਨੁਸਾਰ ਸਰਕਾਰ ਜਲਦੀ ਹੀ ਇਨ੍ਹਾਂ ਅਯੋਗ ਲਾਭਪਾਤਰੀਆਂ ਦੇ ਕਾਰਡ ਰੱਦ ਕਰਨ ਦਾ ਫੈਸਲਾ ਲੈ ਸਕਦੀ ਹੈ। ਜਾਂਚ ਵਿੱਚ ਕੁਝ ਹੈਰਾਨੀਜਨਕ ਤੱਥ ਸਾਹਮਣੇ ਆਏ ਹਨ: ਮੁੱਖ ਮੰਤਰੀ ਨੇ ਸ਼ਾਲੀਮਾਰ ਬਾਗ ਵਿਧਾਨ ਸਭਾ ਹਲਕੇ ਵਿੱਚ ਸੀਵਰ ਲਾਈਨ ਅਤੇ ਸੜਕਾਂ ਦੇ ਕੰਮਾਂ ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਆਪਣੀ ਸਰਕਾਰ ਦੇ ਇੱਕ ਸਾਲ ਦੇ ਸਫ਼ਰ ਨੂੰ ‘ਬਦਹਾਲੀ ਤੋਂ ਬਦਲਾਅ’ ਦੀ ਯਾਤਰਾ ਦੱਸਿਆ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਉੱਤਰ-ਪੱਛਮੀ ਦਿੱਲੀ ਨੂੰ ਅਣਗੌਲਿਆ ਕੀਤਾ ਸੀ, ਪਰ ਭਾਜਪਾ ਸਰਕਾਰ ‘ਅੰਤੋਦਿਆ ਤੋਂ ਗ੍ਰਾਮੋਦਿਆ’ ਦੇ ਟੀਚੇ ਨਾਲ ਕੰਮ ਕਰ ਰਹੀ ਹੈ। ਸੀਐਮ ਰੇਖਾ ਗੁਪਤਾ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਵਿਕਾਸ ਪ੍ਰੋਜੈਕਟਾਂ ਨੂੰ ਮਿਥੇ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਨਾਲ ਪੂਰਾ ਕੀਤਾ ਜਾਵੇ ਤਾਂ ਜੋ ਆਮ ਜਨਤਾ ਨੂੰ ਜਲਦੀ ਸਹੂਲਤ ਮਿਲ ਸਕੇ।

## ਦਿੱਲੀ ਸਰਕਾਰ ਦਾ ਔਰਤਾਂ ਤੇ ਟਰਾਂਸਜੈਂਡਰਾਂ ਨੂੰ ਵੱਡਾ ਤੋਹ.ਫਾ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 8 ਮਾਰਚ। ਦਿੱਲੀ ਦੀ ਸਰਕਾਰ ਲੋਕਾਂ ਦੀਆਂ ਸਹੂਲਤਾਵਾਂ ਨੂੰ ਲੈ ਕੇ ਕਈ ਨਵੀਆਂ ਯੋਜਵਾਨਾਂ ਚਲਾ ਰਹੀ ਹੈ, ਜੋ ਬਹੁਤ ਫ਼ਾਇਦੇਮੰਦ ਸਾਬਿਤ ਹੋ ਰਹੀਆਂ ਹਨ। ਦਿੱਲੀ ਸਰਕਾਰ ਨੇ ਸਹੇਲੀ ਪਿੰਕ ਸਮਾਰਟ ਕਾਰਡ 2026 ਲਾਂਚ ਕਰਕੇ ਔਰਤਾਂ ਅਤੇ ਟ?ਰਾਂਸਜੈਂਡਰ ਯਾਤਰੀਆਂ ਦੇ ਸਫ਼ਰ ਨੂੰ ਹੋਰ ਵੀ ਸੁਖਾਲਾ ਅਤੇ ਹਾਈਟੈੱਕ ਬਣਾ ਦਿੱਤਾ ਹੈ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਲਾਂਚ ਕੀਤੇ ਗਏ ‘ਸਹੇਲੀ ਪਿੰਕ ਸਮਾਰਟ ਕਾਰਡ 2026’ ਦੀ ਵੰਡ ਹੁਣ ਦਿੱਲੀ ਵਿੱਚ ਸ਼ੁਰੂ ਹੋ ਚੁੱਕੀ ਹੈ। ਇਸ ਕਾਰਡ ਦੇ ਆਉਣ ਨਾਲ ਹੁਣ ਪੇਪਰ ਟਿਕਟਾਂ ਦਾ ਝੰਜਟ ਖ਼ਤਮ ਹੋ ਜਾਵੇਗਾ ਅਤੇ ਔਰਤਾਂ ’ਟੈਪ ਐਂਡ ਟ?ਰੈਵਲ’ ਮਾਡਲ ਰਾਹੀਂ ਡਿਜੀਟਲ ਸਫ਼ਰ ਦਾ ਆਨੰਦ ਮਾਣ ਸਕਣਗੀਆਂ। ਦੱਸ ਦੇਈਏ ਕਿ ਇਹ ਦਿੱਲੀ ਵਿੱਚ ਔਰਤਾਂ ਲਈ ਡਿਜੀਟਲ ਯਾਤਰਾ ਵੱਲ ਇੱਕ ਵੱਡਾ ਕਦਮ ਹੈ। ਇਸਦਾ ਟੀਚਾ ਔਰਤਾਂ ਅਤੇ ਟ?ਰਾਂਸਜੈਂਡਰ ਯਾਤਰੀਆਂ ਲਈ ਸੁਰੱਖਿਅਤ, ਸੁਵਿਧਾਜਨਕ ਅਤੇ ਤਕਨੀਕੀ-ਅਨੁਕੂਲ ਆਵਾਜਾਈ ਪ੍ਰਦਾਨ ਕਰਨਾ ਹੈ। ’ਸਹੇਲੀ ਪਿੰਕ ਸਮਾਰਟ ਕਾਰਡ 2026’ ਬੱਸ, ਮੈਟਰੋ ਤੇ RRTS ਸਭ ਥਾਂ ’ਤੇ ਇਸਤੇਮਾਲ ਕੀਤਾ ਜਾ ਸਕਦਾ ਹੈ। ਇਹ ਕਾਰਡ



’ਨੈਸ਼ਨਲ ਕਾਮਨ ਮੋਬਿਲਿਟੀ ਕਾਰਡ’ ਫਰੇਮਵਰਕ ’ਤੇ ਅਧਾਰਿਤ ਹੈ। ਇਸ ਦੀਆਂ ਖ਼ੂਬੀਆਂ ਹੇਠ ਲਿਖੇ ਅਨੁਸਾਰ ਹਨ: ਮੁਫ਼ਤ ਸਫ਼ਰ: ਯੋਗ ਔਰਤਾਂ ਅਤੇ ਟ?ਰਾਂਸਜੈਂਡਰ 4“3 ਅਤੇ ਕਲੱਸਟਰ ਬੱਸਾਂ ਵਿੱਚ ਬਿਲਕੁਲ ਮੁਫ਼ਤ ਸਫ਼ਰ ਕਰ ਸਕਣਗੇ। ਮਲਟੀ-ਯੂਜ਼: ਇਸੇ ਇੱਕ ਕਾਰਡ ਦੀ ਵਰਤੋਂ ਦਿੱਲੀ ਮੈਟਰੋ ਅਤੇ (ਰੇਲਵੇ ਨੈੱਟਵਰਕ) ਵਿੱਚ ਵੀ ਕੀਤੀ ਜਾ ਸਕੇਗੀ। ਸੁਰੱਖਿਆ: ਕਾਰਡ ’ਤੇ ਫੋਟੋ ਅਤੇ ਕੋਡ ਹੋਵੇਗਾ, ਤਾਂ ਜੋ ਇਸ ਦੀ ਦੁਰਵਰਤੋਂ ਨਾ ਹੋ ਸਕੇ। ਸਰਕਾਰ ਵੱਲੋਂ ਤੈਅ ਕੀਤੇ ਗਏ ਮਾਪਦੰਡਾਂ ਅਨੁਸਾਰ ਬਿਨੈਕਾਰ ਦਿੱਲੀ ਦੀ ਸਥਾਈ ਨਿਵਾਸੀ ਔਰਤ ਜਾਂ ਟ?ਰਾਂਸਜੈਂਡਰ ਹੋਣੀ ਚਾਹੀਦੀ ਹੈ। ਘੱਟੋ-ਘੱਟ ਉਮਰ 12 ਸਾਲ ਹੋਣੀ ਲਾਜ਼ਮੀ ਹੈ। ਆਧਾਰ ਕਾਰਡ, ਵੋਟਰ ਆਈਡੀ ਅਤੇ ਦਿੱਲੀ ਦੇ ਰਿਹਾਇਸ਼ੀ ਸਬੂਤ ਦੀ ਲੋੜ ਪਵੇਗੀ। ਦਿੱਲੀ ਸਰਕਾਰ ਨੇ ਇਸ ਕਾਰਡ ਦੀ ਵੰਡ ਲਈ ਪੂਰੀ ਦਿੱਲੀ ਵਿੱਚ 50 ਕੇਂਦਰ ਬਣਾਏ ਹਨ। ਡੀ.ਐੱਮ. ਦਫ਼ਤਰ, ਐੱਸ.ਡੀ.ਐੱਮ. ਦਫ਼ਤਰ ਅਤੇ ਚੋਣਵੇਂ DTC ਡਿਪੂਆਂ ’ਤੇ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਕਾਰਡ ਬਣਾਏ ਜਾ ਰਹੇ ਹਨ। ਆਨਲਾਈਨ: ਤੁਸੀਂ DTC ਦੀ ਅਧਿਕਾਰਤ ਵੈੱਬਸਾਈਟ ਜਾਂ ’ਪਿੰਕ ਸਹੇਲੀ ਪੋਰਟਲ’ ’ਤੇ ਜਾ ਕੇ ਫਾਰਮ ਭਰ ਸਕਦੇ ਹੋ। ਵੈਰੀਫਿਕੇਸ਼ਨ ਤੋਂ ਬਾਅਦ ਕਾਰਡ ਸਿੱਧਾ ਤੁਹਾਡੇ ਘਰ ਭੇਜ ਦਿੱਤਾ ਜਾਵੇਗਾ। ਦਿੱਲੀ ਸਰਕਾਰ ਦਾ ਮੰਨਣਾ ਹੈ ਕਿ ਇਹ ਕਾਰਡ ਔਰਤਾਂ ਨੂੰ ਆਰਥਿਕ ਤੌਰ ’ਤੇ ਮਜ਼ਬੂਤ ਕਰੇਗਾ, ਤਾਂ ਜੋ ਉਹ ਬਿਨਾਂ ਕਿਰਾਏ ਦੀ ਚਿੰਤਾ ਕੀਤੇ ਨੌਕਰੀ, ਕਾਲਜ ਜਾਂ ਹੋਰ ਜ਼ਰੂਰੀ ਕੰਮਾਂ ਲਈ ਸਫ਼ਰ ਕਰ ਸਕਣ। ਇਸ ਨਾਲ ਬੱਸਾਂ ਵਿੱਚ ਲੰਬੀਆਂ ਕਤਾਰਾਂ ਤੋਂ ਵੀ ਮੁਕਤੀ ਮਿਲੇਗੀ।

## ਪੰਜਾਬ ਦੇ ਕਿਸਾਨਾਂ ਲਈ ਖਤਰੇ ਦੀ ਘੰਟੀ, ਗਰਮੀ ਨੇ ਬਦਲਿਆ ਫਸਲਾਂ ਦਾ ਰੰਗ, ਮਾਹਿਰਾਂ ਨੇ ਦਿੱਤੀ ਸਲਾਹ

**ਕੌਮੀ ਪਤ੍ਰਿਕਾ**

ਗੁਰਦਾਸਪੁਰ 8 ਮਾਰਚ। ਫਰਵਰੀ ਦੇ ਅਖ਼ੀਰ ਅਤੇ ਮਾਰਚ ਦੀ ਸ਼ੁਰੂਆਤ ਹੁੰਦੇ ਹੀ ਜ਼ਿਲਾ ਗੁਰਦਾਸਪੁਰ ’ਚ ਮੌਸਮ ਨੇ ਅਚਾਨਕ ਗਰਮੀ ਵਾਲਾ ਰੁੱਖ ਅਖ਼ਤਿਆਰ ਕਰ ਲਿਆ ਹੈ। ਮੌਸਮ ਵਿਭਾਗ ਅਨੁਸਾਰ ਪਿਛਲੇ ਦੋ-ਤਿੰਨ ਦਿਨਾਂ ਤੋਂ ਦਿਨ ਦਾ ਵੱਧ ਤੋਂ ਵੱਧ ਤਾਪਮਾਨ 29 ਤੋਂ 31 ਡਿਗਰੀ ਸੈਲਸੀਅਸ ਤੱਕ ਦਰਜ ਕੀਤਾ ਜਾ ਰਿਹਾ ਹੈ, ਜੋ ਆਮ ਨਾਲੋਂ 3 ਤੋਂ 5 ਡਿਗਰੀ ਵੱਧ ਹੈ। ਰਾਤ ਦਾ ਤਾਪਮਾਨ ਵੀ 13-15 ਡਿਗਰੀ ਦੇ ਆਸ-ਪਾਸ ਰਹਿ ਰਿਹਾ ਹੈ। ਇਸ ਅਚਾਨਕ ਵਾਧੇ ਨੇ ਨਾ ਸਿਰਫ਼ ਲੋਕਾਂ ਨੂੰ ਗਰਮੀ ਦਾ ਅਹਿਸਾਸ ਕਰਵਾ ਦਿੱਤਾ ਹੈ, ਸਗੋਂ ਖੇਤਾਂ ’ਚ ਖੜ੍ਹੀ ਕਣਕ ਦੀ ਫ਼ਸਲ ’ਤੇ ਵੀ ਇਸਦਾ ਅਸਰ ਸਾਫ਼ ਦਿਖਾਈ ਦੇਣਾ ਸ਼ੁਰੂ ਹੋ ਗਿਆ ਹੈ, ਜਿਸ ਕਾਰਨ ਕਿਸਾਨਾਂ ਲਈ ਚਿੰਤਾ ਵੀ ਖੜ੍ਹੀ ਹੋ ਗਈ ਹੈ। ਖੇਤਾਂ ’ਚ ਕਣਕ ਦੇ ਸਿੱਟੇ ਨਿਕਲ ਚੁੱਕੇ ਹਨ ਅਤੇ ਇਸ ਸਮੇਂ ਦਾਣਾ ਭਰਨ ਦੀ ਪ੍ਰਕਿਰਿਆ ਜਾਰੀ ਹੈ। ਪਰੰਤੂ ਤਾਪਮਾਨ ’ਚ ਤੇਜ਼ੀ ਨਾਲ ਹੋ ਰਹੇ ਵਾਧੇ ਕਾਰਨ ਕਣਕ ਦੀ ਫ਼ਸਲ ਦਾ ਹਰਾ ਰੰਗ ਫਰਵਰੀ ਦੇ ਆਖ਼ਰੀ ਹਫ਼ਤੇ ਤੋਂ ਹੀ ਬਦਲਣਾ ਸ਼ੁਰੂ ਹੋ ਗਿਆ ਸੀ, ਜੋ ਮਾਰਚ ਦੇ



ਪਹਿਲੇ ਦਿਨ ਹੋਰ ਵੀ ਸਪੱਸ਼ਟ ਹੋ ਗਿਆ ਹੈ। ਕਈ ਖੇਤਾਂ ’ਚ ਫ਼ਸਲ ਜਲਦੀ ਪੱਕਣ ਵੱਲ ਵਧਦੀ ਨਜ਼ਰ ਆ ਰਹੀ ਹੈ। ਖੇਤੀ ਮਾਹਿਰਾਂ ਅਨੁਸਾਰ ਕਣਕ ਲਈ ਦਾਣਾ ਭਰਨ ਦੇ ਸਮੇਂ 20 ਤੋਂ 25 ਡਿਗਰੀ ਤਾਪਮਾਨ ਸਭ ਤੋਂ ਉਚਿਤ ਮੰਨਿਆ ਜਾਂਦਾ ਹੈ। ਜੇ ਤਾਪਮਾਨ 30 ਡਿਗਰੀ ਤੋਂ ਉੱਪਰ ਚਲਾ ਜਾਵੇ ਤਾਂ ਦਾਣੇ ਦੀ ਭਰਾਈ ਦੀ ਮਿਆਦ ਘੱਟ ਜਾਂਦੀ ਹੈ ਅਤੇ ਦਾਣਾ ਪੂਰੀ ਤਰ੍ਹਾਂ ਵਿਕਸਿਤ ਨਹੀਂ ਹੋ ਸਕਦਾ। ਇਸ ਨਾਲ ਹਜ਼ਾਰ ਦਾਣਿਆਂ ਦਾ ਵਜ਼ਨ ਘਟਦਾ ਹੈ ਅਤੇ ਕੁੱਲ ਪੈਦਾਵਾਰ ’ਤੇ ਸਿੱਧਾ ਅਸਰ ਪੈਂਦਾ ਹੈ। ਮਾਹਿਰਾਂ ਨੇ ਦੱਸਿਆ ਕਿ ਜਿਹੜੀ ਕਣਕ ਅਕਤੂਬਰ ਮਹੀਨੇ ’ਚ ਸਮੇਂ ਸਿਰ ਬੀਜੀ ਗਈ ਸੀ, ਉਹ ਇਸ ਗਰਮੀ ਨੂੰ ਕੁਝ ਹੱਦ ਤੱਕ ਸਹਾਰ ਸਕਦੀ ਹੈ, ਕਿਉਂਕਿ ਉਹ ਆਪਣਾ ਵਿਕਾਸ ਪੂਰਾ ਕਰ ਚੁੱਕੀ ਹੈ। ਪਰ ਜਿਹੜੀ ਫ਼ਸਲ ਨਵੰਬਰ ਦੇ ਅਖ਼ੀਰ ਜਾਂ ਦਸੰਬਰ ’ਚ ਬੀਜੀ ਗਈ ਸੀ, ਉਸ ’ਤੇ ਗਰਮੀ ਦਾ ਅਸਰ ਵੱਧ ਪੈ ਸਕਦਾ ਹੈ। ਜ਼ਿਲਾ ਗੁਰਦਾਸਪੁਰ ’ਚ ਤਕਰੀਬਨ ਪੌਣੇ ਦੋ ਲੱਖ ਹੈਕਟੇਅਰ ਰਕਬੇ ’ਚ ਕਣਕ ਦੀ ਕਾਸ਼ਤ ਕੀਤੀ ਗਈ ਹੈ, ਜਿਸ ਵਿੱਚੋਂ 20 ਫ਼ੀਸਦੀ ਰਕਬਾ ਪਿਛੇਤਾ ਰਿਹਾ ਹੈ। ਖ਼ਾਸ ਕਰਕੇ ਗੰਨੇ ਦੀ ਕਟਾਈ ਤੋਂ ਬਾਅਦ ਬੀਜੀ ਗਈ ਕਣਕ ’ਤੇ ਮੌਜੂਦਾ ਮੌਸਮ ਦੀ ਮਾਰ ਪੈਣ ਦੀ ਸੰਭਾਵਨਾ ਹੈ। ਤਾਪਮਾਨ ’ਚ ਅਚਾਨਕ ਵਾਧੇ ਨਾਲ ਕਣਕ ’ਤੇ ਤੇਲਾ ਜਾਂ ਹੋਰ ਕੀਟਾਂ ਦੇ ਹਮਲੇ ਦਾ ਖ਼ਤਰਾ ਵੀ ਵੱਧ ਸਕਦਾ ਹੈ। ਮਾਹਿਰਾਂ ਨੇ ਕਿਸਾਨਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਖੇਤਾਂ ਦੀ ਨਿਯਮਿਤ ਨਿਗਰਾਨੀ ਕਰਨ ਅਤੇ ਲੋੜ ਪੈਣ ’ਤੇ ਹਲਕੀ ਸਿੰਚਾਈ ਕਰਕੇ ਮਿੱਟੀ ’ਚ ਨਮੀ ਬਰਕਰਾਰ ਰੱਖਣ। ਜੇ ਤਾਪਮਾਨ ਇਸੇ ਤਰ੍ਹਾਂ ਜਾਰੀ ਰਿਹਾ ਤਾਂ ਪੈਦਾਵਾਰ ’ਚ 5 ਤੋਂ 15 ਫ਼ੀਸਦੀ ਤੱਕ ਘਾਟੇ ਦੀ ਸੰਭਾਵਨਾ ਹੈ। ਖੇਤੀ ਵਿਭਾਗ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਘਬਰਾਉਣ ਦੀ ਬਜਾਏ ਸਥਿਤੀ ’ਤੇ ਨਜ਼ਰ ਰੱਖਣ ਅਤੇ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰਦੇ ਰਹਿਣ।

## 10ਵੀਂ ਦੇ ਪੇਪਰ ਦੌਰਾਨ ਵਿਦਿਆਰਥਣ ਨੇ ਦਿੱਤਾ ਬੱਚੇ ਨੂੰ ਜਨਮ, ਸਹਾਇਕ ਕਮਿਸ਼ਨਰ ਵਲੋਂ ਕਾਰਨ ਦੱਸੋ ਨੋਟਿਸ ਜਾਰੀ

ਧਾਰ 8 ਮਾਰਚ। ਮੱਧ ਪ੍ਰਦੇਸ਼ ਦੇ ਧਾਰ ਜ਼ਿਲ੍ਹੇ ਦੇ ਉਦਯੋਗਿਕ ਸ਼ਹਿਰ ਪੀਥਮਪੁਰ ’ਚ ਇਕ ਹੈਰਾਨ ਕਰਨ ਵਾਲਾ



ਮਾਮਲਾ ਸਾਹਮਣੇ ਆਇਆ ਸੀ। ਇੱਥੇ 10ਵੀਂ ਬੋਰਡ ਦੀ ਪ੍ਰੀਖਿਆ ਦੇਣ ਪਹੁੰਚੀ ਇਕ ਨਾਬਾਲਗ ਵਿਦਿਆਰਥਣ ਨੇ ਪ੍ਰੀਖਿਆ ਕੇਂਦਰ ਦੇ ਬਾਥਰੂਮ ’ਚ ਬੱਚੇ ਨੂੰ ਜਨਮ ਦਿੱਤਾ। ਇਸ ਘਟਨਾ ਤੋਂ ਬਾਅਦ ਪ੍ਰਸ਼ਾਸਨਿਕ ਹਲਕਿਆਂ ’ਚ ਹੜਕੰਪ ਮਚ ਗਿਆ ਹੈ। ਜਾਣਕਾਰੀ ਅਨੁਸਾਰ ਇਹ ਘਟਨਾ ਮੰਗਲਵਾਰ ਨੂੰ ਸੇਂਟ ਜਾਰਜ ਹਾਇਰ ਸੈਕੰਡਰੀ ਸਕੂਲ ’ਚ ਗਣਿਤ ਦੇ ਪੇਪਰ ਦੌਰਾਨ ਵਾਪਰੀ। 17 ਸਾਲਾ ਵਿਦਿਆਰਥਣ ਆਮ ਵਾਂਗ ਪ੍ਰੀਖਿਆ ਹਾਲ ’ਚ ਬੈਠ ਕੇ ਪੇਪਰ ਹੱਲ ਕਰ ਰਹੀ ਸੀ ਕਿ ਅਚਾਨਕ ਉਸ ਨੇ ਬਾਥਰੂਮ ਜਾਣ ਦੀ ਇਜਾਜ਼ਤ ਮੰਗੀ। ਜਦੋਂ ਉਹ ਕਰੀਬ 15 ਮਿੰਟ ਤੱਕ ਵਾਪਸ ਨਹੀਂ ਆਈ, ਤਾਂ ਇਕ ਮਹਿਲਾ ਕਰਮਚਾਰੀ ਨੂੰ ਉਸ ਦੀ ਜਾਂਚ ਲਈ ਭੇਜਿਆ ਗਿਆ। ਬਾਥਰੂਮ ਦਾ ਦਰਵਾਜ਼ਾ ਅੰਦਰੋਂ ਬੰਦ ਸੀ ਅਤੇ ਅੰਦਰੋਂ ਬੱਚੇ ਦੇ ਰੋਣ ਦੀ ਆਵਾਜ਼ ਆ ਰਹੀ ਸੀ। ਸਕੂਲ ਪ੍ਰਬੰਧਕਾਂ ਨੇ ਬਿਨਾਂ ਦੇਰੀ ਕੀਤੇ 108 ਐਂਬੂਲੈਂਸ ਬੁਲਾਈ ਅਤੇ ਵਿਦਿਆਰਥਣ ਤੇ ਨਵਜੰਮੇ ਬੱਚੇ ਨੂੰ ਪੀਥਮਪੁਰ ਦੇ ਕਮਿਊਨਿਟੀ ਹੈਲਥ ਸੈਂਟਰ ’ਚ ਦਾਖ਼ਲ ਕਰਵਾਇਆ। ਇਸ ਮਾਮਲੇ ’ਚ ਸੀਨੀਅਰ ਅਧਿਕਾਰੀਆਂ ਨੂੰ ਸਮੇਂ ਸਿਰ ਸੂਚਨਾ ਨਾ ਦੇਣ ਕਾਰਨ ਵਿਭਾਗੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਜਨਜਾਤੀ ਵਿਭਾਗ ਦੇ ਸਹਾਇਕ ਕਮਿਸ਼ਨਰ ਨੇ ਸਰਕਾਰੀ ਕੰਨਿਆ ਸਕੂਲ ਪੀਥਮਪੁਰ ਦੀ ਪ੍ਰਿੰਸੀਪਲ ਕਲਪਨਾ ਭਾਰਗਵ ਅਤੇ ਸਹਾਇਕ ਕੇਂਦਰ ਸੁਪਰਡੈਂਟ ਮੁਕੇਸ਼ ਪਰਮਾਰ ਨੂੰ ‘ਕਾਰਨ ਦੱਸੋ’ ਨੋਟਿਸ ਜਾਰੀ ਕੀਤਾ ਹੈ। ਨੋਟਿਸ ’ਚ ਕਿਹਾ ਗਿਆ ਹੈ ਕਿ ਇਸ ਘਟਨਾ ਨਾਲ ਵਿਭਾਗ ਦਾ ਅਕਸ ਖਰਾਬ ਹੋਇਆ ਹੈ ਅਤੇ ਪ੍ਰਿੰਸੀਪਲ ਨੂੰ ਆਪਣੀਆਂ ਵਿਦਿਆਰਥਣਾਂ ਦੀ ਸਿਹਤ ਸਥਿਤੀ ਬਾਰੇ ਜਾਣਕਾਰੀ ਹੋਣੀ ਚਾਹੀਦੀ ਸੀ। ਬੇਟਮਾ ਥਾਣਾ ਇੰਚਾਰਜ ਮੀਨਾ ਕਰਨਾਵਤ ਨੇ ਦੱਸਿਆ ਕਿ ਇਸ ਮਾਮਲੇ ’ਚ ਕਥਿਤ ਮੁਲਜ਼ਮ ਦੀ ਭਾਲ ਲਈ ਪੁਲਸ ਟੀਮ ਦਾ ਗਠਨ ਕੀਤਾ ਗਿਆ ਹੈ। ਮੁਲਜ਼ਮ ਜੀਵਨ ਜਯੋਤੀ ਕਾਲੋਨੀ ’ਚ ਕਿਰਾਏ ਦੇ ਕਮਰੇ ’ਚ ਰਹਿੰਦਾ ਸੀ, ਪਰ ਫਿਲਹਾਲ ਉਹ ਫਰਾਰ ਹੈ ਅਤੇ ਉਸ ਦੇ ਘਰ ਨੂੰ ਤਾਲਾ ਲੱਗਿਆ ਹੋਇਆ ਹੈ। ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ।

## ਮਾਤਾ ਵੈਸ਼ਨੋ ਦੇਵੀ ਦੀ ਆਰਤੀ ਦੇ ਸਮੇਂ ’ਚ ਬਦਲਾਅ

**ਏਜੰਸੀਆਂ**

ਨੈਸ਼ਨਲ ਡੈਸਕ 8 ਮਾਰਚ। ਸਾਲ ਦੇ ਪਹਿਲੇ ਖੰਡ ਚੰਦਰ ਗ੍ਰਹਿਣ ਦੇ ਮੱਦੇਨਜ਼ਰ ਵਿਸ਼ਵ ਪ੍ਰਸਿੱਧ ਤੀਰਥ ਸਥਾਨ ਮਾਤਾ ਵੈਸ਼ਨੋ ਦੇਵੀ ਭਵਨ ਵਿਖੇ ਹੋਣ ਵਾਲੀ ਦਿਵਯ ਆਰਤੀ ਦੇ ਸਮੇਂ ਵਿੱਚ ਵਿਸ਼ੇਸ਼ ਤਬਦੀਲੀ ਕੀਤੀ ਗਈ ਹੈ। ਗ੍ਰਹਿਣ ਦੇ ਸੂਤਕ ਕਾਲ ਨੂੰ ਧਿਆਨ ਵਿੱਚ ਰੱਖਦਿਆਂ ਮੰਗਲਵਾਰ ਨੂੰ ਹੋਣ ਵਾਲੀ ਸਵੇਰ ਦੀ ਆਰਤੀ ਤੜਕੇ 4:00 ਵਜੇ ਸ਼ੁਰੂ ਹੋਵੇਗੀ ਅਤੇ ਸਵੇਰੇ 6:00 ਵਜੇ ਸੰਪੰਨ ਹੋਵੇਗੀ। ਮਾਤਾ ਵੈਸ਼ਨੋ ਦੇਵੀ ਦੇ ਮੁੱਖ ਪੁਜਾਰੀ ਗੋਪਾਲ ਸ਼ਾਸਤਰੀ ਨੇ ਦੱਸਿਆ ਕਿ ਆਮ ਦਿਨਾਂ ਵਿੱਚ ਸਵੇਰ ਦੀ ਦਿਵਯ ਆਰਤੀ 6:00 ਵਜੇ ਹੁੰਦੀ ਹੈ, ਪਰ ਚੰਦਰ ਗ੍ਰਹਿਣ ਕਾਰਨ ਇਸ ਦਾ ਸਮਾਂ ਬਦਲ ਕੇ 4:00 ਵਜੇ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਚੰਦਰ ਗ੍ਰਹਿਣ ਦੁਪਹਿਰ 3:20 ਵਜੇ ਸ਼ੁਰੂ ਹੋ ਕੇ ਸ਼ਾਮ ਲਗਭਗ 5:45 ਵਜੇ ਸਮਾਪਤ ਹੋਵੇਗਾ। ਧਾਰਮਿਕ ਮਰਿਆਦਾਵਾਂ ਅਨੁਸਾਰ ਸੂਤਕ ਕਾਲ ਸ਼ੁਰੂ ਹੋਣ ਕਾਰਨ ਇਹ ਫੈਸਲਾ ਲਿਆ ਗਿਆ ਹੈ। ਪੁਜਾਰੀ ਅਨੁਸਾਰ, ਗ੍ਰਹਿਣ ਦੌਰਾਨ ਮੰਦਰਾਂ ਵਿੱਚ ਮੂਰਤੀਆਂ ਨੂੰ ਛੂਹਣਾ ਮਨ੍ਹਾ ਹੁੰਦਾ ਹੈ, ਪਰ ਕਿਉਂਕਿ ਮਾਤਾ ਵੈਸ਼ਨੋ ਦੇਵੀ ਦੇ ਦਰਸ਼ਨ ਕੁਝ ਦੂਰੀ ਤੋਂ ਕੀਤੇ ਜਾਂਦੇ ਹਨ, ਇਸ ਲਈ ਸ਼ਰਧਾਲੂਆਂ ਨੂੰ ਕੋਈ ਦਿੱਕਤ ਨਹੀਂ ਆਵੇਗੀ ਅਤੇ ਯਾਤਰਾ ਪਹਿਲਾਂ ਵਾਂਗ ਸੁਚਾਰੂ ਰੂਪ ਵਿੱਚ ਜਾਰੀ ਰਹੇਗੀ। ਭਵਨ ਦੇ ਕਪਾਟ ਸ਼ਰਧਾਲੂਆਂ ਲਈ ਖੁੱਲ੍ਹੇ ਰਹਿਣਗੇ। ਸ਼ਾਮ ਦੀ ਆਰਤੀ ਵੀ ਨਿਰਧਾਰਤ ਸਮੇਂ ਤੋਂ ਦੇਰੀ ਨਾਲ, ਰਾਤ 7:00 ਵਜੇ ਤੋਂ 9:00 ਵਜੇ ਤੱਕ ਹੋਵੇਗੀ। ਹਾਲਾਂਕਿ, ਅਟਕਾ ਸਥਾਨ ’ਤੇ ਹੋਣ ਵਾਲੀ ਆਰਤੀ ਆਮ ਦਿਨਾਂ ਵਾਂਗ ਹੀ ਹੋਵੇਗੀ। ਕਟੜਾ ਦੇ ਹੋਰਨਾਂ ਮੰਦਰਾਂ ਵਿੱਚ ਵੀ ਗ੍ਰਹਿਣ ਕਾਰਨ ਸਵੇਰ ਦੀ ਆਰਤੀ 4:00 ਵਜੇ ਕੀਤੀ ਗਈ ਹੈ। ਗ੍ਰਹਿਣ ਦੀ ਸਮਾਪਤੀ ਤੋਂ ਬਾਅਦ ਮੰਦਰਾਂ ਦੀ ਸ਼ੁੱਧੀ ਕੀਤੀ ਜਾਵੇਗੀ, ਜਿਸ ਤੋਂ ਬਾਅਦ ਸ਼ਾਮ ਦੀ ਆਰਤੀ ਸੰਪੰਨ ਹੋਵੇਗੀ। ਸ਼੍ਰਾਈਨ ਬੋਰਡ ਅਤੇ ਮੰਦਰ ਪ੍ਰਬੰਧਕਾਂ ਨੇ ਦੇਸ਼ ਭਰ ਤੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਹੈ ਕਿ ਉਹ ਬਿਨਾਂ ਕਿਸੇ ਸ਼ੰਕੇ ਦੇ ਆਪਣੀ ਯਾਤਰਾ ਜਾਰੀ ਰੱਖਣ, ਕਿਉਂਕਿ ਦਰਸ਼ਨਾਂ ਦੀ ਵਿਵਸਥਾ ਆਮ ਵਾਂਗ ਰਹੇਗੀ।

## ਮਨਰੇਗਾ ਘੁਟਾਲਿਆਂ ‘ਤੇ ਚੁੱਪੀ ਨੇ ਕਾਂਗਰਸ ਦੀ ਨੀਅਤ ਕੀਤੀ ਬੇਨਕਾਬ : ਢਿੱਲੋਂ

**ਕੌਮੀ ਪਤ੍ਰਿਕਾ**

ਚੰਡੀਗੜ੍ਹ 8 ਮਾਰਚ। ਬਰਨਾਲਾ ਵਿੱਚ ਹੋਈ ਕਾਂਗਰਸ ਰੈਲੀ ਦੌਰਾਨ ਕਿਸਾਨਾਂ ਅਤੇ ਮਨਰੇਗਾ ਅਧੀਨ ਮਜ਼ਦੂਰਾਂ ਨਾਲ ਜੁੜੇ ਮੁੱਦਿਆਂ ‘ਤੇ ਚੁੱਪੀ ਸਾਧਣ ਨੂੰ ਲੈ ਕੇ ਪੰਜਾਬ ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਾਂਗਰਸ ‘ਤੇ ਤਿੱਖਾ ਨਿਸ਼ਾਨਾ ਸਾਧਿਆ ਹੈ। ਪੰਜਾਬ ਭਾਜਪਾ ਦੇ ਸਟੇਟ ਮੀਡੀਆ ਹੈੱਡ ਵਿਨੀਤ ਜੋਸ਼ੀ ਦੀ ਹਾਜ਼ਰੀ ’ਚ ਉਨ੍ਹਾਂ ਦੋਸ਼ ਲਾਇਆ ਕਿ ਰਾਹੁਲ ਗਾਂਧੀ ਵੱਲੋਂ ਪੰਜਾਬ ਚ ਮਜ਼ਦੂਰਾਂ ਨਾਲ ਹੋਏ ਮਨਰੇਗਾ ਤਹਿਤ ਹਜ਼ਾਰਾਂ ਕਰੋੜ ਦੇ ਘੁਟਾਲਿਆਂ ਜਾਂ ਕਿਸਾਨੀ ਸੰਕਟ ਦਾ ਕੋਈ ਜ਼ਿਕਰ ਨਾ ਕਰਨਾ ਇਹ ਸਪੱਸ਼ਟ ਕਰਦਾ ਹੈ ਕਿ ਪੰਜਾਬ ਵਿੱਚ ਕਾਂਗਰਸ ਆਮ ਆਦਮੀ ਪਾਰਟੀ ਦੀ ‘ਬੀ ਟੀਮ’ ਵਜੋਂ ਕੰਮ ਕਰ ਰਹੀ ਹੈ। ਇਹ ਗੱਲ ਉਨ੍ਹਾਂ ਅੱਜ ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਹੀ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚ ਮਨਰੇਗਾ ਯੋਜਨਾ ਤਹਿਤ ਮਜ਼ਦੂਰਾਂ ਨਾਲ ਵੱਡੇ ਪੱਧਰ ‘ਤੇ ਬੇਨਿਯਮੀਆਂ ਹੋਈਆਂ ਹਨ ਅਤੇ ਹਜ਼ਾਰਾਂ ਕਰੋੜ ਰੁਪਏ ਦੇ ਘੁਟਾਲਿਆਂ ਦੇ ਦੋਸ਼ ਲੱਗਦੇ ਰਹੇ ਹਨ, ਪਰ ਬਰਨਾਲਾ ਰੈਲੀ ਦੌਰਾਨ ਕਾਂਗਰਸ ਨੇ ਨਾ ਤਾਂ ਮਜ਼ਦੂਰਾਂ ਦੀ ਬਕਾਇਆ ਦਿਹਾੜੀ ਦਾ ਮੁੱਦਾ ਚੁੱਕਿਆ ਅਤੇ ਨਾ ਹੀ ਕਿਸਾਨਾਂ ਦੀਆਂ ਸਮੱਸਿਆਵਾਂ ਬਾਰੇ ਕੋਈ ਸਪੱਸ਼ਟ




ਰਣਨੀਤੀ ਪੇਸ਼ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੱਖਾਂ ਮਜ਼ਦੂਰਾਂ ਨੂੰ ਮਨਰੇਗਾ ਤਹਿਤ ਬਣਦੇ ਰੋਜ਼ਗਾਰ ਦੇ 100 ਦਿਨ ਨਹੀਂ ਮਿਲੇ, ਜਿਸ ਕਾਰਨ ਪਿੰਡਾਂ ਦੀ ਆਰਥਿਕਤਾ ਪ੍ਰਭਾਵਿਤ ਹੋਈ ਹੈ। ਢਿੱਲੋਂ ਨੇ ਦੋਸ਼ ਲਾਇਆ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੋਵੇਂ ਹੀ ਇਸ ਮਾਮਲੇ ‘ਤੇ ਚੁੱਪ ਰਹੀਆਂ ਹਨ, ਜਿਸ ਨਾਲ ਇਹ ਸਾਬਤ ਹੁੰਦਾ ਹੈ ਕਿ ਦੋਵੇਂ ਪਾਰਟੀਆਂ ਇਕ ਦੂਜੇ ਨੂੰ ਸਿਆਸੀ ਲਾਭ ਪਹੁੰਚਾਉਣ ਲਈ ਕੰਮ ਕਰ ਰਹੀਆਂ ਹਨ। ਇਸ ਮੌਕੇ ਉਨ੍ਹਾਂ ਕੇਂਦਰ ਸਰਕਾਰ ਦੀ ‘ਵਿਕਸਿਤ ਭਾਰਤ ਜੀ-ਰਾਮ ਜੀ’ ਯੋਜਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਭਾਜਪਾ ਸਰਕਾਰ ਵੱਲੋਂ ਮਨਰੇਗਾ ਵਿੱਚ ਸੁਧਾਰ ਕਰਕੇ ਮਜ਼ਦੂਰਾਂ ਲਈ ਰੋਜ਼ਗਾਰ ਗਰੰਟੀ 100 ਦਿਨਾਂ ਤੋਂ ਵਧਾ ਕੇ 125 ਦਿਨ ਕੀਤੀ ਗਈ ਹੈ। ਦੇਸ਼ ਦੀ ਅਰਥਵਿਵਸਥਾ ਬਾਰੇ ਗੱਲ ਕਰਦਿਆਂ ਢਿੱਲੋਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੁਨੀਆ ਦੀ ਚੌਥੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਚੁੱਕਾ ਹੈ ਅਤੇ 2047 ਤੱਕ ਦੇਸ਼ ਨੂੰ ਵਿਸ਼ਵ ਦੀ ਅਗੇਤਰੀ ਅਰਥਵਿਵਸਥਾ ਬਣਾਉਣ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਵਿਜ਼ਨ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਭਾਰਤ ਦੀ ਅਰਥਵਿਵਸਥਾ 21 ਤੋਂ 30 ਟ੍ਰਿਲੀਅਨ ਡਾਲਰ ਤੱਕ ਪਹੁੰਚੇ। ਉਨ੍ਹਾਂ ਦਾਅਵਾ ਕੀਤਾ ਕਿ ਵਿਦੇਸ਼ੀ ਵਪਾਰ ਸਮਝੌਤਿਆਂ ਅਤੇ ਨਿਵੇਸ਼ ਨਾਲ ਦੇਸ਼ ਵਿੱਚ ਉਦਯੋਗਿਕ ਵਿਕਾਸ ਨੂੰ ਬਲ ਮਿਲ ਰਿਹਾ ਹੈ, ਜਿਸ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਭਾਜਪਾ ਦਾ ਮਕਸਦ ਦੇਸ਼ ਅਤੇ ਪੰਜਾਬ ਦੇ ਮਜ਼ਦੂਰਾਂ, ਕਿਸਾਨਾਂ ਅਤੇ ਨੌਜਵਾਨਾਂ ਨੂੰ ਆਰਥਿਕ ਤੌਰ ‘ਤੇ ਮਜ਼ਬੂਤ ਬਣਾਉਣਾ ਹੈ, ਜਦਕਿ ਵਿਰੋਧੀ ਪਾਰਟੀਆਂ ਸਿਰਫ ਸਿਆਸੀ ਦੋਸ਼ਾਰੋਪਣ ਤੱਕ ਸੀਮਿਤ ਰਹੀਆਂ ਹਨ।